9-JAN-PAGE-1.qxd 1/8/2024 10:34 PM Page 1

ਮੰਗਲਵਾਰ, 9 ਜਨਵਰੀ, 2024

25 ਪੋਹ { ਨਾਨਕਸ਼ਾਹੀ 555 / ਬਿਕਰਮੀ 2080

ਜਿਲਦ/VOL. : 72

ਅੰਕ/NO. : 220

# ਨਵਾਂ ਜ਼ਮਾਨਾ

DAILY NAWAN ZAMANA • TUESDAY, 9 JANUARY, 2024

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਇਨ੍ਹਾਂ ਬਲਾਤਕਾਰੀਆਂ ਨੂੰ ਫਿਰ ਅੰਦਰ ਡੱਕੋ

## ਬਿਲਕਿਸ ਕਾਂਡ ਦੇ 11 ਦੋਸ਼ੀਆਂ ਦੀ ਫਰਾਡ ਨਾਲ ਸਜ਼ਾ ਘਟਾਉਣ 'ਤੇ ਸੁਪਰੀਮ ਕੋਰਟ ਵੱਲੋਂ ਗੁਜਰਾਤ ਸਰਕਾਰ ਦੀ ਖਿਚਾਈ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਗੁਜਰਾਤ 'ਚ 2002 'ਚ ਹੋਏ ਦੰਗਿਆਂ ਦੌਰਾਨ ਬਿਲਕਿਸ ਬਾਨੋ ਨਾਲ ਸਮੂਹਕ ਬਲਾਤਕਾਰ ਅਤੇ ਉਸ ਦੇ ਪਰਵਾਰ ਦੇ 7 ਮੈਂਬਰਾਂ ਦੀ ਹੱਤਿਆ ਦੇ ਮਾਮਲੇ 'ਚ 11 ਦੋਸ਼ੀਆਂ ਨੂੰ ਸਜ਼ਾ ਤੋਂ ਛੋਟ ਦੇਣ ਦੇ ਗੁਜਰਾਤ ਸਰਕਾਰ ਦੇ ਫੈਸਲੇ ਨੂੰ ਸੋਮਵਾਰ ਰੱਦ ਕਰਦਿਆਂ ਕਿਹਾ ਕਿ ਇਹ ਹੁਕਮ ਬੜਾ ਬੇਕਾਰ ਜਿਹਾ ਸੀ ਅਤੇ ਬਿਨਾਂ ਸੋਚੇ-ਸਮਝੇ ਦਿੱਤਾ ਗਿਆ ਸੀ।




ਜਸਟਿਸ ਬੀਵੀ ਨਾਗਰਤਨਾ ਅਤੇ ਜਸਟਿਸ ਉਜਵਲ ਭੂਈਆਂ ਦੀ ਬੈਂਚ ਨੇ ਦੋਸ਼ੀਆਂ ਨੂੰ ਦੋ ਹਫਤਿਆਂ ਦੇ ਅੰਦਰ ਜੇਲ੍ਹ ਅਧਿਕਾਰੀਆਂ ਦੇ ਸਾਹਮਣੇ ਆਤਮਸਮਰਪਣ ਕਰਨ ਦਾ ਵੀ ਨਿਰਦੇਸ਼ ਦਿੱਤਾ ਹੈ। ਸਜ਼ਾ ਦੇ ਤਬਾਦਲੇ ਨੂੰ ਚੁਣੌਤੀ ਦੇਣ ਵਾਲੀਆਂ ਜਨਹਿੱਤ ਪਟੀਸ਼ਨਾਂ ਨੂੰ ਸੁਣਵਾਈਯੋਗ ਕਰਾਰ ਦਿੰਦੇ ਹੋਏ ਬੈਂਚ ਨੇ ਕਿਹਾ ਕਿ ਗੁਜਰਾਤ ਸਰਕਾਰ ਸਜ਼ਾ ਨੂੰ ਬਦਲਣ ਦਾ ਹੁਕਮ ਦੇਣ ਲਈ ਢੁਕਵੀਂ ਨਹੀਂ ਹੈ। ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ ਇੱਕ ਰਾਜ, ਜਿਸ 'ਚ ਅਪਰਾਧੀ ਦਾ ਮੁਕੱਦਮਾ ਚਲਾਇਆ ਜਾਂਦਾ ਹੈ ਅਤੇ ਸਜ਼ਾ ਸੁਣਾਈ ਜਾਂਦੀ ਹੈ, ਉਹ ਹੀ ਦੋਸ਼ੀ ਦੀ ਮੁਆਫੀ ਦੀ ਪਟੀਸ਼ਨ 'ਤੇ ਫੈਸਲਾ ਕਰਨ ਲਈ ਸਮਰੱਥ ਹੈ। ਦੋਸ਼ੀਆਂ ਖਿਆਫ ਮਹਾਰਾਸ਼ਟਰ 'ਚ ਮੁਕੱਦਮਾ ਚੱਲਿਆ ਸੀ।

ਬੈਂਚ ਨੇ ਮਈ 2022 ਵਿਚ ਜਸਟਿਸ ਅਜੈ ਰਸਤੋਗੀ (ਰਿਟਾਇਰਡ) ਦੇ ਉਸ ਫੈਸਲੇ ਨੂੰ ਵੀ ਰੱਦ ਕਰ ਦਿੱਤਾ, ਜਿਸ ਵਿਚ 11 ਦੋਸ਼ੀਆਂ ਨੂੰ ਗੁਜਰਾਤ ਸਰਕਾਰ ਤੋਂ ਛੇਤੀ ਮੁਆਫੀ ਲਈ ਅਪੀਲ ਕਰਨ ਦੀ ਆਗਿਆ ਦਿੱਤੀ ਗਈ ਸੀ। ਗੁਜਰਾਤ ਸਰਕਾਰ ਨੇ ਉਨ੍ਹਾਂ ਨੂੰ 15 ਅਗਸਤ 2022 ਨੂੰ ਰਿਹਾਅ ਕਰ ਦਿੱਤਾ ਸੀ।

ਬਿਲਕਿਸ ਕਾਂਡ ਦੇ 11 ਦੋਸ਼ੀਆਂ ਦੀ ਰਿਹਾਈ ਖਿਲਾਫ 30 ਨਵੰਬਰ 2022 ਨੂੰ ਸੁਪਰੀਮ ਕੋਰਟ ਵਿਚ ਦੋ ਪਟੀਸ਼ਨਾਂ ਦਾਖਲ ਕੀਤੀਆਂ ਗਈਆਂ ਸਨ। ਪਹਿਲੀ ਵਿਚ 11 ਦੋਸ਼ੀਆਂ ਨੂੰ ਤੁਰੰਤ ਵਾਪਸ ਜੇਲ੍ਹ ਭੇਜਣ ਦੀ ਮੰਗ ਕੀਤੀ ਗਈ ਸੀ ਤੇ ਦੂਜੀ ਵਿਚ ਸੁਪਰੀਮ ਕੋਰਟ ਦੇ ਮਈ ਦੇ ਆਦੇਸ਼ 'ਤੇ ਨਜ਼ਰਸਾਨੀ ਕਰਨ ਦੀ ਮੰਗ ਕੀਤੀ ਗਈ ਸੀ। ਕੋਰਟ ਨੇ ਕਿਹਾ ਸੀ ਕਿ ਦੋਸ਼ੀਆਂ ਦੀ ਰਿਹਾਈ ਦਾ ਫੈਸਲਾ ਗੁਜਰਾਤ ਸਰਕਾਰ ਕਰੇਗੀ। ਬਿਲਕਿਸ ਨੇ ਕਿਹਾ ਕਿ ਜਦ ਮੁਕੱਦਮਾ ਮਹਾਰਾਸ਼ਟਰ ਵਿਚ ਚੱਲਿਆ ਤਾਂ ਫਿਰ ਗੁਜਰਾਤ ਸਰਕਾਰ ਕਿਵੇਂ ਫੈਸਲਾ ਕਰ ਸਕਦੀ ਹੈ? ਕੇਸ ਦੀ ਸਾਰੇ 11 ਦੋਸ਼ੀ ਆਜ਼ਾਦੀ ਦੇ ਅੰਮ੍ਰਿਤ ਮਹਾਉਤਸਵ ਦੇ ਤਹਿਤ ਰਿਹਾਅ ਕੀਤੇ ਗਏ ਸਨ। ਕੋਰਟ ਵਿਚ ਸੁਣਵਾਈ ਦੌਰਾਨ ਜਸਟਿਸ ਨਾਗਰਤਨਾ ਨੇ ਕਿਹਾ ਸੀ ਕਿ ਸਜ਼ਾ ਬਦਲੇ ਲਈ ਨਹੀਂ, ਸਗੋਂ ਸੁਧਾਰ ਲਈ ਦਿੱਤੀ ਜਾਂਦੀ ਹੈ। ਕਿਊਰੇਟਿਵ ਥਿਊਰੀ ਵਿਚ ਸਜ਼ਾ ਦੀ ਤੁਲਨਾ ਦਵਾਈ ਨਾਲ ਕੀਤੀ ਜਾਂਦੀ ਹੈ, ਜੇ ਕਿਸੇ ਅਪਰਾਧੀ ਦਾ ਇਲਾਜ ਸੰਭਵ ਹੈ ਤਾਂ ਉਸ ਨੂੰ ਰਿਹਾਅ ਕਰ ਦਿੱਤਾ ਜਾਣਾ ਚਾਹੀਦਾ ਹੈ। ਇਹ ਸੁਧਾਰਾਤਮਕ ਸਿਧਾਂਤ ਦਾ ਆਧਾਰ ਹੈ। ਪਰ ਪੀੜਤ ਦੇ ਅਧਿਕਾਰ ਵੀ ਅਹਿਮ ਹਨ। ਨਾਰੀ ਸਨਮਾਨ ਦੀ ਪਾਤਰ ਹੈ। ਕੀ ਮਹਿਲਾਵਾਂ ਖਿਲਾਫ ਘਿਨਾਉਣੇ ਅਪਰਾਧਾਂ ਵਿਚ ਛੋਟ ਦਿੱਤੀ ਜਾ ਸਕਦੀ ਹੈ? ਇਹ ਉਹ ਮੁੱਦੇ ਹਨ, ਜਿਹੜੇ ਉਠਦੇ ਹਨ। ਬੈਂਚ ਨੇ ਕਿਹਾ ਕਿ ਉਹ ਸਮਝਣ ਵਿਚ ਨਾਕਾਮ ਰਹੀ ਹੈ ਕਿ ਗੁਜਰਾਤ ਸਰਕਾਰ ਨੇ ਸੁਪਰੀਮ ਕੋਰਟ ਦੇ 13 ਮਈ 2022 ਦੇ ਹੁਕਮ ਵਿਰੁੱਧ ਨਜ਼ਰਸਾਨੀ ਪਟੀਸ਼ਨ ਕਿਉਂ ਨਹੀਂ ਪਾਈ, ਜਿਸ ਵਿਚ ਕਿਹਾ ਗਿਆ ਸੀ ਕਿ ਗੁਜਰਾਤ ਸਰਕਾਰ ਸੂਬੇ ਦੀ 9 ਜੁਲਾਈ 1992 ਦੀ ਪਾਲਿਸੀ ਤਹਿਤ ਸਮੇਂ ਤੋਂ ਪਹਿਲਾਂ ਛੱਡਣ ਦੀ ਇਕ ਮੁਲਜ਼ਮ ਦੀ ਅਪੀਲ 'ਤੇ ਵਿਚਾਰ ਕਰੇ। ਗੁਜਰਾਤ ਸਰਕਾਰ ਨੇ 1992 ਵਿਚ ਇਹ ਨੀਤੀ ਬਣਾਈ ਸੀ ਕਿ ਜਿਨ੍ਹਾਂ 14 ਸਾਲ ਦੀ ਕੈਦ ਭੁਗਤ ਚੁੱਕੀ ਹੈ, ਉਨ੍ਹਾਂ ਨੂੰ ਜੇਲ੍ਹ ਸਲਾਹਕਾਰ ਬੋਰਡ ਦੀ ਸਲਾਹ 'ਤੇ ਰਿਹਾਅ ਕਰਨ ਬਾਰੇ ਵਿਚਾਰ ਕੀਤਾ ਜਾ ਸਕਦਾ ਹੈ। ਸੁਪਰੀਮ ਕੋਰਟ ਦੇ 13 ਮਈ 2022 ਦੇ ਹੁਕਮ ਦਾ ਫਾਇਦਾ ਉਠਾਉਂਦਿਆਂ ਹੋਰਨਾਂ ਮੁਲਜ਼ਮਾਂ ਨੇ ਵੀ ਅਰਜ਼ੀਆਂ ਦੇ ਦਿੱਤੀਆਂ ਅਤੇ ਗੁਜਰਾਤ ਸਰਕਾਰ ਨੇ ਉਨ੍ਹਾਂ ਨੂੰ ਛੱਡ ਦਿੱਤਾ। ਬੈਂਚ ਨੇ ਕਿਹਾ ਕਿ ਗੁਜਰਾਤ ਸਰਕਾਰ ਮੁਦਾਇਲਾ ਨੰਬਰ ਤਿੰਨ (ਰਾਧੇਸ਼ਿਆਮ ਸ਼ਾਹ) ਨਾਲ ਰਲੀ ਹੋਈ ਸੀ। ਤੱਥ ਲੁਕੋ ਕੇ ਸੁਪਰੀਮ ਕੋਰਟ ਨੂੰ ਗੁੰਮਰਾਹ ਕੀਤਾ ਗਿਆ। ਗੁਜਰਾਤ ਸਰਕਾਰ ਨੇ ਦੋਸ਼ੀਆਂ ਨੂੰ ਛੱਡਣ ਲਈ ਆਪਣੀ ਸ਼ਕਤੀ ਦੀ ਦੁਰਵਰਤੋਂ ਕੀਤੀ। ਬੈਂਚ ਨੇ ਸੁਪਰੀਮ ਕੋਰਟ ਦੀ ਦੂਜੀ ਬੈਂਚ ਵੱਲੋਂ 13 ਮਈ 2022 ਨੂੰ ਪਾਸ ਕੀਤੇ ਹੁਕਮ ਨੂੰ ਵੀ ਰੱਦ ਕਰ ਦਿੱਤਾ, ਜਿਹੜਾ ਤੱਥ ਲੁਕੋ ਕੇ ਕੋਰਟ ਨਾਲ ਫਰਾਡ ਕਰਕੇ ਹਾਸਲ ਕੀਤਾ ਗਿਆ ਸੀ। ਗੁਜਰਾਤ ਦੇ ਗੋਧਰਾ ਕਾਂਡ ਦੇ ਬਾਅਦ 3 ਮਾਰਚ 2002 ਨੂੰ ਦੰਗੇ ਭੜਕ ਗਏ ਸਨ। ਦਾਹੋਦ ਜ਼ਿਲ੍ਹੇ ਦੀ ਲਿਮਖੇੜਾ ਤਹਿਸੀਲ ਦੇ ਰੰਧਿਕਪੁਰ ਪਿੰਡ ਵਿਚ ਭੀੜ ਨੇ ਬਿਲਕਿਸ ਬਾਨੋ ਦੇ ਘਰ 'ਤੇ ਧਾਵਾ ਬੋਲ ਦਿੱਤਾ। ਬਿਲਕਿਸ ਆਪਣੇ ਪਰਵਾਰ ਨਾਲ ਖੇਤ ਵਿਚ ਲੁਕ ਗਈ ਸੀ। ਉਦੋਂ ਉਸ ਦੀ ਉਮਰ 21 ਸਾਲ ਸੀ ਤੇ ਉਹ 5 ਮਹੀਨੇ ਦੀ ਗਰਭਵਤੀ ਸੀ। ਦੰਗਾਈਆਂ ਨੇ ਬਿਲਕਿਸ ਨੂੰ ਫੜ ਕੇ ਗੈਂਗਰੇਪ ਕੀਤਾ। ਉਸ ਦੀ ਮਾਂ ਤੇ ਤਿੰਨ ਹੋਰ ਮਹਿਲਾਵਾਂ ਨਾਲ ਵੀ ਰੇਪ ਕੀਤਾ। ਇਸ ਹਮਲੇ ਵਿਚ ਬਿਲਕਿਸ ਦੇ ਪਰਵਾਰ ਦੇ 17 ਜੀਆਂ ਵਿੱਚੋਂ 7 ਨੂੰ ਮਾਰ ਦਿੱਤਾ ਗਿਆ। ਛੇ ਲਾਪਤਾ ਪਾਏ ਗਏ, ਜਿਹੜੇ ਕਦੇ ਨਹੀਂ ਮਿਲੇ। ਹਮਲੇ ਵਿਚ ਸਿਰਫ ਬਿਲਕਿਸ, ਇਕ ਸ਼ਖਸ ਤੇ ਤਿੰਨ ਸਾਲ ਦਾ ਬੱਚਾ ਹੀ ਬਚੇ ਸਨ। ਗੈਂਗਰੇਪ ਦੇ ਮੁਲਜ਼ਮਾਂ ਨੂੰ 2004 ਵਿਚ ਗ੍ਰਿਫਤਾਰ ਕੀਤਾ ਗਿਆ ਸੀ।

ਜਨਵਰੀ 2008 ਵਿਚ ਸੀ ਬੀ ਆਈ ਦੀ ਸਪੈਸ਼ਲ ਕੋਰਟ ਨੇ 11 ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਬੰਬੇ ਹਾਈ ਕੋਰਟ ਨੇ ਸਜ਼ਾ ਬਰਕਰਾਰ ਰੱਖੀ। ਦੋਸ਼ੀਆਂ ਨੂੰ ਪਹਿਲਾਂ ਮੁੰਬਈ ਤੇ ਫਿਰ ਨਾਸਿਕ ਜੇਲ੍ਹ ਵਿਚ ਰੱਖਿਆ ਗਿਆ ਅਤੇ ਕਰੀਬ 9 ਸਾਲ ਬਾਅਦ ਗੋਧਰਾ ਦੀ ਸਬ ਜੇਲ੍ਹ ਵਿਚ ਭੇਜ ਦਿੱਤਾ ਗਿਆ ਸੀ। ਇਸ ਕੇਸ ਵਿਚ ਬਸ ਦੋ ਹੀ ਜ਼ਿੰਦਾ ਕਿਰਦਾਰ ਹਨ। ਇਕ ਬਿਲਕਿਸ ਤੇ ਦੂਜਾ ਘਟਨਾ ਵੇਲੇ ਬਚਿਆ 7 ਸਾਲ ਦਾ ਬੱਚਾ ਸੱਦਾਮ। ਸੱਦਾਮ ਨੇ ਅਖੀਰ ਤੱਕ ਬਿਲਕਿਸ ਦਾ ਸਾਥ ਦਿੱਤਾ।

ਪ੍ਰਿਅੰਕਾ ਗਾਂਧੀ ਨੇ ਕਿਹਾ ਹੈ ਕਿ ਸੁਪਰੀਮ ਕੋਰਟ ਦੇ ਫੈਸਲੇ ਨਾਲ ਭਾਜਪਾ ਦੀਆਂ ਮਹਿਲਾ ਵਿਰੋਧੀ ਨੀਤੀਆਂ ਤੋਂ ਪਰਦਾ ਹਟ ਗਿਆ ਹੈ। ਬਹਾਦਰੀ ਨਾਲ ਆਪਣੀ ਲੜਾਈ ਲੜਨ ਜਾਰੀ ਰੱਖਣ ਵਾਲੀ ਬਿਲਕਿਸ ਨੂੰ ਵਧਾਈ।

ਰਾਹੁਲ ਗਾਂਧੀ ਨੇ ਕਿਹਾ ਕਿ ਚੋਣ ਫਾਇਦੇ ਲਈ ਨਿਆਂ ਦੀ ਹੱਤਿਆ ਦਾ ਰੁਝਾਨ ਜਮਹੂਰੀ ਵਿਵਸਥਾ ਲਈ ਖਤਰਨਾਕ ਹੈ। ਸੁਪਰੀਮ ਕੋਰਟ ਦੇ ਫੈਸਲੇ ਨੇ ਦੇਸ਼ ਨੂੰ ਫਿਰ ਦੱਸ ਦਿੱਤਾ ਹੈ ਕਿ ਅਪਰਾਧੀਆਂ ਦੀ ਸਰਪ੍ਰਸਤ ਕੌਣ ਹੈ।

# ਕਾਂਗਰਸ ਤੇ 'ਆਪ' ਲੋਕ ਸਭਾ ਚੋਣਾਂ ਰਲ ਕੇ ਲੜਨਗੇ



**ਨਵੀਂ ਦਿੱਲੀ** : ਕਾਂਗਰਸ ਨੇਤਾ ਮੁਕੁਲ ਵਾਸਨਿਕ ਨੇ ਸੋਮਵਾਰ ਇੱਥੇ ਆਮ ਆਦਮੀ ਪਾਰਟੀ ਦੇ ਨੇਤਾਵਾਂ ਨਾਲ ਗੱਲਬਾਤ ਤੋਂ ਬਾਅਦ ਕਿਹਾ ਕਿ ਦੋਵੇਂ ਪਾਰਟੀਆਂ ਸੀਟਾਂ ਦੀ ਵੰਡ 'ਤੇ ਆਖਰੀ ਫੈਸਲਾ ਕਰਨ ਲਈ ਇਕ ਵਾਰ ਫੇਰ ਮੀਟਿੰਗ ਕਰਨਗੀਆਂ। ਉਨ੍ਹਾ ਨਾਲ ਹੀ ਸਪੱਸ਼ਟ ਕੀਤਾ ਕਿ ਦੋਵੇਂ ਪਾਰਟੀਆਂ ਲੋਕ ਸਭਾ ਚੋਣਾਂ ਰਲ ਕੇ ਲੜਨਗੀਆਂ। ਕਾਂਗਰਸ ਨੇਤਾ ਨੇ ਕਿਹਾ-ਅਸੀਂ ਆਉਣ ਵਾਲੀਆਂ ਚੋਣਾਂ ਲਈ ਕਈ ਮੁੱਦਿਆਂ 'ਤੇ ਮੀਟਿੰਗ ਕੀਤੀ। ਗੱਲਬਾਤ ਅੱਗੇ ਚੱਲੇਗੀ ਅਤੇ ਅਸੀਂ ਦੁਬਾਰਾ ਮਿਲਾਂਗੇ। ਉਦੋਂ ਅਸੀਂ ਸੀਟਾਂ ਦੀ ਵੰਡ 'ਤੇ ਅੰਤਿਮ ਫੈਸਲਾ ਕਰਾਂਗੇ। ਹਰ ਗੱਲ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਅਸੀਂ ਇਕੱਠੇ ਚੋਣ ਲੜਾਂਗੇ ਤੇ ਭਾਜਪਾ ਨੂੰ ਮੂੰਹਤੋੜ ਜਵਾਬ ਦੇਵਾਂਗੇ। 'ਆਪ' ਦੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਅਤੇ ਦਿੱਲੀ ਦੇ ਕੈਬਨਿਟ ਮੰਤਰੀ ਆਤਿਸ਼ੀ ਤੇ ਸੌਰਭ ਭਾਰਦਵਾਜ ਨੇ ਬੈਠਕ 'ਚ ਸ਼ਿਰਕਤ ਕੀਤੀ। ਇਸ ਮੌਕੇ ਰਾਜਸਥਾਨ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਗਹਿਲੋਤ, ਵਾਸਨਿਕ, ਦਿੱਲੀ ਕਾਂਗਰਸ ਦੇ ਪ੍ਰਧਾਨ ਅਰਵਿੰਦਰ ਸਿੰਘ ਲਵਲੀ ਅਤੇ ਪਾਰਟੀ ਦੇ ਸੀਨੀਅਰ ਆਗੂ ਸਲਮਾਨ ਖੁਰਸ਼ੀਦ ਤੇ ਮੋਹਨ ਪ੍ਰਕਾਸ਼ ਮੌਜੂਦ ਸਨ।

## ਤਾਨਾਸ਼ਾਹੀ ਬਹੁਤੀ ਨਹੀਂ ਚੱਲਣੀ : ਮਾਨ

**ਰਾਜਪੀਪਲਾ (ਗੁਜਰਾਤ)** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਉਨ੍ਹਾ ਦੇ ਪੰਜਾਬ ਦੇ ਹਮਰੁਤਬਾ ਭਗਵੰਤ ਮਾਨ ਨੇ ਸੋਮਵਾਰ ਇੱਥੇ ਜੇਲ੍ਹ ਵਿੱਚ ਬੰਦ ਆਮ ਆਦਮੀ ਪਾਰਟੀ ਦੇ ਵਿਧਾਇਕ ਚੈਤਰ ਵਸਾਵਾ ਨਾਲ ਮੁਲਾਕਾਤ ਕੀਤੀ ਅਤੇ ਕਿਹਾ ਕਿ ਸੱਤਾਧਾਰੀ ਭਾਜਪਾ ਦੇ ਜ਼ੁਲਮ ਅਤੇ ਤਾਨਾਸ਼ਾਹੀ ਨੇ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਉਨ੍ਹਾ ਕਿਹਾ ਕਿ ਵਸਾਵਾ ਅਗਲੇ ਕੁਝ ਮਹੀਨਿਆਂ 'ਚ ਹੋਣ ਵਾਲੀਆਂ ਆਮ ਚੋਣਾਂ 'ਚ ਭਰੂਚ ਲੋਕ ਸਭਾ ਸੀਟ ਤੋਂ 'ਆਪ' ਦੇ ਉਮੀਦਵਾਰ ਹੋਣਗੇ। ਮਾਨ ਨੇ ਕਿਹਾ ਕਿ ਭਾਜਪਾ ਜਿਸ ਤਰ੍ਹਾਂ ਜਨਤਾ ਲਈ ਲੜਨ ਵਾਲਿਆਂ ਖਿਲਾਫ ਕਾਰਵਾਈ ਕਰਦੀ ਹੈ, ਉਹ ਪੂਰੇ ਦੇਸ਼ ਲਈ ਚੁਣੌਤੀ ਹੈ।



ਜੋ ਵੀ ਜਨਤਾ ਲਈ ਕੰਮ ਕਰਦਾ ਹੈ ਅਤੇ ਪ੍ਰਸਿੱਧ ਹੈ, ਉਸ ਨੂੰ ਈ ਡੀ ਅਤੇ ਸੀ ਬੀ ਆਈ ਦੀ ਵਰਤੋਂ ਕਰਕੇ ਝੂਠੇ ਕੇਸਾਂ ਦੇ ਅਧਾਰ 'ਤੇ ਜੇਲ੍ਹ 'ਚ ਸੁੱਟਿਆ ਜਾਂਦਾ ਹੈ। ਉਨ੍ਹਾ ਕਿਹਾ ਕਿ ਇਹ ਤਾਨਾਸ਼ਾਹੀ ਹੈ ਅਤੇ ਜ਼ਿਆਦਾ ਦੇਰ ਨਹੀਂ ਚੱਲੇਗੀ।

## ਤਿੰਨ 'ਆਪ' ਉਮੀਦਵਾਰਾਂ ਵੱਲੋਂ ਕਾਗਜ਼ ਦਾਖਲ

**ਨਵੀਂ ਦਿੱਲੀ** : ਦਿੱਲੀ ਤੋਂ ਰਾਜ ਸਭਾ ਦੀਆਂ ਤਿੰਨ ਸੀਟਾਂ ਲਈ 19 ਜਨਵਰੀ ਨੂੰ ਹੋ ਰਹੀਆਂ ਚੋਣਾਂ ਲਈ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਸੰਜੈ ਸਿੰਘ, ਸਵਾਤੀ ਮਾਲੀਵਾਲ ਅਤੇ ਐੱਨ ਡੀ ਗੁਪਤਾ ਨੇ ਸੋਮਵਾਰ ਨਾਮਜ਼ਦਗੀ ਪੱਤਰ ਦਾਖਲ ਕੀਤੇ। ਸੰਜੈ ਸਿੰਘ, ਸੁਸ਼ੀਲ ਕੁਮਾਰ ਗੁਪਤਾ ਅਤੇ ਐੱਨ ਡੀ ਗੁਪਤਾ ਦੇ ਛੇ ਸਾਲ ਦਾ ਕਾਰਜਕਾਲ 27 ਜਨਵਰੀ ਨੂੰ ਖਤਮ ਹੋ ਰਿਹਾ ਹੈ। ਸੁਸ਼ੀਲ ਗੁਪਤਾ ਦੀ ਥਾਂ ਦਿੱਲੀ ਮਹਿਲਾ ਕਮਿਸ਼ਨ ਦੀ ਸਾਬਕਾ ਚੇਅਰਪਰਸਨ ਮਾਲੀਵਾਲ ਨੂੰ ਉਮੀਦਵਾਰ ਬਣਾਇਆ ਗਿਆ ਹੈ। ਚੁਣੇ ਜਾਣ ਤੋਂ ਬਾਅਦ ਐੱਨ ਡੀ ਗੁਪਤਾ ਅਤੇ ਸੰਜੈ ਸਿੰਘ ਦਾ ਦੂਜਾ ਕਾਰਜਕਾਲ ਹੋਵੇਗਾ। ਸੁਸ਼ੀਲ ਗੁਪਤਾ ਹਰਿਆਣਾ ਪਾਰਟੀ ਦੇ ਪ੍ਰਧਾਨ ਹਨ ਤੇ ਉਹ ਹਰਿਆਣਾ ਵਿਚ ਹੀ ਸਿਆਸਤ ਕਰਨੀ ਚਾਹੁੰਦੇ ਹਨ।

## ਸਾਬਕਾ ਇਨੈਲੋ ਵਿਧਾਇਕ ਗ੍ਰਿਫਤਾਰ

**ਚੰਡੀਗੜ੍ਹ** : ਈ ਡੀ ਨੇ ਸੋਮਵਾਰ ਹਰਿਆਣਾ ਦੇ ਸਾਬਕਾ ਇਨੈਲੋ ਵਿਧਾਇਕ ਦਿਲਬਾਗ ਸਿੰਘ ਅਤੇ ਉਸ ਦੇ ਸਾਥੀ ਕੁਲਵਿੰਦਰ ਸਿੰਘ ਨੂੰ ਕਥਿਤ ਗੈਰ-ਕਾਨੂੰਨੀ ਮਾਈਨਿੰਗ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਵਿਚ ਗ੍ਰਿਫਤਾਰ ਕਰ ਲਿਆ। ਦਿਲਬਾਗ ਸਿੰਘ ਯਮੁਨਾਨਗਰ ਵਿਧਾਨ ਸਭਾ ਸੀਟ ਤੋਂ ਸਾਬਕਾ ਵਿਧਾਇਕ ਹਨ। ਏਜੰਸੀ ਨੇ 4 ਜਨਵਰੀ ਨੂੰ ਉਨ੍ਹਾ ਦੇ ਘਰ ਅਤੇ ਸੋਨੀਪਤ ਦੇ ਕਾਂਗਰਸ ਵਿਧਾਇਕ ਸੁਰਿੰਦਰ ਪੰਵਾਰ ਦੇ ਘਰ ਛਾਪਾ ਮਾਰਿਆ ਸੀ ਅਤੇ ਪੰਜ ਦਿਨਾਂ ਤੱਕ ਚੱਲੀ ਤਲਾਸ਼ੀ ਸੋਮਵਾਰ ਨੂੰ ਖਤਮ ਹੋ ਗਈ।

## ਓਪਨਹਾਇਮਰ ਦਾ ਦਬਦਬਾ



**ਬੇਵਰਲੀ ਹਿਲਸ** : ਸੋਮਵਾਰ 81ਵੇਂ ਗੋਲਡਨ ਗਲੋਬਜ਼ ਐਵਾਰਡਜ਼ 'ਚ ਕ੍ਰਿਸਟੋਫਰ ਨੋਲਨ ਦੀ 'ਓਪਨਹਾਇਮਰ' ਦਾ ਦਬਦਬਾ ਰਿਹਾ। ਇਸ ਫਿਲਮ ਨੇ ਸਰਬੋਤਮ ਅਦਾਕਾਰ, ਸਰਬੋਤਮ ਨਿਰਦੇਸ਼ਕ ਅਤੇ ਸਰਬੋਤਮ ਫਿਲਮ ਸਮੇਤ ਪੰਜ ਪੁਰਸਕਾਰ ਜਿੱਤੇ। ਇਸ ਦੇ ਨਾਲ ਹੀ ਇਸ ਐਵਾਰਡ ਸ਼ੋਅ 'ਚ ਟੀ ਵੀ ਸੀਰੀਜ਼ ਸਕਸੈਸ਼ਨ ਨੇ ਵੀ ਆਪਣੀ ਮੌਜੂਦਗੀ ਦਾ ਅਹਿਸਾਸ ਕਰਵਾਇਆ। ਇਸ ਐੱਚ ਬੀ ਓ ਸੀਰੀਜ਼ ਨੇ ਡਰਾਮਾ ਸ਼੍ਰੇਣੀ 'ਚ ਸਰਬੋਤਮ ਟੀਵੀ ਸ਼ੋਅ ਸਮੇਤ ਚਾਰ ਪੁਰਸਕਾਰ ਜਿੱਤੇ।

## ਗੁਰਦਾਸਪੁਰ ਸਭ ਤੋਂ ਠੰਢਾ

**ਚੰਡੀਗੜ੍ਹ** : ਗੁਰਦਾਸਪੁਰ 'ਚ ਕੜਾਕੇ ਦੀ ਠੰਢ ਕਾਰਨ ਘੱਟੋ-ਘੱਟ ਤਾਪਮਾਨ 4.8 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ। ਚੰਡੀਗੜ੍ਹ 'ਚ 7.4, ਬਠਿੰਡਾ, ਪਟਿਆਲਾ, ਲੁਧਿਆਣਾ, ਪਠਾਨਕੋਟ 'ਚ ਕ੍ਰਮਵਾਰ 5.6, 6.1, 6 ਅਤੇ 6.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

## ਸਲਮਾਨ ਦੇ ਫਾਰਮ ਹਾਊਸ 'ਚ ਵੜਦੇ ਦੋ ਫੜੇ

**ਮੁੰਬਈ** : ਪਨਵੇਲ 'ਚ ਅਭਿਨੇਤਾ ਸਲਮਾਨ ਖਾਨ ਦੇ ਫਾਰਮ ਹਾਊਸ 'ਚ ਗੈਰ-ਕਾਨੂੰਨੀ ਤਰੀਕੇ ਨਾਲ ਦਾਖਲ ਹੋਣ ਦੀ ਕੋਸ਼ਿਸ਼ ਕਰਨ ਵਾਲੇ ਦੋ ਵਿਅਕਤੀਆਂ ਨੂੰ ਪੁਲਸ ਨੇ ਹਿਰਾਸਤ 'ਚ ਲਿਆ ਹੈ। ਇੰਸਪੈਕਟਰ ਅਨਿਲ ਪਾਟਿਲ ਨੇ ਦੱਸਿਆ ਕਿ ਮੁਲਜ਼ਮਾਂ ਨੂੰ 4 ਜਨਵਰੀ ਨੂੰ ਗਾਰਡਾਂ ਵੱਲੋਂ ਸਲਮਾਨ ਦੇ ਅਰਪਿਤਾ ਫਾਰਮ ਹਾਊਸ ਦੇ ਅੰਦਰ ਘੁਸਪੈਠ ਕਰਦੇ ਹੋਏ ਫੜਿਆ ਗਿਆ ਸੀ। ਫੜੇ ਜਾਣ ਤੋਂ ਬਾਅਦ ਵਿਅਕਤੀਆਂ ਨੇ ਆਪਣੇ ਫਰਜ਼ੀ ਨਾਂਅ ਅਤੇ ਪਤੇ ਦੱਸੇ।

## ਸ਼ੇਖ ਹਸੀਨਾ ਦੀ ਆਸਾਨ ਜਿੱਤ

**ਢਾਕਾ** : ਬੰਗਲਾਦੇਸ਼ ਦੀ 67 ਸਾਲਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੇ ਲਗਾਤਾਰ ਚੌਥੀ ਵਾਰ ਆਮ ਚੋਣਾਂ ਜਿੱਤ ਲਈਆਂ ਹਨ।



ਮੁੱਖ ਵਿਰੋਧੀ ਧਿਰ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਅਤੇ ਉਸ ਦੇ ਸਹਿਯੋਗੀਆਂ ਵੱਲੋਂ ਚੋਣਾਂ ਦੇ ਬਾਈਕਾਟ ਨੇ ਹਸੀਨਾ ਦੀ ਪਾਰਟੀ ਅਵਾਮੀ ਲੀਗ ਲਈ ਜਿੱਤ ਦਾ ਰਾਹ ਆਸਾਨ ਬਣਾ ਦਿੱਤਾ। ਮੀਡੀਆ ਰਿਪੋਰਟਾਂ ਮੁਤਾਬਕ ਹਸੀਨਾ ਦੀ ਪਾਰਟੀ ਨੇ 300 ਸੀਟਾਂ ਵਾਲੀ ਸੰਸਦ 'ਚ 223 ਸੀਟਾਂ ਜਿੱਤੀਆਂ ਹਨ।

ਇਕ ਉਮੀਦਵਾਰ ਦੀ ਮੌਤ ਕਾਰਨ 299 ਸੀਟਾਂ 'ਤੇ ਚੋਣਾਂ ਹੋਈਆਂ ਸਨ। ਸੰਸਦ 'ਚ ਮੁੱਖ ਵਿਰੋਧੀ ਜਾਤੀਆ ਪਾਰਟੀ ਨੇ 11, ਬੰਗਲਾਦੇਸ਼ ਕਲਿਆਣ ਪਾਰਟੀ ਨੇ ਇੱਕ ਅਤੇ ਆਜ਼ਾਦ ਉਮੀਦਵਾਰਾਂ ਨੇ 62 ਸੀਟਾਂ ਜਿੱਤੀਆਂ ਹਨ। ਬੰਗਲਾਦੇਸ਼ ਦੇ ਰਾਸ਼ਟਰੀ ਸਮਾਜ ਤੰਤਰ ਦਲ ਅਤੇ ਵਰਕਰਜ਼ ਪਾਰਟੀ ਨੇ ਇੱਕ-ਇੱਕ ਸੀਟ ਜਿੱਤੀ ਹੈ।

# ਰਾਜਸਥਾਨ 'ਚ ਭਾਜਪਾਈ ਮੰਤਰੀ ਚਿੱਤ

## ਕਰਨਪੁਰ ਹਲਕੇ 'ਚ ਕਾਂਗਰਸੀ ਨੇ ਹਰਾਇਆ



**ਜੈਪੁਰ** : ਰਾਜਸਥਾਨ ਦੇ ਗੰਗਾਨਗਰ ਜ਼ਿਲ੍ਹੇ ਦੀ ਕਰਨਪੁਰ ਵਿਧਾਨ ਸਭਾ ਸੀਟ ਤੋਂ ਕਾਂਗਰਸ ਉਮੀਦਵਾਰ ਰੁਪਿੰਦਰ ਸਿੰਘ ਕੂਨਰ ਨੇ ਆਪਣੇ ਨੇੜਲੇ ਵਿਰੋਧੀ ਅਤੇ ਸੱਤਾਧਾਰੀ ਭਾਜਪਾ ਦੇ ਮੰਤਰੀ ਸੁਰਿੰਦਰਪਾਲ ਸਿੰਘ ਟੀਟੀ ਨੂੰ 11283 ਵੋਟਾਂ ਨਾਲ ਹਰਾ ਦਿੱਤਾ। ਚੋਣ ਕਮਿਸ਼ਨ ਨੇ ਇਹ ਜਾਣਕਾਰੀ ਦਿੱਤੀ ਹੈ। ਕਾਂਗਰਸੀ ਉਮੀਦਵਾਰ ਦੀ ਮੌਤ ਕਾਰਨ ਇਸ ਸੀਟ 'ਤੇ ਅਸੰਬਲੀ ਚੋਣਾਂ ਵੇਲੇ ਚੋਣ ਮੁਲਤਵੀ ਕਰ ਦਿੱਤੀ ਗਈ ਸੀ। ਇਸ ਸੀਟ ਲਈ 5 ਜਨਵਰੀ ਨੂੰ ਵੋਟਿੰਗ ਹੋਈ ਸੀ ਅਤੇ ਸੋਮਵਾਰ ਗਿਣਤੀ ਹੋਈ। ਚੋਣ ਵਿਭਾਗ ਦੀ ਵੈੱਬਸਾਈਟ ਅਨੁਸਾਰ ਕਾਂਗਰਸ ਦੇ ਉਮੀਦਵਾਰ ਰੁਪਿੰਦਰ ਸਿੰਘ ਨੂੰ 94,950 ਵੋਟਾਂ ਮਿਲੀਆਂ, ਜਦੋਂ ਕਿ ਟੀਟੀ ਨੂੰ 83,667 ਵੋਟਾਂ ਮਿਲੀਆਂ। ਤੀਜੇ ਨੰਬਰ 'ਤੇ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਪ੍ਰਿਥੀਪਾਲ ਸਿੰਘ ਨੂੰ 11940 ਵੋਟਾਂ ਮਿਲੀਆਂ।

ਇਸ ਜਿੱਤ ਨਾਲ ਸੂਬੇ ਦੀ 200 ਸੀਟਾਂ ਵਾਲੀ ਵਿਧਾਨ ਸਭਾ 'ਚ ਕਾਂਗਰਸ ਦੇ ਵਿਧਾਇਕਾਂ ਦੀ ਗਿਣਤੀ 70 ਹੋ ਗਈ ਹੈ। ਸੱਤਾਧਾਰੀ ਭਾਜਪਾ ਦੇ 115 ਵਿਧਾਇਕ ਹਨ।

ਚੋਣ ਤੋਂ ਪਹਿਲਾਂ ਟੀਟੀ ਨੂੰ ਮੰਤਰੀ ਬਣਾਉਣ 'ਤੇ ਕਾਂਗਰਸ ਨੇ ਚੋਣ ਕਮਿਸ਼ਨ ਕੋਲ ਸ਼ਿਕਾਇਤ ਕਰਕੇ ਕਿਹਾ ਸੀ ਕਿ ਇਹ ਚੋਣ ਜਿੱਤਣ ਦਾ ਹਰਬਾ ਹੈ।

## ਬਸਪਾ ਦੇ ਮੁੱਖ ਦਫ਼ਤਰ ਨੂੰ ਖਤਰਾ



**ਲਖਨਊ** : ਬਹੁਜਨ ਸਮਾਜ ਪਾਰਟੀ ਦੀ ਮੁਖੀ ਮਾਇਆਵਤੀ ਨੇ ਸੋਮਵਾਰ ਕਿਹਾ ਕਿ ਬਸਪਾ ਦੇ ਮੁੱਖ ਦਫਤਰ ਨੂੰ ਸਮਾਜਵਾਦੀ ਪਾਰਟੀ (ਸਪਾ) ਤੋਂ ਖਤਰਾ ਹੈ। ਉਨ੍ਹਾ ਬਸਪਾ ਦੇ ਮੁੱਖ ਦਫਤਰ ਕੋਲ ਬਣੇ ਪੁਲ ਤੋਂ ਪਾਰਟੀ ਦਫਤਰ ਦੀ ਸੁਰੱਖਿਆ ਲਈ ਖਤਰਾ ਕਰਾਰ ਦਿੰਦਿਆਂ ਸੂਬਾ ਸਰਕਾਰ ਨੂੰ ਅਪੀਲ ਕੀਤੀ ਕਿ ਬਸਪਾ ਦਫਤਰ ਨੂੰ ਸੁਰੱਖਿਅਤ ਸਥਾਨ 'ਤੇ ਲਿਜਾਣ ਦੀ ਵਿਵਸਥਾ ਕੀਤੀ ਜਾਵੇ। ਸਪਾ ਮੁਖੀ ਅਖਿਲੇਸ਼ ਯਾਦਵ ਨੇ ਇਸ ਬਿਆਨ 'ਤੇ ਜਵਾਬ ਦਿੰਦਿਆਂ ਕਿਹਾ ਕਿ ਉਨ੍ਹਾ ਬਸਪਾ ਦੀ ਭਾਜਪਾ ਨਾਲ ਸਾਂਝਿਆਲੀ ਦੀ ਗੱਲ ਕੀਤੀ ਤੇ ਕਿਹਾ ਕਿ ਪਾਰਟੀ ਹਾਈ ਕਮਾਨ ਨੂੰ ਜੇ ਲੱਗਦਾ ਹੈ ਕਿ ਖਤਰਾ ਹੈ ਤਾਂ ਕੇਂਦਰ ਨੂੰ ਚਿੱਠੀ ਲਿਖ ਕੇ ਇਸ ਪੁਲ ਨੂੰ ਤੁੜਵਾ ਦੇਵੇ।

## ਗੁਰਪਤਵੰਤ ਪਨੂੰ ਵੱਲੋਂ ਹੁਣ ਉਰਦੂਸਤਾਨ ਦਾ ਸ਼ੋਸ਼ਾ

**ਨਵੀਂ ਦਿੱਲੀ** : ਖਾਲਿਸਤਾਨੀ ਆਗੂ ਗੁਰਪਤਵੰਤ ਸਿੰਘ ਪਨੂੰ ਨੇ 22 ਜਨਵਰੀ ਨੂੰ ਰਾਮ ਮੰਦਰ ਸਮਾਗਮ ਤੋਂ ਪਹਿਲਾਂ ਭਾਰਤ ਦੇ ਮੁਸਲਮਾਨਾਂ ਨੂੰ ਸਮਾਰੋਹ ਦਾ ਵਿਰੋਧ ਕਰਨ ਲਈ ਕਿਹਾ ਅਤੇ ਉਨ੍ਹਾਂ ਨੂੰ ਭਾਰਤ 'ਚੋਂ 'ਉਰਦੂਸਤਾਨ' ਬਣਾਉਣ ਦੀ ਅਪੀਲ ਕੀਤੀ। ਪਨੂੰ ਨੇ ਵੀਡੀਓ ਸੰਦੇਸ਼ 'ਚ ਕਿਹਾ-ਅੰਮ੍ਰਿਤਸਰ ਤੋਂ ਅਯੁੱਧਿਆ ਤੱਕ ਹਵਾਈ ਅੱਡੇ ਬੰਦ ਕਰੋ। ਹੁਣ ਸਮਾਂ ਆ ਗਿਆ ਹੈ, ਮੁਸਲਮਾਨੋ, ਤੁਸੀਂ ਭਾਰਤ 'ਚੋਂ ਇੱਕ ਦੇਸ਼ ਉਰਦੂਸਤਾਨ ਬਣਾਓ।

# ਆਜ਼ਾਦੀ ਘੁਲਾਟੀਏ ਤੇ ਸਿਰੜੀ ਕਮਿਊਨਿਸਟ ਨਛੱਤਰ ਪਾਲ ਸਿੰਘ ਦਾ ਅੰਤਮ ਸੰਸਕਾਰ

**ਹੁਸ਼ਿਆਰਪੁਰ** : ਪੰਜਾਬ ਦੀ ਕਮਿਊਨਿਸਟ ਲਹਿਰ ਤੇ ਹੁਸ਼ਿਆਰਪੁਰ ਦੀ ਕਮਿਊਨਿਸਟ ਪਾਰਟੀ ਨੂੰ ਉਦੋਂ ਬੜਾ ਵੱਡਾ ਘਾਟਾ ਪਿਆ, ਜਦੋਂ ਪ੍ਰਸਿੱਧ ਆਜ਼ਾਦੀ ਘੁਲਾਟੀਏ ਨਛੱਤਰ ਪਾਲ ਸਿੰਘ ਦੀ ਨਾਮੁਰਾਦ ਕੈਂਸਰ ਦੀ ਬਿਮਾਰੀ ਨਾਲ ਮੌਤ ਹੋ ਗਈ। ਸੋਮਵਾਰ ਉਨ੍ਹਾ ਦੀ ਦੇਹ 'ਤੇ ਕਮਿਊਨਿਸਟ ਪਾਰਟੀ ਦਾ ਝੰਡਾ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਜ਼ਿਲ੍ਹਾ ਸਕੱਤਰ ਅਮਰਜੀਤ ਸਿੰਘ, ਸੀ ਪੀ ਐੱਮ ਦੇ ਜ਼ਿਲ੍ਹਾ ਸਕੱਤਰ ਗੁਰਮੇਸ਼ ਸਿੰਘ, ਪੂਰਨ ਸਿੰਘ ਤੇ ਉਂਕਾਰ ਸਿੰਘ ਨੇ ਪਾਇਆ। ਉਨ੍ਹਾ ਆਪਣੀ ਜ਼ਿੰਦਗੀ ਦਾ ਪਲ-ਪਲ ਕਮਿਊਨਿਸਟ ਲਹਿਰ ਦੇ ਲੇਖੇ ਲਾਇਆ। ਉਨ੍ਹਾ ਹਕੂਮਤਾਂ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਤੇ ਲੋਕਾਂ ਦੀ ਜ਼ਿੰਦਗੀ ਖੁਸ਼ਹਾਲ ਬਣਾਉਣ ਵਾਸਤੇ ਕਈ ਵਾਰ ਤੇ ਲੰਮਾ ਸਮਾਂ ਜੇਲ੍ਹ ਕੱਟੀ। ਉਹ ਹਰਕਿਸ਼ਨ ਸਿੰਘ ਸੁਰਜੀਤ ਦੇ ਨੇੜਲੇ ਰਿਸ਼ਤੇਦਾਰ ਤੇ ਸਾਥੀ ਸਨ। ਉਨ੍ਹਾ ਦੇ ਘਰ ਸੁਰਜੀਤ ਜੀ ਦਾ ਆਮ ਹੀ ਆਉਣਾ-ਜਾਣਾ ਸੀ। ਉਹ ਭਾਵੇਂ ਸੁਰਜੀਤ ਦੇ ਰਿਸ਼ਤੇਦਾਰ ਸਨ, ਪਰ ਉਹ ਸੀ ਪੀ ਆਈ ਦੀ ਰਾਜਨੀਤਕ ਲਾਈਨ ਨੂੰ ਹੀ ਸਹੀ ਸਮਝਦੇ ਸਨ ਤੇ ਅੰਤਲੇ ਸਾਹਾਂ ਤੱਕ ਸੀ ਪੀ ਆਈ ਵਿੱਚ ਰਹੇ। ਉਨ੍ਹਾ ਦੇ ਇੱਥੇ ਅੰਤਮ ਸੰਸਕਾਰ ਵਿੱਚ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਵਰਕਰ ਤੇ ਹਮਦਰਦ ਸ਼ਾਮਲ ਹੋਏ, ਜਿਨ੍ਹਾਂ ਵਿੱਚ ਰਾਜ ਕੁਮਾਰ ਚੱਬੇਵਾਲ ਐੱਮ ਐੱਲ ਏ, ਡਾਕਟਰ ਅਜੈ ਬੱਗਾ, ਗੁਰਮੁਖ ਸਿੰਘ, ਤਰਸੇਮ ਨਾਗਰਾ, ਸ਼ਿਵਰੰਜਨ ਸਿੰਘ ਸਾਬਕਾ ਸਰਪੰਚ ਚੱਬੇਵਾਲ, ਗੁਰਮੇਲ ਸਿੰਘ ਸਾਬਕਾ ਐੱਸ ਡੀ ਓ, ਪੰਜਾਬ ਇਸਤਰੀ ਸਭਾ ਦੀ ਆਗੂ ਕ੍ਰਿਸ਼ਨਾ ਦੇਵੀ ਤੇ ਪ੍ਰੀਤਮ ਸ਼ਰਮਾ ਆਦਿ ਹਨ। ਇਨ੍ਹਾਂ ਤੋਂ ਇਲਾਵਾ ਕਾਮਰੇਡ ਨਛੱਤਰ ਪਾਲ ਸਿੰਘ ਦਾ ਸਾਰਾ ਪਰਵਾਰ ਹਾਜ਼ਰ ਸੀ। ਉਨ੍ਹਾ ਨਮਿਤ ਸ਼ਰਧਾਂਜਲੀ ਸਮਾਗਮ 16 ਜਨਵਰੀ ਨੂੰ ਹੋਵੇਗਾ।



# ਭਾਰਤ ਵੱਲੋਂ ਮਾਲਦੀਵ 'ਤੇ ਤਿੰਨ ਮੰਤਰੀ ਬਰਖਾਸਤ ਕਰਨ ਲਈ ਜ਼ੋਰ

**ਨਵੀਂ ਦਿੱਲੀ** : ਭਾਰਤ 'ਚ ਮਾਲਦੀਪ ਦੇ ਹਾਈ ਕਮਿਸ਼ਨਰ ਇਬਰਾਹੀਮ ਸ਼ਾਹੀਬ ਨੂੰ ਸੋਮਵਾਰ ਵਿਦੇਸ਼ ਮੰਤਰਾਲੇ 'ਚ ਤਲਬ ਕੀਤਾ ਗਿਆ ਅਤੇ ਮਾਲਦੀਪ ਦੇ ਕੁਝ ਮੰਤਰੀਆਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖਿਲਾਫ ਸੋਸ਼ਲ ਮੀਡੀਆ 'ਤੇ ਕੀਤੀਆਂ ਟਿੱਪਣੀਆਂ 'ਤੇ ਸਖਤ ਚਿੰਤਾ ਪ੍ਰਗਟਾਈ। ਮਾਲਦੀਵ ਸਰਕਾਰ ਨੇ ਐਤਵਾਰ ਮੋਦੀ ਖਿਲਾਫ ਸੋਸ਼ਲ ਮੀਡੀਆ 'ਤੇ ਅਪਮਾਨਜਨਕ ਪੋਸਟਾਂ ਕਾਰਨ ਤਿੰਨ ਉਪ ਮੰਤਰੀਆਂ ਨੂੰ ਮੁਅੱਤਲ ਕਰ ਦਿੱਤਾ ਸੀ। ਤਿੰਨ ਉਪ ਮੰਤਰੀਆਂ ਨੇ ਪ੍ਰਧਾਨ ਮੰਤਰੀ ਦੀ ਲਕਸ਼ਦੀਪ ਫੇਰੀ ਤੋਂ ਬਾਅਦ 'ਐਕਸ' 'ਤੇ ਆਲੋਚਨਾ ਕਰਦੇ ਹੋਏ ਕਿਹਾ ਸੀ ਕਿ ਇਹ ਕੇਂਦਰ ਸ਼ਾਸਤ ਪ੍ਰਦੇਸ਼ ਨੂੰ ਮਾਲਦੀਵ ਲਈ ਇੱਕ ਵਿਕਲਪਿਕ ਸੈਰ-ਸਪਾਟਾ ਸਥਾਨ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਹੈ। ਦੱਸਿਆ ਜਾਂਦਾ ਹੈ ਕਿ ਸਿਰਫ ਚਾਰ ਮਿੰਟਾਂ ਦੀ ਗੱਲਬਾਤ ਵਿਚ ਮਾਲਦੀਵ ਦੇ ਹਾਈ ਕਮਿਸ਼ਨਰ ਨੂੰ ਕਿਹਾ ਗਿਆ ਕਿ ਮੰਤਰੀਆਂ ਦੀ ਮੁਅੱਤਲੀ ਨਾਲ ਗੱਲ ਨਹੀਂ ਬਣੀ, ਉਨ੍ਹਾਂ ਨੂੰ ਬਰਖਾਸਤ ਕੀਤਾ ਜਾਵੇ। ਇਨ੍ਹਾਂ ਦੀ ਬਿਆਨਬਾਜ਼ੀ ਨਾਲ ਦੋਹਾਂ ਦੇਸ਼ਾਂ ਵਿਚਾਲੇ ਰਿਸ਼ਤੇ ਵਿਗੜੇ ਹਨ ਤੇ ਇਨ੍ਹਾਂ ਨੂੰ ਸੁਧਾਰਨ ਦੀ ਜ਼ਿੰਮੇਵਾਰੀ ਮਾਲਦੀਵ ਦੇ ਰਾਸ਼ਟਰਪਤੀ ਮੁਈਜ਼ੂ ਦੀ ਹੈ।

## ਅੱਜ-ਨਾਮਾ

ਰਾਜਸਥਾਨ ਦੀ ਖਬਰ ਦਿਲਚਸਪ ਪਹੁੰਚੀ,
ਪਈ ਕੁਝ ਭਾਜਪਾ ਨੂੰ ਭਰਵੀਂ ਚੋਟ ਬੇਲੀ।
ਉੱਪ ਚੋਣ ਦਾ ਜਿਹੜਾ ਰਿਜ਼ਲਟ ਆਇਆ,
ਕਾਂਗਰਸ ਖਿੱਚ ਗਈ ਚੋਖੀ ਆ ਵੋਟ ਬੇਲੀ।
ਉਮੀਦਵਾਰ ਮੰਤਰੀ ਓਥੇ ਸੀ ਭਾਜਪਾ ਦਾ,
ਵਜ਼ੀਰੀ ਓਸ ਨੂੰ ਆਈ ਨਹੀਂ ਲੋਟ ਬੇਲੀ।
ਕੁਰਸੀ ਅੱਧਾ ਮਹੀਨਾ ਨਹੀਂ ਨਿਭੀ ਉਸ ਦੀ,
ਸੀਤੇ ਨਵੇਂ ਰਹਿ ਗਏ ਅਚਕਨ-ਕੋਟ ਬੇਲੀ।
ਹੋ ਗਿਆ ਵੋਟਰ ਸਿਆਣਾ ਕੁਝ ਲੀਡਰਾਂ ਤੋਂ,
ਲੈਂਦਾ ਜਦੋਂ ਇਹ ਅਕਲ ਕੁਝ ਵਰਤ ਬੇਲੀ।
ਤਾਜਾਂ-ਤਖਤਾਂ ਦੀ ਕਰੇ ਪ੍ਰਵਾਹ ਕੋਈ ਨਹੀਂ,
ਦੇਂਦਾ ਈ ਪੰਨਾ ਸਿਆਸਤ ਦਾ ਪਰਤ ਬੇਲੀ।

-ਤੀਸ ਮਾਰ ਖਾਂ

## ਰੱਖਿਆ ਮੰਤਰੀ ਆਈ ਸੀ ਯੂ 'ਚ, ਬਾਇਡਨ ਨੂੰ ਪਤਾ ਨਹੀਂ!

**ਵਾਸ਼ਿੰਗਟਨ** : ਅਮਰੀਕਾ ਦੇ ਰੱਖਿਆ ਮੰਤਰੀ ਲੋਇਡ ਆਸਟਿਨ ਹਾਲੇ ਵੀ ਹਸਪਤਾਲ ਵਿਚ ਭਰਤੀ ਹਨ। ਪੈਂਟਾਗਨ (ਰੱਖਿਆ ਮੰਤਰਾਲਾ) ਦੇ ਮੁਖੀ ਨੂੰ ਆਈ ਸੀ ਯੂ 'ਚ ਦਾਖਲ ਕੀਤੇ ਜਾਣ ਦੀ ਗੱਲ ਰਾਸ਼ਟਰਪਤੀ ਜੋਅ ਬਾਇਡਨ ਤੋਂ ਵੀ ਕਈ ਦਿਨਾਂ ਤੱਕ ਲੁਕਾਈ ਰੱਖੀ ਗਈ। ਸੀਨੀਅਰ ਰੱਖਿਆ ਅਧਿਕਾਰੀ ਨੇ ਕਿਹਾ ਕਿ ਉਪ ਰੱਖਿਆ ਮੰਤਰੀ ਕੈਥਲੀਨ ਹਿਕਸ ਨੂੰ ਵੀਰਵਾਰ ਤੱਕ ਇਹ ਨਹੀਂ ਦੱਸਿਆ ਗਿਆ ਸੀ ਕਿ ਆਸਟਿਨ 1 ਜਨਵਰੀ ਤੋਂ ਹਸਪਤਾਲ 'ਚ ਭਰਤੀ ਸੀ। ਇਹ ਜਾਣਕਾਰੀ ਮਿਲਣ ਤੋਂ ਬਾਅਦ ਹਿਕਸ ਨੇ ਕਾਂਗਰਸ ਨੂੰ ਬਿਆਨ ਭੇਜਣ ਅਤੇ ਵਾਸ਼ਿੰਗਟਨ ਵਾਪਸ ਜਾਣ ਦੀ ਯੋਜਨਾ ਬਣਾਉਣੀ ਸ਼ੁਰੂ ਕਰ ਦਿੱਤੀ। ਹਿਕਸ ਛੁੱਟੀ ਲੈ ਕੇ ਪੋਰਟੋ ਰੀਕੋ ਗਈ ਸੀ। ਬਾਇਡਨ ਨੂੰ ਵੀ ਆਸਟਿਨ ਦੇ ਹਸਪਤਾਲ 'ਚ ਭਰਤੀ ਹੋਣ ਦੀ ਸੂਚਨਾ ਨਹੀਂ ਦਿੱਤੀ ਗਈ ਸੀ।

# ਜ਼ੀਰਾ 'ਚ ਮਹਿਲਾ ਕੌਂਸਲਰ ਦੇ ਘਰ 'ਤੇ ਫਾਇਰਿੰਗ, ਰਿਸ਼ਤੇਦਾਰ ਜ਼ਖਮੀ



ਨਸ਼ਾ ਤਸਕਰਾਂ ਨੇ ਗੱਡੀ ਦੀ ਭੰਨ-ਤੋੜ ਕੀਤੀ ਤੇ ਗੇਟ ਵੀ ਤੋੜਿਆ।

**ਜ਼ੀਰਾ (ਨਰਿੰਦਰ ਅਨੇਜਾ)**

ਐਤਵਾਰ ਰਾਤ ਵਾਰਡ ਨੰਬਰ-1 ਦੀ ਕੌਂਸਲਰ ਰੇਸ਼ਮ ਕੌਰ ਪਤਨੀ ਗੁਲਸ਼ਨ ਸਿੰਘ ਦੇ ਘਰ ਕੀਤੇ ਗਏ ਹਮਲੇ ਵਿਚ ਇਕ ਮਹਿਲਾ ਗੋਲੀ ਲੱਗਣ ਨਾਲ ਗੰਭੀਰ ਜ਼ਖਮੀ ਹੋ ਗਈ।

ਰੇਸ਼ਮ ਕੌਰ ਨੇ ਪੱਤਰਕਾਰਾਂ ਰਾਹੀ ਨਸ਼ਾ ਤਸਕਰਾਂ ਦਾ ਪਰਦਾ ਫਾਸ਼ ਕੀਤਾ ਸੀ ਅਤੇ ਕਿਹਾ ਸੀ ਕਿ ਚਿੱਟਾ ਇਸ ਮੁਹੱਲੇ ਵਿੱਚ ਸਰੇਆਮ ਵਿਕਦਾ ਹੈ, ਜਿਸ ਕਾਰਨ ਨਸ਼ਾ ਤਸਕਰ ਉਨ੍ਹਾ ਨਾਲ ਰੰਜਿਸ਼ ਰੱਖਦੇ ਸਨ ਤੇ ਧਮਕੀਆਂ ਦਿੰਦੇ ਰਹਿੰਦੇ ਸਨ। ਐਤਵਾਰ ਰੇਸ਼ਮ ਕੌਰ ਦੇ ਬੇਟੇ ਦਾ ਵਿਆਹ ਸੀ ਅਤੇ ਤਸਕਰਾਂ ਨੇ ਧਮਕੀ ਦਿੱਤੀ ਸੀ ਕਿ ਉਹ ਵਿਆਹ ਦੌਰਾਨ ਜਾਨੀ ਨੁਕਸਾਨ ਕਰਨਗੇ। ਇਸ ਬਾਰੇ ਪੁਲਸ ਨੂੰ ਵੀ ਦੱਸਿਆ ਹੋਇਆ ਸੀ, ਪਰ ਪੁਲਸ ਨੇ ਉਨ੍ਹਾਂ ਵਿਰੁੱਧ ਕੋਈ ਵੀ ਕਾਰਵਾਈ ਨਹੀਂ ਕੀਤੀ। ਨਸ਼ਾ ਤਸਕਰਾਂ ਖਿਲਾਫ ਪਹਿਲਾਂ ਵੀ ਕਈ ਐੱਫ ਆਈ ਆਰ ਦਰਜ ਹਨ। ਨਸ਼ਾ ਤਸਕਰਾਂ ਨੇ ਰੇਸ਼ਮ ਕੌਰ ਦੇ ਘਰ ਦੇ ਗੇਟ ਨੂੰ ਹਥੌੜਿਆਂ ਨਾਲ ਤੋੜਿਆ ਅਤੇ ਗੱਡੀ ਦੀ ਭੰਨਤੋੜ ਕੀਤੀ। ਅੰਨ੍ਹੇਵਾਹ ਫਾਇਰਿੰਗ ਵੀ ਕੀਤੀ। ਇੱਕ ਫਾਇਰ ਉਨ੍ਹਾ ਦੀ ਨਨਾਣ ਅਮਰਜੀਤ ਕੌਰ ਵਾਸੀ ਪਿੰਡ ਰੱਤਾ ਖੇੜਾ ਪੰਜਾਬ ਸਿੰਘ ਵਾਲਾ ਦੇ ਪੇਟ ਵਿੱਚ ਜਾ ਲੱਗਿਆ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਅਮਰਜੀਤ ਕੌਰ ਨੂੰ ਹਸਪਤਾਲ ਦਾਖਲ ਕਰਵਾਇਆ, ਜੋ ਕਿ ਹੁਣ ਫਰੀਦਕੋਟ ਮੈਡੀਕਲ ਕਾਲਜ/ ਹਸਪਤਾਲ ਵਿੱਚ ਜ਼ਿੰਦਗੀ-ਮੌਤ ਨਾਲ ਜੂਝ ਰਹੀ ਹੈ। ਪੀੜਤ ਪਰਵਾਰ ਨੇ ਪੁਲਸ ਪ੍ਰਸ਼ਾਸਨ ਤੋਂ ਵਾਰਦਾਤ ਕਰਨ ਵਾਲਿਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ।

## ਵਿਦਿਆਰਥਣ ਨੇ ਰੇਪ ਤੋਂ ਬਚਣ ਲਈ ਛੱਤ ਤੋਂ ਛਾਲ ਮਾਰੀ

**ਹਰਦੋਈ (ਯੂ ਪੀ)** : ਹਰਦੋਈ ਜ਼ਿਲ੍ਹੇ ਦੇ ਹਰਪਾਲਪੁਰ ਇਲਾਕੇ 'ਚ ਬਲਾਤਕਾਰ ਤੋਂ ਬਚਣ ਲਈ ਵਿਦਿਆਰਥਣ ਨੇ ਛੱਤ ਤੋਂ ਛਾਲ ਮਾਰ ਦਿੱਤੀ। ਉਸ ਨੂੰ ਗੰਭੀਰ ਹਾਲਤ 'ਚ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। 15 ਸਾਲਾ ਵਿਦਿਆਰਥਣ ਹਰਪਾਲਪੁਰ ਕਸਬਾ 'ਚ ਕੋਚਿੰਗ ਲਈ ਜਾ ਰਹੀ ਸੀ ਤਾਂ ਵਿਸ਼ਾਲ ਨਾਂਅ ਦਾ ਨੌਜਵਾਨ ਉਸ ਨੂੰ ਵਰਗਲਾ ਕੇ ਬਿਲਹੌਰ-ਕਟੜਾ ਰੋਡ 'ਤੇ ਸਥਿਤ ਆਪਣੇ ਘਰ ਲੈ ਗਿਆ। ਵਿਦਿਆਰਥਣ ਦੇ ਭਰਾ ਨੇ ਸ਼ਿਕਾਇਤ 'ਚ ਦੋਸ਼ ਲਾਇਆ ਹੈ ਕਿ ਵਿਸ਼ਾਲ ਨੇ ਉਸ ਦੀ ਭੈਣ ਨਾਲ ਬਲਾਤਕਾਰ ਕਰਨ ਦੀ ਕੋਸ਼ਿਸ਼ ਕੀਤੀ ਅਤੇ ਉਸ ਤੋਂ ਬਚਣ ਲਈ ਉਸ ਨੇ ਛੱਤ ਤੋਂ ਛਾਲ ਮਾਰ ਦਿੱਤੀ। ਪੁਲਸ ਨੇ ਦੱਸਿਆ ਕਿ ਸ਼ਿਕਾਇਤ 'ਚ ਕਿਹਾ ਗਿਆ ਹੈ ਕਿ ਵਿਦਿਆਰਥਣ ਨੇ ਬਲਾਤਕਾਰ ਤੋਂ ਬਚਣ ਲਈ ਛੱਤ ਤੋਂ ਛਾਲ ਮਾਰ ਦਿੱਤੀ ਸੀ, ਜਦਕਿ ਬਿਆਨ 'ਚ ਵਿਦਿਆਰਥਣ ਨੇ ਕਿਹਾ ਹੈ ਕਿ ਉਸ ਨੂੰ ਅਗਵਾ ਕਰਕੇ ਛੱਤ ਤੋਂ ਸੁੱਟ ਦਿੱਤਾ ਗਿਆ ਸੀ। ਪੁਲਸ ਨੇ ਮੁਲਜ਼ਮ ਖਿਲਾਫ ਅਗਵਾ ਅਤੇ ਜਬਰ-ਜ਼ਨਾਹ ਦੀ ਕੋਸ਼ਿਸ਼ ਦੇ ਦੋਸ਼ ਹੇਠ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

9-JAN-PAGE-3.qxd 1/8/2024 10:51 PM Page 1



## ਚਾਈਨਾ ਡੋਰ ਦੀ ਲਪੇਟ 'ਚ ਆਉਣ ਨਾਲ ਪੰਛੀ ਤੇ ਲੋਕ ਹੋ ਰਹੇ ਨੇ ਜ਼ਖਮੀ : ਚੋਗਾਵਾਂ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸੀਨੀਅਰ ਭਾਜਪਾ ਆਗੂ ਜਸਮਿੱਤਰ ਸਿੰਘ ਚੋਗਾਵਾਂ ਨੇ ਲੋਕਾਂ ਨੂੰ ਖੂਨੀ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਚਾਈਨਾ ਡੋਰ ਦੀ ਲਪੇਟ 'ਚ ਆਉਣ ਵਾਲੇ ਲੋਕ ਬੁਰੀ ਤਰ੍ਹਾਂ ਨਾਲ ਜ਼ਖਮੀ ਹੋ ਰਹੇ ਹਨ ਜਿਨ੍ਹਾਂ 'ਚ ਕਈ ਤਾਂ ਮੌਤ ਦੇ ਮੂੰਹ ਵਿਚ ਵੀ ਚਲੇ ਜਾਂਦੇ ਹਨ। ਇਸ ਲਈ ਨੌਜਵਾਨਾਂ ਨੂੰ ਆਪਣਾ ਸ਼ੌਕ ਪੂਰਾ ਕਰਨ ਲਈ ਇਸ ਖੂਨੀ ਡੋਰ ਦਾ ਇਸਤੇਮਾਲ ਨਹੀਂ ਕਰਨਾ ਚਾਹੀਦਾ। ਚੋਗਾਵਾਂ ਨੇ ਚਿੰਤਾ ਜ਼ਾਹਿਰ ਕੀਤੀ ਕਿ ਜ਼ਿਲਾ ਪ੍ਰਸ਼ਾਸਨ ਦੀ ਤਾੜਨਾ ਦੇ ਬਾਵਜੂਦ ਥੋੜ੍ਹੇ ਜਿਹੇ ਲਾਲਚ ਲਈ ਖੂਨੀ ਡੋਰ ਵੇਚਣ ਵਾਲੇ ਲੋਕਾਂ ਨੂੰ ਜ਼ਰਾ ਇਹ ਵੀ ਸੋਚਣਾ ਚਾਹੀਦਾ ਹੈ ਕਿ ਕਿਸੇ ਦਿਨ ਉਨ੍ਹਾਂ ਦਾ ਵੀ ਕੋਈ ਆਪਣਾ ਇਸ ਡੋਰ ਦੀ ਲਪੇਟ 'ਚ ਆ ਕੇ ਗੰਭੀਰ ਰੂਪ ਵਿਚ ਜ਼ਖਮੀ ਹੋ ਸਕਦਾ ਹੈ।ਉਨ੍ਹਾਂ ਨੇ ਕਿਹਾ ਕਿ ਇਹ ਡੋਰ ਇਕੱਲੇ ਲੋਕਾਂ ਲਈ ਹੀ ਨਹੀਂ ਬਲਕਿ ਆਸਮਾਨ 'ਚ ਉਡਾਰੀਆਂ ਭਰ ਰਹੇ ਪੰਛੀਆਂ ਲਈ ਵੀ ਬੇਹੱਦ ਖਤਰਨਾਕ ਹੈ, ਜਿਸ ਦੀ ਲਪੇਟ 'ਚ ਆਉਣ ਨਾਲ ਹਰ ਸਾਲ ਕਈ ਪੰਛੀ ਵੀ ਮਰ ਜਾਂਦੇ ਹਨ। ਉਨ੍ਹਾਂ ਨੇ ਮੰਗ ਕੀਤੀ ਕਿ ਚਾਈਨਾ ਡੋਰ ਵੇਚਣ ਤੇ ਇਸ ਦੀ ਵਰਤੋਂ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨ ਤਹਿਤ ਕਾਰਵਾਈ ਹੋਣੀ ਚਾਹੀਦੀ ਹੈ ਕਿਉਂਕਿ ਉਨ੍ਹਾਂ ਨੂੰ ਪਤਾ ਹੋਣ ਦੇ ਬਾਵਜੂਦ ਵੀ ਕਿ ਇਹ ਡੋਰ ਬੇਹੱਦ ਘਾਤਕ ਹੈ, ਫਿਰ ਵੀ ਇਸ ਦੀ ਵਰਤੋਂ ਕਰ ਰਹੇ ਹਨ। ਅਸਲ 'ਚ ਅਜਿਹੇ ਲੋਕ ਤਾਂ ਮੁਆਫੀ ਦੇ ਹੱਕਦਾਰ ਹੀ ਨਹੀਂ ਹਨ।

## ਭਰ ਸਰਦੀ 'ਚ ਬਿਜਲੀ ਦੇ ਅਣਅਲਾਨੇ ਕੱਟਾਂ ਕਾਰਨ ਲੋਕ ਡਾਢੇ ਹੈਰਾਨ-ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅਤੇ ਆਲੇ-ਦੁਆਲੇ ਦੇ ਪਿੰਡਾਂ ਵਿਚ ਬਿਜਲੀ ਦੇ ਅਣਐਲਾਨੇ ਕੱਟਾਂ ਨੇ ਲੋਕਾਂ ਦਾ ਜਿਊਣਾ ਮੁਹਾਲ ਕੀਤਾ ਪਿਆ ਹੈ। ਹੱਡ ਜਾਮ ਕਰ ਦੇਣ ਵਾਲੀ ਠੰਢ ਵਿਚ ਬਿਜਲੀ ਨਾ ਆਉਣ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਬਿਜਲੀ ਦੇ ਕੱਟ ਬਿਜਲੀ ਵਿਭਾਗ ਵੱਲੋਂ ਸਵੇਰ ਜਾਂ ਫ਼ਿਰ ਸ਼ਾਮ ਵੇਲੇ ਲਗਾਏ ਜਾ ਰਹੇ ਹਨ। ਸਵੇਰ ਦਾ ਸਮਾਂ ਜੋ ਕਿ ਕੰਮਕਾਰ ਵਾਲਾ ਹੁੰਦਾ ਹੈ, ਉਸ ਸਮੇਂ ਬਿਜਲੀ ਦਾ ਕੱਟ ਲੱਗਣ ਕਾਰਨ ਲੋਕ ਕੰਮਾਂਕਾਰਾਂ 'ਤੇ ਜਾਣ ਤੋਂ ਵੀ ਲੇਟ ਹੋ ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਥਰਮਲ ਪਲਾਂਟ ਖ਼ਰੀਦ ਕੇ ਵਾਹ-ਵਾਹ ਖੱਟਣ ਵਾਲੀ ਮਾਨ ਸਰਕਾਰ ਦੇ ਰਾਜ ਵਿਚ ਸਰਦੀਆਂ ਵਿਚ ਜੇਕਰ ਬਿਜਲੀ ਦਾ ਇਹ ਹਾਲ ਹੈ ਤਾਂ ਗਰਮੀਆਂ ਦੇ ਦਿਨਾਂ 'ਚ ਕੀ ਬਣੂੰਗਾ? ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਕੜਕਦੀ ਠੰਢ ਅਤੇ ਸਵੇਰ ਸ਼ਾਮ ਕੰਮਕਾਜ ਦਾ ਸਮਾਂ ਹੋਣ ਕਰਕੇ ਬਿਜਲੀ ਦੇ ਅਣਐਲਾਨੇ ਕੱਟ ਬੰਦ ਕੀਤੇ ਜਾਣ।

## ਵਾਤਾਵਰਣ ਨੂੰ ਬਚਾਉਣ ਲਈ ਰੈਲੀ ਦਾ ਆਯੋਜਨ

**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਹਿਯੋਗ ਨਾਲ 2 ਜਨਵਰੀ 2024 ਤੋਂ ਚੱਲ ਰਹੇ 07 ਰੋਜ਼ਾ ਕੈਂਪ ਦੇ ਦੌਰਾਨ ਅੱਜ ਐੱਨਐੱਸਐੱਸ ਵਲੰਟੀਅਰਜ਼ ਵੱਲੋਂ ਬਿੱਲਿਆਂਵਾਲਾ ਪਿੰਡ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਾਤਾਵਰਣ ਚੇਤਨਾ ਮੁਹਿੰਮ ਅਧੀਨ ਰੈਲੀ ਕੱਢ ਕੇ ਵਾਤਾਵਰਣ ਨੂੰ ਬਚਾਉਣ ਲਈ ਵੱਖ-ਵੱਖ ਨਾਅਰੇ ਜਿਵੇਂ ਜੀਵ ਜਗਤ ਦੀ ਚਾਹੁੰਦੇ ਹੋ ਰੱਖਿਆ ਤਾਂ ਵਾਤਾਵਰਣ ਦੀ ਕਰੋ ਸੁਰੱਖਿਆ, ਧਰਤੀ ਨੂੰ ਹੈ ਜੇ ਬਚਾਉਣਾ, ਵਾਤਾਵਰਣ ਨੂੰ ਪਵੇਗਾ ਬਚਾਉਣਾ, ਵਾਤਾਵਰਣ ਦਾ ਸੁਧਾਰ ਤਾਂ ਖੁਸ਼ੀਆਂ ਅਪਾਰ, ਵਾਤਾਵਰਣ ਦੀ ਰੱਖਿਆ ਲਈ ਕਰੋ ਕਰਮ, ਇਹੀ ਹੈ ਅੱਜ ਦਾ ਸੱਚਾ ਧਰਮ, ਵਾਤਾਵਰਣ ਦੀ ਕਰੋ ਸੰਭਾਲ ਸਾਖਰਤਾ ਦੀ ਬਣੋ ਮਿਸਾਲ, ਇਹ ਧਰਤੀ ਸਾਡੀ ਮਾਂ ਹੈ ਇਸ ਨੂੰ ਬਚਾਉਣਾ ਤਾਂ ਹੈ, ਦੇ ਨਾਲ-ਨਾਲ ਪਰਾਲੀ/ਨਾੜ ਸਾੜਨ ਤੇ ਉਸ ਤੋਂ ਪੈਦਾ ਹੋਣ ਵਾਲੇ ਪ੍ਰਦੂਸ਼ਾਂ ਦੇ ਨੁਕਸਾਨ ਪ੍ਰਤੀ ਵੀ ਇਲਾਕੇ ਦੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਵਾਤਾਵਰਣ ਦੀ ਸ਼ੁੱਧਤਾ ਲਈ ਪੌਦੇ ਲਗਾਏ ਗਏ। ਕੈਂਪ ਦੌਰਾਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਦੇ ਗੁਰਦੁਆਰੇ ਦੇ ਦਰਸਨ ਦੀਦਾਰੇ ਕਰਨ ਦੇ ਨਾਲ ਨਾਲ ਪ੍ਰੋ. ਪਰਮਵੀਰ ਸਿੰਘ ਵੱਲੋਂ ਸ਼ਖਸੀਅਤ ਉਸਾਰੀ 'ਤੇ ਐੱਨਐੱਸਐੱਸ ਵਲੀਟੀਅਰਜ਼ ਨੂੰ ਵਿਸ਼ੇਸ ਲੈਕਚਰ ਵੀ ਦਿੱਤਾ ਗਿਆ।

## ਲੋਹੜੀ ਦਾ ਤਿਓਹਾਰ ਤੇ ਪਤੰਗਬਾਜ਼ੀ ਦੀਆਂ ਬਹਾਰਾਂ



**ਬਟਾਲਾ (ਤਰਲੋਕ ਬੱਗਾ)**-ਲੋਹੜੀ ਦੇ ਤਿਉਹਾਰ ਨੂੰ ਮੱਦੇਨਜ਼ਰ ਰੱਖਦੇ ਜਿੱਥੇ ਵੱਖ-ਵੱਖ ਦੁਕਾਨਦਾਰਾਂ ਵੱਲੋਂ ਪਤੰਗਾਂ ਅਤੇ ਡੋਰ ਦੀ ਵਿਕਰੀ ਕੀਤੀ ਜਾ ਰਹੀ ਹੈ ਉੱਥੇ ਹੀ ਪਤੰਗ ਉਡਾਉਣ ਵਾਲੇ ਸ਼ੌਕੀਨਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਮਦਨ ਲਾਲ ਜੋ ਕਿ ਪਤੰਗ ਵਿਕਰੇਤਾ ਤੇ ਪਤੰਗਾਂ ਬਣਾਉਣ ਦਾ ਕੰਮ ਕਰਦੇ ਹਨ, ਨੇ ਦੱਸਿਆ ਕਿ ਬਟਾਲੇ ਸ਼ਹਿਰ ਵਿਚ ਹੀ ਖਾਸ ਕਰ ਲੋਹੜੀ ਦੇ ਤਿਉਹਾਰ 'ਤੇ ਬਹੁਤ ਪਤੰਗ ਉਡਾਈ ਜਾਂਦੀ ਹੈ। ਲੋਕ ਸਵੇਰ ਤੋਂ ਹੀ ਸ਼ੁਰੂ ਹੋ ਕੇ ਦੇਰ ਸ਼ਾਮ ਪਤੰਗਾਂ ਉਡਾਉਂਦੇ ਹਨ। ਨਵੇਂ ਵਿਆਹ ਲੋਕ ਅਤੇ ਜਿਨ੍ਹਾਂ ਦੇ ਘਰ ਲੜਕੇ/ਲੜਕੀਆਂ ਜਨਮ ਲੈਂਦੇ ਹਨ, ਲੋਹੜੀ ਪਾਉਂਦੇ ਹਨ। ਖੁਸ਼ੀਆਂ ਖੇੜਿਆਂ ਦੇ ਇਸ ਮਾਹੌਲ ਨੂੰ ਹੋਰ ਵੀ ਖੁਸ਼ਗਵਾਰ ਬਣਾਉਣ ਲਈ ਜ਼ਿਆਦਾਤਰ ਲੋਕ ਹਰ ਵਾਰ ਚਰਚਾ ਦਾ ਵਿਸ਼ਾ ਹਣਦੀ ਸਿੰਥੈਟਿਕ ਡੋਰ ਨੂੰ ਤਿਲਾਂਜਲੀ ਦੇ ਕੇ ਸੂਤ ਦੀ ਡੋਰੀ ਨੂੰ ਹੀ ਤਰਜੀਹ ਦਿੰਦੇ ਹਨ ਤਾਂ ਕਿ ਘਾਤਕ ਡੋਰ ਦੇ ਵਾਰ ਤੋਂ ਲੋਕਾਂ ਨੂੰ ਬਚਾਇਆ ਜਾ ਸਕੇ ਤਾਂ ਕਿ ਸਰਕਾਰੀ ਹਦਾਇਤਾਂ ਦੀ ਪਾਲਣਾ ਨੂੰ ਧਿਆਨ 'ਚ ਰੱਖਦਿਆਂ ਪਤੰਗਬਾਜ਼ੀ ਦੇ ਸ਼ੌਕ ਨੂੰ ਵੀ ਬਰਕਰਾਰ ਰੱਖਿਆ ਜਾ ਸਕੇ।

## ਥਾਣਾ ਭੈਣੀ ਮੀਆਂ ਖਾਂ ਪੁਲਸ ਵੱਲੋਂ ਚੋਰਾਂ ਖਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਭੈਣੀ ਮੀਆਂ ਖਾਂ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮਾਇਆ ਸਿੰਘ ਨੇ ਦੱਸਿਆ ਉਹ ਮਿਤੀ 07.01.2024 ਨੂੰ ਸਵੇਰੇ ਵਜੇ ਆਪਣੀ ਪਤਨੀ ਨਾਲ ਸੰਤ ਬਾਬਾ ਲਾਲ ਸਿੰਘ ਜੀ ਕੁੱਲੀ ਵਾਲੇ ਪਿੰਡ ਨਾਨੋਵਾਲ ਖੁਰਦ ਮੱਥਾ ਟੇਕਣ ਗਿਆ ਸੀ। ਜਦੋਂ ਘਰ ਵਾਪਸ ਆਇਆ ਤਾ ਘਰ ਅੰਦਰ ਇੱਕ ਨਾਮਲੂਮ ਵਿਅਕਤੀ ਉਨ੍ਹਾਂ ਨੂੰ ਦੇਖ ਕੇ ਦੌੜਨ ਲੱਗਿਆ, ਜਿਸ ਨੂੰ ਪਿੰਡ ਵਾਸੀਆਂ ਦੀ ਮਦਦ ਨਾਲ ਕਾਬੂ ਕੀਤਾ ਗਿਆ ਜੋ ਦੋਸ਼ੀ ਸੁਖਵਿੰਦਰ ਸਿੰਘ ਉਰਫ ਸੁੱਖਾ ਉਕਤ ਪਾਸੋਂ ਦੋ ਆਰਟੀਫੀਸ਼ੀਲ ਕਾਂਟਿਆਂ ਦੀਆਂ ਜੋੜੀਆਂ, ਇੱਕ ਚਾਂਦੀ ਦਾ ਕੜਾ, ਭਾਰਤੀ ਕਰੰਸੀ 10/10 ਰੁਪਏ ਦੇ ਤਿੰਨ ਨੋਟ ਬ੍ਰਾਮਦ ਹੋਏ ਅਤੇ ਉਸ ਦਾ ਦੂਜਾ ਸਾਥੀ ਗੁਰਵਿੰਦਰ ਸਿੰਘ ਉਕਤ ਇੱਕ ਕੜਾ ਸੋਨਾ ਇੱਕ ਤੋਲਾ, ਇੱਕ ਕਿੱਟੀ ਸੈੱਟ ਸੋਨਾ ਡੇਢ ਤੋਲਾ, ਇੱਕ ਮੁੰਦਰੀ ਸੋਨਾ ਅੱਧਾ ਤੋਲਾ ਅਤੇ ਇੱਕ ਮੁੰਦਰੀ ਜ਼ਨਾਨਾ ਤਿੰਨ ਗ੍ਰਾਮ ਅਤੇ ਕਰੀਬ 5000 ਰੁਪਏ ਲੈ ਕੇ ਮੌਕਾ ਤੋਂ ਦੌੜ ਗਿਆ ਜਿਸ 'ਤੇ ਏਐੱਸਆਈ ਰਾਕੇਸ਼ ਕੁਮਾਰ ਵੱਲੋਂ ਮਾਮਲਾ ਦਰਜ ਰਜਿਸਟਰ ਕੀਤਾ ਗਿਆ ਹੈ।

# ਡੀ ਆਈ ਜੀ ਬਠਿੰਡਾ ਦੀ ਅਗਵਾਈ 'ਚ ਤਸਕਰਾਂ 'ਤੇ 'ਕੈਸੋ ਰੇਡ'

### ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਜਨਤਾ ਦੇਵੇ ਪੁਲਸ ਦਾ ਸਾਥ : ਅਜੈ ਮਲੂਜਾ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਡੀਜੀਪੀ ਪੰਜਾਬ ਗੌਰਵ ਯਾਦਵ ਦੀਆਂ ਹਦਾਇਤਾਂ ਅਨੁਸਾਰ ਸੂਬੇ ਭਰ 'ਚ ਤਸਕਰਾਂ ਦੇ ਘਰਾਂ ਵਿੱਚ ਤਲਾਸ਼ੀ ਕੀਤੀ ਰਹੀ ਹੈ।ਜ਼ਿਲ੍ਹਾ ਤਰਨਤਾਰਨ ਦੀਆਂ ਚਾਰ ਪੁਲਸ ਸਬ ਡਵੀਜ਼ਨਾਂ 'ਚ ਆਲਾ ਅਧਿਕਾਰੀਆਂ ਨੇ ਅਜੈ ਮਲੂਜਾ ਡੀਆਈਜੀ ਐੱਸਟੀਐੱਫ ਬਠਿੰਡਾ ਦੀ ਅਗਵਾਈ ਵਿੱਚ ਤਲਾਸ਼ੀ ਅਭਿਆਨ ਚਲਾਇਆ। ਉਨ੍ਹਾਂ ਦੇ ਨਾਲ ਐੱਸਐੱਸਪੀ ਤਰਨਤਾਰਨ ਅਸ਼ਵਨੀ ਕਪੂਰ ਵੀ ਹਾਜ਼ਰ ਰਹੇ। ਹਰੀਕੇ ਦੇ ਵੱਖ-ਵੱਖ ਘਰਾਂ ਦੀ ਤਲਾਸ਼ੀ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਜੈ ਮਲੂਜਾ ਨੇ ਦੱਸਿਆ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਅਤੇ ਡੀਜੀਪੀ ਗੌਰਵ ਯਾਦਵ ਵੱਲੋ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਭਰ ਵਿੱਚ ਕੈਸੋ ਰੇਡ ਦੌਰਾਨ 6 ਘੰਟੇ ਤਸਕਰਾਂ ਦੇ ਘਰਾਂ ਦੀ ਤਲਾਸ਼ੀ ਕੀਤੀ ਜਾ ਰਹੇ ਹੈ।ਤਰਨਤਾਰਨ ਜ਼ਿਲ੍ਹੇ ਦੀ ਪ੍ਰਾਪਤੀ ਸਬੰਧੀ ਉਨ੍ਹਾਂ ਕਿਹਾ ਕਿ ਨਜਾਇਜ਼ ਸ਼ਰਾਬ, ਲਾਹਣ, ਹੈਰੋਇਨ ਅਤੇ ਡਰੱਗ ਮਨੀ ਸਮੇਤ ਤਸਕਰਾਂ ਨੂੰ ਜੇਲ੍ਹ ਭੇਜਿਆ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ ਸਰਹੱਦੀ ਜ਼ਿਲ੍ਹਾ ਹੋਣ ਕਾਰਨ ਵਧੇਰੇ ਸਖਤੀ ਵਰਤੀ ਜਾ ਰਹੀ ਹੈ।ਦਰਿਆ ਪਾਰ ਤੋ ਆਉਂਦੇ ਨਸ਼ੀਲੇ ਪਦਾਰਥਾਂ ਸਬੰਧੀ ਉਨ੍ਹਾਂ ਕਿਹਾ ਕਿ ਐੱਸਐੱਸਪੀ ਫਿਰੋਜ਼ਪੁਰ ਨਾਲ ਵਿਸ਼ੇਸ਼ ਮੀਟਿੰਗ ਕਰਕੇ ਨਾਕਾਬੰਦੀ, ਚੈਕਿੰਗ ਅਤੇ ਕੈਸੋ ਰੇਡ ਆਰੰਭੇ ਜਾਣਗੇ।ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ੇ ਦੇ ਅੱਤਵਾਦ ਤੋਂ ਮੁਕਤ ਕਰਨ ਲਈ ਰਾਜ ਭਰ ਦੇ ਲੋਕ ਪੁਲਸ ਪ੍ਰਸ਼ਾਸਨ ਦਾ ਸਾਥ ਦੇਣ।ਐੱਸਐੱਸਪੀ ਅਸ਼ਵਨੀ ਕਪੂਰ ਨੇ ਦੱਸਿਆ ਕਿ ਹਰੇਕ ਥਾਣਾ ਮੁਖੀ ਵੱਲੋਂ ਦੇਰ ਰਾਤ ਤੱਕ ਬਦਲਵੇਂ ਨਾਕਿਆਂ ਦੌਰਾਨ ਵਾਹਨਾਂ ਦੀ ਚੈਕਿੰਗ ਅਤੇ ਕਾਗਜ਼ਾਤ ਦੀ ਪੜਤਾਲ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜੁਰਮ ਦੇ ਗ੍ਰਾਫ ਨੂੰ ਕਾਬੂ ਕਰਨ ਲਈ ਇਹ ਉਪਰਾਲੇ ਲਗਾਤਾਰ ਜਾਰੀ ਰਹਿਣਗੇ।ਇਸ ਮੌਕੇ ਐੱਸਪੀ ਦੇਵ ਸਿੰਘ, ਡੀਐੱਸਪੀ ਸਤਨਾਮ ਸਿੰਘ ਅਤੇ ਜ਼ਿਲ੍ਹੇ ਭਰ ਦੇ ਸਮੂਹ ਥਾਣਿਆਂ ਦੇ ਮੁਖ ਅਫਸਰ ਹਾਜ਼ਰ ਸਨ।

# ਕੇਸ਼ੋਪੁਰ ਛੰਭ ਵਿਖੇ ਪ੍ਰਵਾਸੀ ਪੰਛੀਆਂ ਦੀ ਆਮਦ ਸ਼ੁਰੂ




**ਗੁਰਦਾਸਪੁਰ, (ਜਨਕ ਮਹਾਜਨ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦਾਸਪੁਰ ਬਹਿਰਾਮਪੁਰ ਰੋਡ ਸਥਿਤ ਕੇਸ਼ੋਪੁਰ ਛੰਭ ਵਿਖੇ ਹਜ਼ਾਰਾਂ ਦੀ ਗਿਣਤੀ ਵਿਚ ਪ੍ਰਵਾਸੀ ਪੰਛੀਆਂ ਦੀ ਆਮਦ ਸ਼ੁਰੂ ਹੋ ਚੁੱਕੀ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਕੇਸ਼ੋਪੁਰ ਛੰਭ ਵਿਖੇ ਪ੍ਰਵਾਸੀ ਪੰਛੀਆਂ ਦੀ ਆਮਦ ਸਬੰਧੀ ਮਿਲੇ ਵੇਰਵੇ ਅਨੁਸਾਰ ਛੰਭ ਵਿਚ ਆਏ ਪੰਛੀਆਂ ਵਿਚ ਬਾਰਡ ਹੈੱਡਡਗੂਸ, ਬਲੈਕ ਨੀਡਡ ਈਵਸ, ਕਾਮਨ ਕੋਕਨਾਡ, ਨਾਰਧਨ ਪਿਨਟੇਲ, ਵੈਸਟਰਨ ਮਾਰਸ਼ ਨਾਰੀਆਰ, ਸਪਾਰਟ ਬਿਲਡ ਡਕ, ਗਰੇ ਮੈਰਨ, ਪਪਲ, ਸੁਆਂਪ ਨੈਨ, ਸਾਰਸ ਕਰੇਨ, ਗਰੇਟ ਕਰਮੋਨੈਂਟ, ਵਾਈਟ ਥ੍ਰੋਰੇਟਿਡ ਕਿੰਗਫ਼ਿਸ਼ਰ, ਮਲਾਡ ਨਾਂਅ ਦੇ ਪੰਛੀਆਂ ਦੀ ਗਿਣਤੀ ਜ਼ਿਆਦਾ ਸੰਖਿਆ ਵਿਚ ਹੈ।

ਇਹ ਪੰਛੀ ਹਜ਼ਾਰਾਂ ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਬਾਹਰਲੇ ਦੇਸ਼ਾਂ ਸਾਇਬੇਰੀਆ ਆਦਿ ਕਈ ਦੇਸ਼ਾਂ ਵਿਚੋਂ ਇਥੇ ਆਉਂਦੇ ਹਨ। ਕੇਸ਼ੋਪੁਰ ਛੰਭ ਇਨ੍ਹਾਂ ਪੰਛੀਆਂ ਦੇ ਆਉਣ ਕਾਰਨ ਇਹ ਲੋਕਾਂ ਦੇ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ। ਦੂਰ-ਦੂਰ ਤੋਂ ਲੋਕ ਕੇਸ਼ੋਪੁਰ ਛੰਭ ਵਿਖੇ ਆਏ ਪੰਛੀਆਂ ਨੂੰ ਵੇਖਣ ਲਈ ਇਨ੍ਹਾਂ ਦਿਨਾਂ ਵਿਚ ਆਉਂਦੇ ਜਾਂਦੇ ਹਨ। ਵਣ ਜੀਵ ਵਿਭਾਗ ਵਲੋਂ ਵੀ ਇਸ ਛੰਭ ਨੂੰ ਦੀ ਖ਼ੂਬਸੂਰਤੀ ਵਧਾਉਣ ਲਈ ਤਰ੍ਹਾਂ ਤਰ੍ਹਾਂ ਦੇ ਉਪਰਾਲੇ ਕੀਤੇ ਜਾਂਦੇ ਹਨ ਅਤੇ ਲੱਖਾਂ ਰੁਪਏ ਇਸ ਪ੍ਰਾਜੈਕਟ 'ਤੇ ਖ਼ਰਚ ਕੀਤੇ ਜਾਂਦੇ ਹਨ। ਪੰਜਾਬ ਸਰਕਾਰ ਵੱਲੋਂ ਇਸ ਛੰਭ ਸਬੰਧੀ ਇਸ ਜਗ੍ਹਾ 'ਤੇ ਮੁਲਾਜ਼ਮ ਵੀ ਤਾਇਨਾਤ ਕੀਤੇ ਗਏ ਹਨ ਜੋ ਕਿ ਹਰ ਵੇਲੇ ਇਸ ਦੀ ਦੇਖਭਾਲ ਕਰਦੇ ਹਨ।

ਇਹ ਛੰਭ ਲਗਭਗ 344 ਹੈਕਟਰ ਜ਼ਮੀਨ ਦੇ ਰਕਬੇ ਵਿਚ ਫੈਲਿਆ ਹੋਇਆ ਹੈ। ਇਸ ਦੇ ਕਾਫ਼ੀ ਹਿੱਸੇ ਵਿਚ ਜੰਗਲੀ ਘਾਹ ਬੂਟੀ ਉੱਗੀ ਪਈ ਹੈ। ਇਸ ਛੰਭ ਵਿਚ ਆਉਂਦੇ ਪੰਛੀਆਂ ਨੂੰ ਵੇਖਣ ਲਈ ਸਕੂਲ, ਕਾਲਜਾਂ ਦੇ ਬੱਚੇ ਸਟਾਫ਼ ਸਮੇਤ ਵੱਡੀ ਗਿਣਤੀ ਵਿਚ ਆਨੰਦ ਮਾਣਨ ਲਈ ਆਉਂਦੇ ਰਹਿੰਦੇ ਹਨ।

## ਧਾਮੀ ਵੱਲੋਂ ਕੌਮਾਂਤਰੀ ਸਿੱਖ ਸ਼ਸਤਰ ਵਿੱਦਿਆ ਕੌਂਸਲ ਦਾ ਸਾਲਾਨਾ ਕੈਲੰਡਰ ਰਿਲੀਜ਼



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੌਮਾਂਤਰੀ ਸਿੱਖ ਸ਼ਸਤਰ ਵਿੱਦਿਆ ਕੌਂਸਲ ਦਾ ਸਾਲਾਨਾ ਕੈਲੰਡਰ ਰਿਲੀਜ਼ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮੇਟੀ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਮਹਿਤਾ, ਕਾਰਜਕਰਨੀ ਮੈਂਬਰ ਇੰਦਰਮੋਹਨ ਸਿੰਘ ਲਖਮੀਰਵਾਲਾ, ਸਕੱਤਰ ਪ੍ਰਤਾਪ ਸਿੰਘ ਤੋਂ ਇਲਾਵਾ ਕੌਮਾਂਤਰੀ ਸਿੱਖ ਸ਼ਸਤਰ ਵਿੱਦਿਆ ਕੌਂਸਲ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ, ਸਕੱਤਰ ਬਲਜੀਤ ਸਿੰਘ, ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐੱਨਜੀਏਆਈ) ਦੇ ਮੀਤ ਪ੍ਰਧਾਨ ਇੰਦਰਜੋਧ ਸਿੰਘ, ਗੱਤਕਾ ਐਸੋਸੀਏਸ਼ਨ ਪੰਜਾਬ ਦੇ ਮੀਤ ਪ੍ਰਧਾਨ ਸਰਬਜੀਤ ਸਿੰਘ, ਐੱਨਜੀਏਆਈ ਦੇ ਨੈਸਨਲ ਕੋਚ ਯੋਗਰਾਜ ਸਿੰਘ ਭਾਂਬਰੀ ਤੇ ਮਨਦੀਪ ਸਿੰਘ ਜੀਰਕਪੁਰ, ਸੈਰੀ ਸਿੰਘ ਅਤੇ ਹਰਸਿਮਰਨ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼ਸਤਰ ਵਿੱਦਿਆ ਸਿੱਖ ਕੌਮ ਦੀ ਇਤਿਹਾਸਿਕ ਤੇ ਵਿਰਾਸਤੀ ਜੰਗਜੂ ਕਲਾ ਹੈ ਅਤੇ ਹਰੇਕ ਸਿੱਖ ਮਾਈ-ਭਾਈ ਤੇ ਬੱਚਿਆਂ ਨੂੰ ਸਵੈ-ਰੱਖਿਆ ਦੀ ਇਸ ਕਲਾ ਨੂੰ ਅਪਣਾਉਣਾ ਚਾਹੀਦਾ ਹੈ। ਜਨਰਲ ਸਕੱਤਰ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਵਿੱਦਿਅਕ ਅਦਾਰਿਆਂ ਵਿੱਚ ਇਸ ਸਸਤਰ ਵਿੱਦਿਆ ਨੂੰ ਪ੍ਰਫੁੱਲਿਤ ਕੀਤਾ ਜਾ ਰਿਹਾ। ਉਨ੍ਹਾਂ ਹਰਜੀਤ ਸਿੰਘ ਗਰੇਵਾਲ ਵੱਲੋਂ ਗੱਤਕੇ ਦੀ ਪ੍ਰਫੁੱਲਤਾ ਲਈ ਕੀਤੇ ਜਾ ਰਹੇ ਕਾਰਜਾਂ ਦੀ ਸਲਾਘਾ ਵੀ ਕੀਤੀ। ਇਸ ਤੋਂ ਪਹਿਲਾਂ ਕੌਂਸਲ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ, ਜੋ ਕਿ ਐੱਨਜੀਏਆਈ ਦੇ ਪ੍ਰਧਾਨ ਵੀ ਹਨ, ਨੇ ਐਡਵੋਕੇਟ ਧਾਮੀ ਅਤੇ ਰਜਿੰਦਰ ਸਿੰਘ ਮਹਿਤਾ ਨੂੰ ਗੱਤਕੇ ਦੇ ਸਾਲਾਨਾ ਕੈਲੰਡਰ ਦੀਆਂ ਖੂਬੀਆਂ ਬਾਰੇ ਜਾਣੂ ਕਰਵਾਇਆ ਅਤੇ ਕਿਹਾ ਕਿ ਜਿੱਥੇ ਰੋਜ਼ਾਨਾ ਜੀਵਨ ਵਿੱਚ ਇਹ ਕੈਲੰਡਰ ਸੰਗਰਾਂਦ, ਮੱਸਿਆ, ਪੂਰਨਮਾਸ਼ੀ ਸਮੇਤ ਦੇਸੀ-ਅੰਗਰੇਜ਼ੀ ਮਹੀਨਿਆਂ ਬਾਰੇ ਜਾਣਕਾਰੀ ਪ੍ਰਦਾਨ ਕਰਦਾ ਹੈ ਉੱਥੇ ਹੀ ਗੱਤਕਾ ਖੇਡਣ ਦੇ ਲਾਭ ਬਾਰੇ ਵੀ ਇਸ ਰਾਹੀਂ ਜਾਣਕਾਰੀ ਮਿਲਦੀ ਰਹੇਗੀ।

## ਜਤਿੰਦਰ ਮਸੀਹ ਗੌਰਵ ਵੱਲੋਂ ਚਰਚ ਦੀ ਨਵੀਂ ਬ੍ਰਾਂਚ ਦਾ ਉਦਘਾਟਨ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਅਜਨਾਲਾ ਸ਼ਹਿਰ ਦੇ ਚੋਗਾਵਾਂ ਰੋਡ 'ਤੇ ਨਿੱਜਰ ਪੈਲੇਸ ਵਿਖੇ ਅੰਕੁਰ ਨਰੂਲਾ ਮਨਿਸਟਰੀ ਵੱਲੋਂ ਨਵੀਂ ਬ੍ਰਾਂਚ ਖੋਲ੍ਹੀ ਗਈ ਹੈ ਜਿਸ ਦਾ ਗਲੋਬਲ ਐਕਸ਼ਨ ਕਮੇਟੀ ਤੇ ਮਨਿਸਟਰੀ ਦੇ ਪ੍ਰਧਾਨ ਜਤਿੰਦਰ ਮਸੀਹ ਗੌਰਵ ਵੱਲੋਂ ਵਿਸ਼ੇਸ਼ ਤੌਰ ਤੇ ਪੁੱਜ ਕੇ ਉਦਘਾਟਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਵੱਲੋਂ ਆਨਲਾਈਨ ਬ੍ਰਾਡਕਾਸਟਿੰਗ ਦੁਆਰਾ ਖਾਂਬੜਾ ਚਰਚ ਨਾਲ ਜੁੜ ਕੇ ਪਰਮੇਸ਼ਵਰ ਦੀ ਮਹਿਮਾਂ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦੇ ਹੋਏ ਪ੍ਰਧਾਨ ਗੌਰਵ ਨੇ ਬ੍ਰਾਂਚ ਖੁੱਲ੍ਹਣ 'ਤੇ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਇਸ ਇਲਾਕੇ ਦੀ ਵੱਡੀ ਮੰਗ ਨੂੰ ਅੱਜ ਅੰਕੁਰ ਨਰੂਲਾ ਮਨਿਸਟਰੀ ਵੱਲੋਂ ਪੂਰਾ ਕੀਤਾ ਗਿਆ ਹੈ ਤੇ ਜੋ ਸੰਗਤਾਂ ਜਲੰਧਰ ਨਹੀਂ ਜਾ ਸਕਦੀਆਂ ਉਹ ਇੱਥੇ ਆ ਕੇ ਪਰਮੇਸ਼ੂਰ ਦੀ ਅਰਾਧਨਾ ਕਰ ਸਕਦੀਆਂ ਹਨ।ਇਸ ਤੋਂ ਪਹਿਲਾਂ ਬ੍ਰਾਂਚ ਖੁੱਲਣ ਦੀ ਖੁਸ਼ੀ ਵਿੱਚ ਸਥਾਨਿਕ ਵਲੰਟੀਅਰਾਂ ਵੱਲੋਂ ਪ੍ਰਧਾਨ ਜਤਿੰਦਰ ਮਸੀਹ ਗੌਰਵ ਦਾ ਸਵਾਗਤ ਕੀਤਾ ਤੇ ਉਨ੍ਹਾਂ ਵੱਲੋਂ ਕੇਕ ਕੱਟ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ।ਇਸ ਮੌਕੇ ਤੇ ਬ੍ਰਾਂਚ ਪਰਬੰਧਨ ਕਮੇਟੀ ਦਾ ਵੀ ਗਠਨ ਕੀਤਾ ਗਿਆ ਜਿਸ ਵਿੱਚ ਜੱਸ ਮਸੀਹ ਸ਼ੁਭ ਮੁਕਾਮ ਨੂੰ ਪ੍ਰਧਾਨ, ਨਿਆਮਤ ਮਸੀਹ ਗੋਰਾ ਨੂੰ ਜਨਰਲ ਸਕੱਤਰ, ਭੈਣ ਅਮਰਜੀਤ ਰਜਾਸਾਂਸੀ ਨੂੰ ਮਹਿਲਾ ਵਿੰਗ ਦੀ ਪ੍ਰਧਾਨ ਅਤੇ ਰੋਬਿਨ ਮਸੀਹ ਨੂੰ ਯੂਥ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ।ਇਸ ਮੌਕੇ ਪ੍ਰਧਾਨ ਵਲੈਤ ਮਸੀਹ ਬੰਟੀ ਅਜਨਾਲਾ, ਪ੍ਰਧਾਨ ਲੁੱਕਸ ਮਸੀਹ ਅੰਮ੍ਰਿਤਸਰ, ਪ੍ਰਧਾਨ ਜੀਵਨ ਭੱਟੀ, ਪ੍ਰਧਾਨ ਜਸ ਸ਼ੁੱਭ ਮੁਕਾਮ, ਨਿਆਮਤ ਮਸੀਹ ਗੋਰਾ, ਗੁਰਨਾਮ ਸਿੰਘ, ਕਸ਼ਮੀਰ ਮਸੀਹ, ਪ੍ਰਭਜੋਤ ਗਿੱਲ, ਦੀਪਕ ਗੁਰਦਾਸਪੁਰ, ਰੋਬਿਨ, ਬ੍ਰਾਂਚ ਹੈੱਡ ਰੋਮੀ, ਰਮਨ ਬਟਾਲਾ, ਡਾ: ਹੀਰਾ ਰਾਜਾਸਾਂਸੀ, ਭੈਣ ਅਮਰਜੀਤ, ਭੈਣ ਜੋਸ਼ੀ ਨੰਗਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਕੁਦਰਤੀ ਸਰੋਤਾਂ ਦੀ ਸੰਭਾਲ ਸਬੰਧੀ ਚੇਤਨਤਾ ਮੇਲਾ 3 ਤੇ 4 ਫਰਵਰੀ ਨੂੰ

### ਜ਼ਿਲ੍ਹਾ ਵਾਸੀਆਂ ਨੂੰ ਸ਼ਾਮਿਲ ਹੋਣ ਤੇ ਐਵਾਰਡ ਲਈ ਅਪਲਾਈ ਕਰਨ ਦੀ ਅਪੀਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ/ਜਨਕ ਮਹਾਜਨ)**-ਤੀਜਾ ਵਾਤਾਵਰਨ ਸੰਭਾਲ ਮੇਲਾ-2024 ਨਹਿਰੂ ਰੋਜ਼ ਗਾਰਡਨ ਲੁਧਿਆਣਾ ਵਿਖੇ ਬਾਬਾ ਗੁਰਮੀਤ ਸਿੰਘ ਦੀ ਰਹਿਨੁਮਾਈ ਹੇਠ 3 ਤੇ 4 ਫਰਵਰੀ, 2024 ਨੂੰ ਮਿਊਂਸੀਪਲ ਕਾਰਪੋਰੇਸ਼ਨ ਲੁਧਿਆਣਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਮੇਲੇ ਵਿੱਚ ਵਾਤਾਵਰਨ ਸੰਭਾਲ ਸਬੰਧੀ 100 ਤੋਂ ਵਧੇਰੇ ਸਟਾਲਾਂ ਲਗਾਈਆਂ ਜਾਣਗੀਆਂ, ਜਿਨ੍ਹਾਂ ਵਿੱਚ ਦੇਸੀ ਪੰਜਾਬੀ ਵਾਲੇ ਵੱਧ ਤੋਂ ਵੱਧ ਦਰੱਖਤਾਂ ਸਬੰਧੀ, ਪਾਣੀ ਦੀ ਸੰਭਾਲ ਸਬੰਧੀ, ਮਿੱਟੀ ਦੀ ਸੰਭਾਲ ਸਬੰਧੀ, ਜੈਵਿਕ ਰਸੋਈ ਬਾਗ਼ਬਾਨੀ ਸਬੰਧੀ, ਪਾਣੀ ਪ੍ਰਬੰਧਨ ਤੇ ਕੰਪੋਸਟਿੰਗ ਸਬੰਧੀ, ਹਵਾ ਪ੍ਰਦੂਸ਼ਣ ਵਿੱਚ ਕਮੀ, ਆਵਾਜ਼ ਪ੍ਰਦੂਸ਼ਣ, ਊਰਜਾ ਦੀ ਬੱਚਤ, ਸੋਲਰ ਐਨਰਜੀ, ਬਾਜਰੇ ਤੇ ਵਿਸ਼ੇਸ਼ ਜ਼ੋਰ ਨਾਲ ਸਿਹਤਮੰਦ ਭੋਜਨ ਆਦਿ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਜ) ਮੈਡਮ ਇਰਵਨ ਕੌਰ ਨੇ ਦੱਸਿਆ ਕਿ 'ਸੋਚ' (ਵਾਤਾਵਰਨ ਦੇ ਇਲਾਜ ਤੇ ਸੰਭਾਲ ਵਾਲੀ ਸੋਸਾਇਟੀ) ਇੱਕ ਨਨ-ਪ੍ਰੋਫਿਟ ਸੰਸਥਾ ਹੈ ਜਿਹੜੀ ਕਿ ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਲੋਕਾਂ ਨੂੰ ਫਿਰ ਤੋਂ ਕੁਦਰਤ ਨਾਲ ਜੋੜਨ ਲਈ ਕੰਮ ਕਰ ਰਹੀ ਹੈ।ਇਹ ਸੰਸਥਾ ਪਿਛਲੇ ਦੋ ਸਾਲਾਂ ਤੋਂ ਵਾਤਾਵਰਨ ਸੰਭਾਲ ਮੇਲੇ ਆਯੋਜਿਤ ਕਰਵਾ ਰਹੀ ਹੈ ਜਿਸ ਰਾਹੀਂ ਲੋਕਾਂ ਵਿੱਚ ਕੁਦਰਤੀ ਸਰੋਤਾਂ ਦੀ ਸੰਭਾਲ ਪ੍ਰਤੀ ਚੇਤਨਤਾ ਪੈਦਾ ਕੀਤੀ ਜਾ ਰਹੀ ਹੈ।ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਤਾਵਰਨ ਸੰਭਾਲ ਮੇਲੇ ਵਿੱਚ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲੀਆਂ ਗਰਾਮ ਪੰਚਾਇਤਾਂ, ਐੱਨਜੀਓ, ਵਿਅਕਤੀਗਤ ਲੋਕਾਂ, ਵਿਦਿਆਰਥੀਆਂ ਆਦਿ ਨੂੰ 10 ਐਵਾਰਡਾਂ ਨਾਲ ਸਨਮਾਨਿਆ ਜਾਵੇਗਾ।ਐਵਾਰਡਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇੱਕ ਲੱਖ ਦੀ ਇਨਾਮੀ ਰਾਸ਼ੀ ਵਾਲਾ ਪਹਿਲਾ ਐਵਾਰਡ 'ਪੁਰਾਤਨ ਝਿੜੀ ਐਵਾਰਡ' ਪੰਜਾਬ ਦੀ ਉਸ ਪੰਚਾਇਤ ਜਾਂ ਸੰਸਥਾ ਨੂੰ ਦਿੱਤਾ ਜਾਵੇਗਾ ਜਿਸ ਨੇ ਆਪਣੇ ਪਿੰਡ ਵਿੱਚ ਘੱਟੋ-ਘੱਟ 100 ਸਾਲ ਤੋਂ ਪੁਰਾਤਨ ਝਿੜੀ ਨੂੰ ਕੁਦਰਤੀ ਰੂਪ ਵਿੱਚ ਸੰਭਾਲਿਆ ਹੋਵੇ। ਉਨ੍ਹਾਂ ਦੱਸਿਆ ਕਿ 75 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਵਾਲਾ ਦੂਸਰਾ 'ਜਿੱਥੇ ਸਫ਼ਾਈ ਉੱਥੇ ਖ਼ੁਦਾਈ' ਐਵਾਰਡ ਪੰਜਾਬ ਦੀ ਉਸ ਗਰਾਮ ਪੰਚਾਇਤ/ਸੰਸਥਾ ਨੂੰ ਦਿੱਤਾ ਜਾਵੇਗਾ ਜਿਸ ਨੇ ਆਪਣੇ ਪਿੰਡ ਨੂੰ ਕੁਦਰਤ ਦੇ ਨੇੜੇ ਰੱਖਦਿਆਂ ਗਲੀਆਂ-ਨਾਲੀਆਂ, ਛੱਪੜਾਂ, ਜਨਤਕ ਥਾਵਾਂ ਆਦਿ ਨੂੰ ਸਾਫ਼ ਸੁਥਰਾ ਰੱਖਿਆ ਹੋਵੇ।50 ਹਜ਼ਾਰ ਦੀ ਇਨਾਮੀ ਰਾਸ਼ੀ ਵਾਲਾ ਤੀਸਰਾ ਐਵਾਰਡ ਪੰਜਾਬ ਵਿੱਚ ਅਮਲੀ ਰੂਪ ਵਿੱਚ ਜੰਗਲੀ ਜੀਵਾਂ ਦੀ ਸੁਰੱਖਿਆ ਦੇਖਭਾਲ, ਬਚਾਅ ਆਦਿ ਵਿੱਚ ਅਹਿਮ ਯੋਗਦਾਨ ਪਾ ਰਹੇ ਮਿਹਨਤੀ ਵਿਅਕਤੀ/ਵਿਅਕਤੀਆਂ ਨੂੰ ਦਿੱਤਾ ਜਾਵੇਗਾ।ਚੌਥਾ ਐਵਾਰਡ 50 ਹਜ਼ਾਰ ਰੁਪਏ ਦੀ ਰਾਸ਼ੀ ਵਾਲਾ 'ਜੈਵਿਕ ਖੇਤੀ ਐਵਾਰਡ' ਹੋਵੇਗਾ। ਇਹ ਐਵਾਰਡ ਪੰਜਾਬ ਦੇ ਕੁਦਰਤੀ ਪੱਖੀ ਸੋਚ ਰੱਖਣ ਵਾਲੇ ਉਸ ਕਿਸਾਨ ਨੂੰ ਦਿੱਤਾ ਜਾਵੇਗਾ, ਜੋ ਧਰਤ ਨੂੰ ਮਾਂ ਰੂਪ ਸਮਝਦਿਆਂ ਹੋਇਆਂ, ਨਾ ਤਾਂ ਜ਼ਮੀਨ ਵਿੱਚ ਨਾੜ ਨੂੰ ਅੱਗ ਲਾ ਰਿਹਾ ਹੋਵੇਗਾ ਤੇ ਨਾ ਹੀ ਰਸਾਇਣਕ ਖੇਤੀ ਢੰਗਾਂ ਨੂੰ ਵਰਤ ਰਿਹਾ ਹੋਵੇਗਾ। ਕਣਕ ਝੋਨੇ ਦੇ ਫ਼ਸਲੀ ਚੱਕਰ ਦੀ ਬਿਜਾਏ ਬਹੁਭਾਂਤੀ ਭਾਵ ਅਲੱਗ ਅਲੱਗ ਫ਼ਸਲਾਂ ਦੀ ਖੇਤੀ ਕਰਦਾ ਹੋਵੇਗਾ।ਜੈਵਿਕ ਵਸੀਲਿਆਂ ਨਾਲ ਜੈਵਿਕ ਕਾਰਬਨ ਭਰਪੂਰ ਜ਼ਮੀਨ ਵਾਲਾ ਕਿਸਾਨ ਇਸ ਐਵਾਰਡ ਦਾ ਹੱਕਦਾਰ ਹੋਵੇਗਾ।25 ਹਜ਼ਾਰ ਰੁਪਏ ਇਨਾਮੀ ਰਾਸ਼ੀ ਵਾਲਾ ਪੰਜਵਾਂ ਐਵਾਰਡ 'ਛੱਤ ਤੇ ਬਗੀਚੀ ਐਵਾਰਡ' ਪੰਜਾਬ ਦੇ ਉਸ ਕੁਦਰਤ ਪ੍ਰੇਮੀ ਨੂੰ ਦਿੱਤਾ ਜਾਵੇਗਾ, ਜੋ ਜੈਵਿਕ ਵਸੀਲਿਆਂ ਨਾਲ ਛੱਤ ਤੇ ਘਰੇਲੂ ਬਗੀਚੀ ਬਣਾ ਕੇ ਸਬਜ਼ੀਆਂ, ਫਲਾਂ ਤੇ ਫੁੱਲਾਂ ਆਦਿ ਦੀ ਪ੍ਰਾਪਤ ਕਰ ਰਿਹਾ ਹੋਵੇ। 25 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਵਾਲਾ ਛੇਵਾਂ 'ਗਰੀਨ ਕੈਂਪਸ ਐਵਾਰਡ' ਪੰਜਾਬ ਦੇ ਕਿਸੇ ਵੀ ਕੁਦਰਤੀ ਪੱਖੀ ਸੋਚ ਰੱਖਣ ਵਾਲੇ ਉਸ ਸਰਕਾਰੀ ਅਤੇ ਪ੍ਰਾਈਵੇਟ ਕਾਲਜ ਨੂੰ ਦਿੱਤਾ ਜਾਵੇਗਾ, ਜਿਸ ਵਿੱਚ ਹਰਿਆਵਲ ਅਤੇ ਵਾਤਾਵਰਨ ਸੰਭਾਲ ਨੂੰ ਤਰਜੀਹ ਦਿੰਦੇ ਹੋਏ ਕੈਂਪਸ ਨੂੰ ਸਾਫ਼ ਸੁਥਰਾ ਤੇ ਕੁਦਰਤ ਪੱਖੀ ਬਣਾਇਆ ਗਿਆ ਹੋਵੇਗਾ।

ਸਹਾਇਕ ਕਮਿਸ਼ਨਰ ਇਰਵਨ ਕੌਰ ਨੇ ਦੱਸਿਆ ਕਿ ਸੱਤਵਾਂ ਐਵਾਰਡ 'ਬਹੁਭਾਂਤੀ ਖੇਤੀ ਮਾਡਲ ਐਵਾਰਡ' ਹੋਵੇਗਾ। ਇਹ ਐਵਾਰਡ ਪੰਜਾਬ ਦੇ ਕਿਸੇ ਵੀ ਖੇਤੀਬਾੜੀ ਕਾਲਜ ਦੇ ਉਨ੍ਹਾਂ ਕੁਦਰਤੀ ਪੱਖੀ ਸੋਚ ਰੱਖਣ ਵਾਲੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਬਹੁਭਾਂਤੀ ਖੇਤੀ ਦੇ ਮਾਡਲ ਨੂੰ ਦਿੱਤਾ ਜਾਵੇਗਾ, ਜੋ ਵਾਤਾਵਰਨ ਸੰਭਾਲ ਹਿਤ ਮਾਡਲ ਪ੍ਰਦਰਸ਼ਿਤ ਕਰਨਗੇ।ਇਸ ਸਬੰਧੀ ਵਧੇਰੇ ਜਾਣਕਾਰੀ ਲਈ 94637-74370 ਉਪਰ ਸੰਪਰਕ ਕੀਤਾ ਜਾ ਸਕਦਾ ਹੈ।ਅੱਠਵਾਂ ਐਵਾਰਡ 'ਵਾਤਾਵਰਨ ਸੰਭਾਲ ਤੇ ਮਾਡਲ ਐਵਾਰਡ' ਹੋਵੇਗਾ। ਇਹ ਐਵਾਰਡ ਕੁਦਰਤੀ ਪੱਖੀ ਸੋਚ ਰੱਖਣ ਵਾਲੇ ਸਰਕਾਰੀ ਸਕੂਲ ਅਤੇ ਪ੍ਰਾਈਵੇਟ ਸਕੂਲ ਦੇ ਉਨ੍ਹਾਂ ਵਿਦਿਆਰਥੀਆਂ ਨੂੰ ਦਿੱਤਾ ਜਾਵੇਗਾ ਜੋ ਵਾਤਾਵਰਨ ਸੰਭਾਲ ਹਿੱਤ ਮਾਡਲ ਪ੍ਰਦਰਸ਼ਿਤ ਕਰਨਗੇ।ਪ੍ਰਤੀਯੋਗਤਾ ਅਪਲਾਈ ਕਰਨ ਦੀ ਆਖ਼ਰੀ ਮਿਤੀ 25 ਜਨਵਰੀ, 2024 ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਲਈ 9501800708 ਉਪਰ ਸੰਪਰਕ ਕੀਤਾ ਜਾ ਸਕਦਾ ਹੈ।ਨੌਵਾਂ ਐਵਾਰਡ 'ਵਾਤਾਵਰਨ ਸਬੰਧੀ ਲਘੂ ਫ਼ਿਲਮ ਐਵਾਰਡ' ਹੋਵੇਗਾ।

ਇਹ ਐਵਾਰਡ ਪੰਜਾਬ ਦੇ ਵਾਤਾਵਰਨ ਨਾਲ ਸਬੰਧਿਤ ਵਿਸ਼ੇ ਤੇ ਬਣਾਈ ਗਈ ਲਘੂ ਫ਼ਿਲਮ (ਵੱਧ ਤੋਂ ਵੱਧ ਤਿੰਨ ਮਿੰਟ) ਨੂੰ ਦਿੱਤਾ ਜਾਵੇਗਾ। ਇਹ ਐਵਾਰਡ ਸਬੰਧੀ ਅਪਲਾਈ ਕਰਨ ਦੀ ਆਖ਼ਰੀ ਮਿਤੀ 8 ਜਨਵਰੀ 2024 ਹੈ। ਦਸਵਾਂ ਐਵਾਰਡ ਵਾਤਾਵਰਨ ਸੰਭਾਲ ਉੱਪਰ ਫ਼ੋਟੋਗਰਾਫੀ ਨਾਲ ਸਬੰਧਿਤ ਹੋਵੇਗਾ ਤੇ ਇਹ ਪੰਜਾਬ ਦੇ ਗੈਰ ਪੇਸ਼ੇਵਾਰ ਫ਼ੋਟੋਗਰਾਫ਼ਰ ਵੱਲੋਂ ਖਿੱਚੀ ਗਈ ਤਸਵੀਰ ਨੂੰ ਦਿੱਤਾ ਜਾਵੇਗਾ।ਫ਼ੋਟੋਗਰਾਫ਼ਰ ਵੱਲੋਂ ਤਸਵੀਰ ਰਿਹਾਇਸ਼ੀ ਖੇਤਰ ਵਿੱਚ ਦਿਸਣ ਵਾਲੀ ਕੁਦਰਤ ਜਾਂ ਜੀਵ ਜੰਤੂਆਂ ਨਾਲ ਸਬੰਧਿਤ ਹੋਣੀ ਚਾਹੀਦੀ ਹੈ।ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਐਵਾਰਡਾਂ ਲਈ ਅਪਲਾਈ ਕਰਨ ਦੀ ਆਖ਼ਰੀ ਮਿਤੀ, ਅਪਲਾਈ ਕਰਨ ਵਾਲੇ ਪ੍ਰੋਫਾਰਮੇ ਜਾਂ ਹੋਰ ਵਧੇਰੇ ਜਾਣਕਾਰੀ ਲਈ www.sochngo.org ਉਪਰ ਪਹੁੰਚ ਕੀਤੀ ਜਾ ਸਕਦੀ ਹੈ ਜਾਂ ਮੋਬਾਈਲ ਨੰਬਰ 82839-33002 ਉਪਰ ਸੰਪਰਕ ਕੀਤਾ ਜਾ ਸਕਦਾ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿੱਚ ਵਧ-ਚੜ੍ਹ ਕੇ ਸ਼ਾਮਿਲ ਹੋਣ ਅਤੇ ਐਵਾਰਡਾਂ

## ਨਸ਼ਿਆਂ ਖ਼ਿਲਾਫ਼ ਮੁਹੱਲਾ ਇਸਲਾਮਾਬਾਦ 'ਚ ਸਰਚ ਮੁਹਿੰਮ ਚਲਾਈ

**ਗੁਰਦਾਸਪੁਰ, (ਜਨਕ ਮਹਾਜਨ)**-ਜ਼ਿਲ੍ਹਾ ਪੁਲਸ ਮੁਖੀ ਦਾਯਮਾ ਹਰੀਸ਼ ਕੁਮਾਰ ਵੱਲੋਂ ਸਮੇਤ ਪੁਲਸ ਪਾਰਟੀ ਮੁਹੱਲਾ ਇਸਲਾਮਾਬਾਦ ਵਿਖੇ ਨਸ਼ਿਆਂ ਖ਼ਿਲਾਫ਼ ਸਰਚ ਅਭਿਆਨ ਚਲਾਇਆ ਗਿਆ।

ਇਸ ਮੌਕੇ ਉਨ੍ਹਾਂ ਆਪ ਮੁਹਾਰੇ ਹੋ ਕੇ ਪੁਲਸ ਪਾਰਟੀ ਨਾਲ ਘਰਾਂ ਦੀ ਤਲਾਸ਼ੀ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਜ਼ਿਲ੍ਹਾ ਪੁਲਸ ਮੁਖੀ ਦਾਯਮਾ ਹਰੀਸ਼ ਕੁਮਾਰ ਨੇ ਦੱਸਿਆ ਕਿ ਮਾਨਯੋਗ ਮੁੱਖ ਮੰਤਰੀ ਅਤੇ ਡੀਜੀਪੀ ਪੰਜਾਬ ਦੇ ਹੁਕਮਾਂ 'ਤੇ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸ਼ਹਿਰ ਅੰਦਰ ਨਸ਼ਿਆਂ ਖ਼ਿਲਾਫ਼ ਵੱਖ-ਵੱਖ ਅਭਿਆਨ ਚਲਾਏ ਜਾ ਰਹੇ ਹਨ ਜਿਸ ਤਹਿਤ ਅੱਜ ਜ਼ਿਲ੍ਹਾ ਪੁਲਸ ਵੱਲੋਂ ਸਵੇਰੇ 4 ਵਜੇ ਦੇ ਕਰੀਬ ਇਸਲਾਮਾਬਾਦ ਮੁਹੱਲਾ ਵਿਖੇ ਇਹ ਸਰਚ ਅਭਿਆਨ ਚਲਾਇਆ ਗਿਆ। ਉਨ੍ਹਾਂ ਖ਼ੁਦ ਇਸ ਸਰਚ ਅਭਿਆਨ ਦੀ ਅਗਵਾਈ ਕੀਤੀ। ਉਨ੍ਹਾਂ ਦੱਸਿਆ ਕਿ ਨਸ਼ੇ ਦਾ ਕਾਰੋਬਾਰ ਕਰਨ ਕਰਨ ਵਾਲੇ ਕੁਝ ਘਰਾਂ ਦੀ ਪਹਿਚਾਣ ਕਰ ਲਈ ਗਈ ਹੈ ਅਤੇ ਜਲਦ ਹੀ ਉਨ੍ਹਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅਜਿਹੇ ਕਾਰੋਬਾਰ ਕਰਨ ਵਾਲਿਆਂ ਨੂੰ ਸਖਤ ਤਾੜਨਾ ਕਰਦਿਆਂ ਕਿਹਾ ਕਿ ਉਹ ਨਸ਼ੇ ਦਾ ਕਾਰੋਬਾਰ ਕਰਨ ਤੋਂ ਬਾਜ਼ ਆ ਜਾਣ ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਸਰਚ ਅਭਿਆਨ ਮੌਕੇ ਵੱਡੀ ਗਿਣਤੀ ਵਿਚ ਪੁਲਸ ਮੁਲਾਜ਼ਮ ਉਨ੍ਹਾਂ ਨਾਲ ਹਾਜ਼ਰ ਸਨ।

## ਉਸਮਾ ਟੋਲ ਪਲਾਜ਼ੇ 'ਤੇ ਲੱਗਣ ਵਾਲੇ ਧਰਨੇ ਦੀਆਂ ਤਿਆਰੀਆਂ ਜ਼ੋਰਾਂ 'ਤੇ : ਚੁਤਾਲਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਪਿੰਡ ਇਕਾਈ ਵਲੋਂ ਅੱਜ ਉਸਮਾ ਟੋਲ ਪਲਾਜ਼ੇ ਤੇ ਇਕ ਵੀਡੀਓ ਜਾਰੀ ਕਰਕੇ ਕਿਹਾ ਹੈ ਕਿ 10 ਜਨਵਰੀ ਨੂੰ ਉਸਮਾਂ ਟੋਲ ਪਲਾਜ਼ਾ ਪੂਰੀ ਤਰ੍ਹਾਂ ਬੰਦ ਕਰਕੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਜਾਰੀ ਵੀਡੀਓ ਵਿੱਚ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਨੇ ਕਿਹਾ ਕਿ ਚੁਤਾਲਾ ਮੋੜ ਦੀ ਸਰਵਿਸ ਰੋਡ 'ਤੇ ਹਮੇਸ਼ਾ ਗੰਦਾ ਪਾਣੀ ਖੜ੍ਹਾ ਰਹਿੰਦਾ ਹੈ ਅਤੇ ਪਿੰਡ ਦੇ ਲੋਕਾਂ ਸਕੂਲੀ ਬੱਚਿਆਂ ਤੇ ਬਜ਼ੁਰਗਾਂ ਨੂੰ ਪਾਣੀ ਵਿੱਚੋਂ ਲੰਘ ਕੇ ਜਾਣਾ ਹੈ। ਦੂਸਰੇ ਪਾਸੇ ਕਿਸਾਨਾਂ ਤੋਂ ਸਸਤੇ ਭਾਅ ਜ਼ਮੀਨਾਂ ਲੈ ਕੇ ਟੋਲ ਪਲਾਜ਼ੇ 'ਤੇ ਰਾਹਗੀਰਾਂ ਤੋਂ ਦਿਨ-ਰਾਤ ਲੱਖਾਂ ਕਰੋੜਾਂ ਰੁਪਏ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਉਗਰਾਹਿਆ ਜਾਂਦਾ ਹੈ ਪਰ ਕੰਪਨੀ ਦਾ ਟੁੱਟੀਆਂ ਸੜਕਾਂ ਵੱਲ ਕੋਈ ਧਿਆਨ ਨਹੀਂ ਹੈ। ਇਸ ਮਸਲੇ ਨੂੰ ਕਈ ਵਾਰ ਨੈਸ਼ਨਲ ਹਾਈਵੇ ਅਥਾਰਟੀ ਦੇ ਅਧਿਕਾਰੀਆਂ ਦੇ ਧਿਆਨ ਵਿਚ ਲਿਆਂਦਾ ਗਿਆ ਹੈ ਪਰ ਮਹਿਕਮੇ ਦੇ ਅਫਸਰਾਂ ਦੇ ਕੰਨ 'ਤੇ ਜੂੰ ਨਹੀਂ ਸਰਕੀ।ਆਗੂ ਨੇ ਹੋਰ ਕਿਹਾ ਕਿ ਪਿੰਡ ਦੁੱਗਲਵਾਲਾ ਅਤੇ ਪਿੰਡ ਉਸਮਾ ਨੂੰ ਜਾਣ ਲਈ ਨੈਸ਼ਨਲ ਹਾਈਵੇ ਤੇ ਕੋਈ ਕੱਟ ਨਹੀਂ ਹੈ ਤੇ ਲੋਕਾਂ ਨੂੰ ਘੁੰਮ-ਘੁਮਾ ਕੇ ਦੂਰੋਂ ਮੁੜਨਾ ਪੈਂਦਾ ਹੈ।ਆਗੂਆਂ ਨੇ ਕਿਹਾ ਕਿ ਇਸ ਧਰਨੇ ਨੂੰ ਸਫ਼ਲ ਕਰਨ ਲਈ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਜ਼ਿਲ੍ਹੇ ਦੇ ਚਾਰ ਜ਼ੋਨਾ ਦੀ ਡਿਊਟੀ ਲਾ ਦਿੱਤੀ ਹੈ।ਜਿੰਨਾ ਚਿਰ ਮਸਲੇ ਦਾ ਹੱਲ ਨਹੀਂ ਹੁੰਦਾ ਉਨਾ ਚਿਰ ਧਰਨਾ ਜਾਰੀ ਰਹੇਗਾ।ਇਸ ਮੌਕੇ ਜ਼ੋਨ ਆਗੂ ਸਤਨਾਮ ਸਿੰਘ, ਮਾਸਟਰ ਸੁਰਜੀਤ ਸਿੰਘ ਮੇਹਰ ਸਿੰਘ, ਤਰਸੇਮ ਸਿੰਘ ਰਿਟਾਇਡ ਮੈਨੇਜਰ, ਤਾਰਾ ਸਿੰਘ, ਨਰਿੰਦਰ ਸਿੰਘ, ਪਾਲ ਸਿੰਘ, ਨੰਬਰਦਾਰ ਨਰਿੰਦਰ ਸਿੰਘ, ਜਰਨੈਲ ਸਿੰਘ, ਬੀਰਾ ਸਿੰਘ ਆਦਿ ਆਗੂ ਹਾਜ਼ਰ ਸਨ।

## ਖਾਲਸਾ ਕਾਲਜ ਵਿਖੇ ਕਿਸਾਨ ਸਿਖਲਾਈ ਪ੍ਰੋਗਰਾਮ ਆਯੋਜਿਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਖਾਲਸਾ ਕਾਲਜ ਦੇ ਕਿਸਾਨ ਸਿਖਲਾਈ ਕੇਂਦਰ ਵਿਖੇ ਸਰਕਾਰੀ ਸਕੂਲ ਜੱਬੋਵਾਲ ਅਤੇ ਸਰਕਾਰੀ ਸਕੂਲ ਕਿਆਮਪੁਰ ਦੇ ਲਗਭਗ 25 ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਆਯੋਜਿਤ ਸਿਖਲਾਈ ਪ੍ਰੋਗਰਾਮ ਸੰਪੰਨ ਹੋ ਗਿਆ। ਇਸ ਸਬੰਧੀ ਕਾਲਜ ਪ੍ਰਿੰ. ਡਾ. ਮਹਿਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਸੂਚਨਾ ਅਫ਼ਸਰ ਸ: ਜਸਵਿੰਦਰ ਸਿੰਘ ਭਾਟੀਆ ਦੀ ਅਗਵਾਈ ਹੇਠ ਕਰਵਾਈ ਉਕਤ ਸਿਖਲਾਈ ਦੌਰਾਨ ਖੁੰਬਾਂ ਦੀ ਕਾਸ਼ਤ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ। ਉਨ੍ਹਾਂ ਕਿਹਾ ਕਿ ਸ: ਭਾਟੀਆ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਹਰੇਕ ਪਹਿਲੂ ਨੂੰ ਬਾਰੀਕੀ ਨਾਲ ਸਮਝਾਇਆ।

ਇਸ ਮੌਕੇ ਭਾਟੀਆ ਨੇ ਟਿਕਾਊ ਖੇਤੀ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਵਰਮੀਕੰਪੋਸਟ ਅਤੇ ਮਸ਼ਰੂਮ ਕਲਚਰ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਮੌਕੇ ਵਿਦਿਆਰਥੀਆਂ ਨੇ ਨਾ ਸਿਰਫ਼ ਸਿਧਾਂਤਕ ਗਿਆਨ ਹਾਸਲ ਕੀਤਾ, ਬਲਕਿ ਵਿਹਾਰਕ ਹੁਨਰ ਵੀ ਹਾਸਲ ਕੀਤੇ ਜੋ ਖੇਤਰ *ਚ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਲਈ ਮਹੱਤਵਪੂਰਨ ਹਨ। ਉਕਤ ਸਿਖਲਾਈ ਦੇ ਅੰਤਿਮ ਦਿਨ ਖੇਤੀਬਾੜੀ ਵਿਕਾਸ ਅਫਸਰ ਡਾ. ਸ਼ਿਵਾਨੀ ਪਾਲਿਆਲ ਦੇ ਨਾਲ ਗੀਨੂ ਵਿਰਦੀ ਅਤੇ ਹਰਮਨ ਬਾਠ ਜੋ ਖੇਤੀਬਾੜੀ ਵਿਕਾਸ ਅਫਸਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ, ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਸਿਖਲਾਈ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਅਤੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ। ਵੋਕੇਸ਼ਨਲ ਲੈਕਚਰਾਰ ਸੰਜੀਵ ਕੁਮਾਰ ਅਤੇ ਜਸਬੀਰ ਸਿੰਘ ਨੇ ਭਾਟੀਆ ਅਤੇ ਪ੍ਰਿੰ: ਡਾ. ਮਹਿਲ ਸਿੰਘ ਦਾ ਇਸ ਭਰਪੂਰ ਸਿਖਲਾਈ ਸੈਸ਼ਨ ਦਾ ਆਯੋਜਨ ਕਰਨ ਲਈ ਧੰਨਵਾਦ ਕੀਤਾ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਤੋਂ ਨਗਰ ਕੀਰਤਨ ਸਜਾਇਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਦਮਦਮੀ ਟਕਸਾਲ ਦੇ ਮੁਖੀ ਅਤੇ ਪ੍ਰਧਾਨ ਸੰਤ ਸਮਾਜ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂ ਵਾਲਿਆਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜਥਾ ਭਿੰਡਰਾਂ ਤੋਂ ਇਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਰਵਾਨਗੀ ਸਮੇਂ ਜਥੇ. ਅਜੀਤ ਸਿੰਘ ਤਰਨਾ ਦਲ, ਗਿਆਨੀ ਸਾਹਿਬ ਸਿੰਘ, ਜਥੇ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਬੋਹੜ ਸਿੰਘ, ਭਾਈ ਪ੍ਰਕਾਸ਼ ਸਿੰਘ, ਭਾਈ ਨਿਰਮਲ ਸਿੰਘ, ਭਾਈ ਜਰਨੈਲ ਸਿੰਘ, ਸਰਪੰਚ ਕਸ਼ਮੀਰ ਸਿੰਘ ਮਹਿਤਾ ਆਦਿ ਦੀ ਹਾਜ਼ਰੀ ਵਿਚ ਅਰਦਾਸ ਬੇਨਤੀ ਕਰਨ ਉਪਰੰਤ ਨਗਰ ਕੀਰਤਨ ਰਵਾਨਾ ਕੀਤਾ ਗਿਆ।ਦਸਵ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਜਾਏ ਗਏ ਇਸ ਨਗਰ ਕੀਰਤਨ ਦਾ ਵੱਖ-ਵੱਖ ਨਗਰਾਂ ਦੀਆਂ ਸੰਗਤਾਂ ਵੱਲੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਸਵਾਗਤ ਕੀਤਾ ਗਿਆ।ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਾਲੀ ਪਾਲਕੀ ਸਾਹਿਬ ਉਪਰ ਰੁਮਾਲੇ ਭੇਟ ਕਰਦੇ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਆਪਣੀ ਅਕੀਦਤ ਦਾ ਪ੍ਰਗਟਾਵਾ ਕੀਤਾ।

ਦਮਦਮੀ ਟਕਸਾਲ ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰੇ ਖਾਲਸਾ ਅਕੈਡਮੀ ਵਿਖੇ ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ: ਸੁਖਮੀਤ ਕੌਰ, ਪ੍ਰਿੰ: ਹਰਸ਼ਦੀਪ ਸਿੰਘ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਗੁਰਪਿੰਦਰ ਸਿੰਘ, ਡਾ. ਅਰਪਿੰਦਰ ਸਿੰਘ, ਇਕਬਾਲ ਸਿੰਘ ਸ਼ਾਹ, ਹਰਪਾਲ ਸਿੰਘ ਆਦਿ ਨੇ ਪਾਲਕੀ ਸਾਹਿਬ ਦੇ ਸਤਿਕਾਰ ਵਜੋਂ ਰੁਮਾਲਾ ਸਾਹਿਬ ਭੇਟ ਕੀਤੇ।ਸੈਂਕੜੇ ਗੱਡੀਆਂ ਮੋਟਰਾਂ ਅਤੇ ਟਰੈਕਟਰ ਟਰਾਲੀਆਂ ਵਾਲਾ ਇਹ ਨਗਰ ਕੀਰਤਨ ਦਮਦਮੀ ਟਕਸਾਲ ਤੋਂ ਰਵਾਨਾ ਹੋ ਕੇ ਖਾਲਸਾ ਅਕੈਡਮੀ, ਉਦੋਨੰਗਲ, ਸੂਰੋ ਪੱਡਾ, ਨਾਥ ਦੀ ਖੂਹੀ, ਜਲਾਲ ਉਸਮਾ ਰਜਧਾਨ ਤੋਂ ਬਰਾਸਤਾ ਬਾਬਾ ਬਕਾਲਾ ਸਾਹਿਬ, ਸਠਿਆਲਾ, ਗੱਗੜ ਭਾਣਾ, ਬੁੱਟਰ, ਖੱਬੇ ਰਾਜਪੂਤਾਂ ਆਦਿ ਤੋਂ ਹੁੰਦਾ ਹੋਇਆ ਦੇਰ ਸ਼ਾਮ ਨੂੰ ਵਾਪਸ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਵਿਖੇ ਪੁੱਜਾ।ਇਸ ਮੌਕੇ ਭਾਈ ਜੀਵਾ ਸਿੰਘ, ਬਾਬਾ ਗੁਰਦੇਵ ਸਿੰਘ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕੇ ਵਾਲੇ, ਸਾਬਕਾ ਵਿਧਾਇਕ ਅਤੇ ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ, ਬਾਬਾ ਸੁਖਵੰਤ ਸਿੰਘ ਚੰਨਣਕੇ, ਭਾਈ ਹਰਗੋਪਾਲ ਸਿੰਘ ਰੰਧਾਵਾ, ਜਥੇ. ਨਸੀਬ ਸਿੰਘ, ਭਾਈ ਸਰਨਾਮ ਸਿੰਘ, ਜਥੇ. ਰਾਜਬੀਰ ਸਿੰਘ ਉਦੋਨੰਗਲ ਮੈਂਬਰ ਪੀ. ਏ. ਸੀ. ਗੁਰਮੁਖ ਸਿੰਘ ਸਾਹਿਬਾ ਸਾਬਕਾ ਡਾਇਰੈਕਟਰ, ਰਜਿੰਦਰ ਸਿੰਘ ਰੰਧਾਵਾ ਸਾਬਕਾ ਸਰਪੰਚ, ਜਗਦੇਵ ਸਿੰਘ ਸਾਬਕਾ ਚੇਅਰਮੈਨ, ਭੁਪਿੰਦਰ ਸਿੰਘ ਪ੍ਰਧਾਨ, ਪ੍ਰਿੰ: ਸ਼ਿਵਚਰਨ ਸਿੰਘ, ਜਥੇ. ਇਕਬਾਲ ਸਿੰਘ ਮਾਨ, ਕੰਵਰਦੀਪ ਸਿੰਘ ਮਾਨ ਸਾਬਕਾ ਚੇਅਰਮੈਨ, ਕਰਮ ਸਿੰਘ, ਗੁਰਮੀਤ ਸਿੰਘ ਮਾਨ, ਨਿਸ਼ਕਾਮ ਕੀਰਤਨੀ ਜਥੇ ਦੇ ਮਾਸਟਰ ਜਸਵੰਤ ਸਿੰਘ, ਮਾਸਟਰ ਸੁਖਵਿੰਦਰ ਸਿੰਘ, ਸਰਪੰਚ ਹਰਚਰਨ ਸਿੰਘ ਅੱਦੋਵਾਲੀ, ਡਾ. ਹਰਦੀਪ ਸਿੰਘ, ਕੁਲਜੀਤ ਸਿੰਘ, ਭਾਈ ਨਰਿੰਦਰ ਸਿੰਘ ਆਦਿ ਨੇ ਵੀ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ।

## ਭਰੋਵਾਲ ਦੇ ਦਰਜਨਾਂ ਪਰਿਵਾਰ ਹਰਜੀਤ ਸੰਧੂ ਦੀ ਅਗਵਾਈ ਹੇਠ ਭਾਜਪਾ 'ਚ ਸ਼ਾਮਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਇਤਿਹਾਸਕ ਪਿੰਡ ਭਰੋਵਾਲ ਵਿਖੇ ਭਾਰਤੀ ਜਨਤਾ ਪਾਰਟੀ ਵਿੱਚ ਦਰਜਨਾਂ ਪਰਿਵਾਰਾਂ ਨੇ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਸ਼ਮੂਲੀਅਤ ਕਰ ਲਈ।ਭਾਰਤੀ ਜਨਤਾ ਪਾਰਟੀ ਦੇ ਨੌਜਵਾਨ ਆਗੂ ਰਘਬੀਰ ਸਿੰਘ ਦੀ ਪ੍ਰੇਰਨਾ ਸਦਕਾ ਕੁਲਵਿੰਦਰ ਸਿੰਘ ਦੇ ਗ੍ਰਹਿ ਵਿਖੇ ਇਕੱਤਰ ਦਰਜਨਾਂ ਪਰਿਵਾਰਾਂ ਨੂੰ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨਾਲ ਹੁਣ ਲੋਕ ਦਿਲੋਂ ਚੱਲਣ ਲੱਗ ਗਏ ਹਨ ਕਿਉਂਕਿ ਲੋਕਾਂ ਨੂੰ ਸਮਝ ਆ ਗਈ ਹੈ ਕਿ ਕੇਂਦਰ ਦੀ ਸਰਕਾਰ ਤੋਂ ਬਿਨਾਂ ਪੰਜਾਬ ਦਾ ਭਲਾ ਨਹੀਂ ਹੋ ਸਕਦਾ, ਪੰਜਾਬ ਦੀ ਭਲਾਈ ਸਿਰਫ ਭਾਰਤੀ ਜਨਤਾ ਪਾਰਟੀ ਹੀ ਕਰ ਸਕਦੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਵੱਡੀ ਜਿੱਤ ਪ੍ਰਾਪਤ ਕੀਤੀ ਜਾ ਰਹੀ ਹੈ ਅਤੇ ਇਹ ਸਾਰਾ ਕੁਝ ਤਾਂ ਹੀ ਹੋ ਰਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਰੋਜ਼ਾਨਾ ਹੀ ਲੋਕਾਂ ਨੂੰ ਨਿਰਵਿਘਨ ਸਹੂਲਤਾਂ ਮਿਲ ਰਹੀਆਂ ਹਨ ਅਤੇ ਬਾਕੀ ਸੂਬਿਆਂ ਦੀ ਤਰਜ਼ ਤੇ ਪੰਜਾਬ ਦੇ ਲੋਕ ਵੀ ਹੁਣ ਆਰਥਿਕ ਪੱਖੋਂ ਮਜ਼ਬੂਤ ਹੋਣਗੇ।ਸ਼ਾਮਲ ਹੋਣ ਵਾਲਿਆਂ ਵਿੱਚ ਕੁਲਵਿੰਦਰ ਸਿੰਘ ਰਿੰਕੂ, ਬਾਬਾ ਲਾਭ ਸਿੰਘ, ਲਖਵਿੰਦਰ ਸਿੰਘ, ਕੁਲਵੰਤ ਸਿੰਘ, ਵਰਿੰਦਰ ਸਿੰਘ, ਪ੍ਰਕਾਸ਼ ਸਿੰਘ, ਯਾਦਵਿੰਦਰ ਸਿੰਘ, ਸੁਰਜੀਤ ਸਿੰਘ, ਰਾਜਬੀਰ ਕੌਰ, ਕੁਲਜੀਤ ਕੌਰ, ਹਰਮਨਦੀਪ ਸਿੰਘ, ਸਤਨਾਮ ਸਿੰਘ ਨੇ ਆਪਣੇ ਪਰਿਵਾਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਕੇ ਖੁਸ਼ੀ ਅਤੇ ਮਾਣ ਮਹਿਸੂਸ ਕੀਤਾ ਅਤੇ ਕਿਹਾ ਕਿ ਪਾਰਟੀ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਹੀ ਲਾਮਬੰਦੀ ਕਰਦੇ ਰਹਿਣਗੇ।ਇਸ ਮੌਕੇ ਤੇ ਜਿਲਾ ਪ੍ਰੀਸ਼ਦ ਦੇ ਸਾਬਕਾ ਚੇਅਰਮੈਨ ਰਣਜੀਤ ਸਿੰਘ, ਜ਼ਿਲਾ ਜਰਨਲ ਸਕੱਤਰ ਸੁਰਜੀਤ ਸਿੰਘ ਸਾਗਰ, ਸ਼ਿਵ ਕੁਮਾਰ ਸੋਨੀ ਮੀਤ ਪ੍ਰਧਾਨ, ਅਮਰਪਾਲ ਸਿੰਘ ਖਹਿਰਾ ਮੀਤ ਪ੍ਰਧਾਨ, ਸੀਨੀਅਰ ਭਾਜਪਾ ਆਗੂ ਹਰਪ੍ਰੀਤ ਸਿੰਘ ਸਿੰਦਬਾਦ, ਐੱਸਸੀ ਮੋਰਚੇ ਜਨਰਲ ਸਕੱਤਰ ਅਵਤਾਰ ਸਿੰਘ ਬੰਟੀ, ਮੰਡਲ ਪ੍ਰਧਾਨ ਹਰਮਨਜੀਤ ਸਿੰਘ, ਮੰਡਲ ਪ੍ਰਧਾਨ ਮੇਹਰ ਸਿੰਘ ਬਾਣੀਆ, ਮੰਡਲ ਪ੍ਰਧਾਨ ਪਵਨ ਦੇਵਗਨ, ਮੰਡਲ ਪ੍ਰਧਾਨ ਰੋਹਿਤ ਵੇਦੀ ਵੀ ਮੌਜੂਦ ਸਨ।

ਨਵਾਂ ਜ਼ਮਾਨਾ
ਮੰਗਲਵਾਰ, 9 ਜਨਵਰੀ 2024

# ਗੁਆਂਢੀ ਨਾਲ ਵਿਗਾੜ ਮਾੜਾ

ਮਾਲਦੀਵ ਦੇ ਖਿਲਾਫ ਭਾਰਤ ਵਿਚ ਜ਼ਬਰਦਸਤ ਮਾਹੌਲ ਬਣਿਆ ਹੋਇਆ ਹੈ। ਬਾਈਕਾਟ ਤੱਕ ਦਾ ਰੌਲਾ ਪਾਇਆ ਜਾ ਰਿਹਾ ਹੈ। ਈਜ਼ ਮਾਈ ਟ੍ਰਿਪ ਨਾਂਅ ਦੀ ਟੂਰਿਜ਼ਮ ਕੰਪਨੀ ਨੇ ਮਾਲਦੀਵ ਲਈ ਸਾਰੀਆਂ ਫਲਾਈਟਾਂ ਵਿਚ ਆਪਣੀ ਬੁਕਿੰਗ ਰੱਦ ਕਰ ਦਿੱਤੀ ਹੈ। ਉਸ ਨੇ 'ਚਲੋ ਲਕਸ਼ਦੀਪ' ਦਾ ਨਾਅਰਾ ਦਿੱਤਾ ਹੈ। ਬਾਲੀਵੁੱਡ ਐਕਟਰ ਅਕਸ਼ੈ ਕੁਮਾਰ, ਸਲਮਾਨ ਖਾਨ, ਜੌਹਨ ਅਬਰਹਾਮ, ਸ਼ਰਧਾ ਕਪੂਰ, ਕੰਗਣਾ ਰਣੌਤ, ਸਾਬਕਾ ਕ੍ਰਿਕਟਰ ਸਚਿਨ ਤੇਂਦੁਲਕਰ, ਆਕਾਸ਼ ਚੋਪੜਾ ਆਦਿ ਦੀ ਅਗਵਾਈ ਵਿਚ ਐਤਵਾਰ ਲਕਸ਼ਦੀਪ ਵਿਚ ਸੈਰ-ਸਪਾਟੇ ਦੇ ਹੱਕ ਵਿਚ ਮੁਹਿੰਮ ਚਲਾਈ ਗਈ, ਜਿਸ ਦਾ ਸਿੱਧ ਜਿਹਾ ਅਰਥ ਸੀ ਕਿ ਮਾਲਦੀਵ ਜਾਣ ਦੀ ਕੋਈ ਲੋੜ ਨਹੀਂ। ਸੱਜ-ਪਿਛਾਖੜੀਆਂ ਨੇ ਤਾਂ ਮਾਲਦੀਵ ਦੇ ਬਾਈਕਾਟ ਦਾ ਹੀ ਐਲਾਨ ਕਰ ਦਿੱਤਾ। ਇਹ ਉਹੀ ਮਾਲਦੀਵ ਹੈ, ਜਿਹੜਾ ਫਿਲਮਸਾਜ਼ਾਂ ਲਈ ਪਸੰਦੀਦਾ ਦੇਸ਼ ਰਿਹਾ ਹੈ। ਦਰਅਸਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਾਲ ਹੀ ਵਿਚ ਲਕਸ਼ਦੀਪ ਗਏ ਸਨ। ਉਥੇ ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲਕਸ਼ਦੀਪ ਦੀ ਸੈਰ ਵੀ ਜ਼ਰੂਰ ਕਰਨ। ਉਨ੍ਹਾ ਮਾਲਦੀਵ ਦਾ ਜ਼ਿਕਰ ਨਹੀਂ ਕੀਤਾ, ਪਰ ਮਾਲਦੀਵ ਦੇ ਤਿੰਨ ਮੰਤਰੀਆਂ ਮਰੀਅਮ ਸ਼ਿਊਨਾ, ਮਾਲਸ਼ਾ ਸ਼ਰੀਫ ਤੇ ਮਹਜ਼ੂਮ ਮਾਜਿਦ ਨੇ ਇਸ ਦਾ ਇਹ ਅਰਥ ਕੱਢ ਲਿਆ ਕਿ ਪ੍ਰਧਾਨ ਮੰਤਰੀ ਨੇ ਮਾਲਦੀਵ ਦੀ ਸੁੰਦਰਤਾ ਨੂੰ ਛੁਟਿਆਇਆ ਹੈ। ਉਨ੍ਹਾਂ ਸੋਸ਼ਲ ਮੀਡੀਆ 'ਤੇ ਪ੍ਰਧਾਨ ਮੰਤਰੀ ਖਿਲਾਫ ਅਪਮਾਨਜਨਕ ਟਿੱਪਣੀਆਂ ਕਰ ਦਿੱਤੀਆਂ। ਉਨ੍ਹਾਂ ਦੇ ਪਿੱਛੇ ਲੱਗ ਕੇ ਹੋਰਨਾਂ ਹਸਤੀਆਂ ਤੇ ਨਿਊਜ਼ ਚੈਨਲਾਂ ਨੇ ਵੀ ਮੋਦੀ ਤੇ ਭਾਰਤ ਖਿਲਾਫ ਬੋਲਣਾ ਸ਼ੁਰੂ ਕਰ ਦਿੱਤਾ। ਮਾਲਦੀਵ ਦੇ ਰਾਸ਼ਟਰਪਤੀ ਡਾ. ਮੁਹੰਮਦ ਮੁਈਜ਼ੂ ਨੇ ਆਪਣੇ ਮੰਤਰੀਆਂ ਦੇ ਵਿਹਾਰ ਦਾ ਗੰਭੀਰ ਨੋਟਿਸ ਲਿਆ ਤੇ ਤਿੰਨਾਂ ਨੂੰ ਹੀ ਮੁਅੱਤਲ ਕਰ ਦਿੱਤਾ। ਭਾਰਤ ਸਰਕਾਰ ਨੇ ਮਾਲਦੀਵ ਕੋਲ ਆਪਣੇ ਪ੍ਰਧਾਨ ਮੰਤਰੀ ਵਿਰੁੱਧ ਕੀਤੀਆਂ ਗਈਆਂ ਟਿੱਪਣੀਆਂ 'ਤੇ ਰੋਸ ਪ੍ਰਗਟਾਇਆ ਹੈ, ਪਰ ਉਸ ਦੇ ਬਾਈਕਾਟ ਵਾਲੀ ਗੱਲ ਨਹੀਂ ਕਹੀ। ਮਾਲਦੀਵ ਦੇ ਨਵੇਂ ਰਾਸ਼ਟਰਪਤੀ ਨੇ ਆਪਣੀ ਚੋਣ ਵਿਚ ਆਪਣੇ ਦੇਸ਼ ਵਿਚ ਭਾਰਤੀ ਫੌਜੀਆਂ ਦੀ ਮੌਜੂਦਗੀ ਨੂੰ ਵੀ ਵੱਡਾ ਮੁੱਦਾ ਬਣਾਇਆ ਸੀ ਤੇ ਚੁਣੇ ਜਾਣ 'ਤੇ ਉਨ੍ਹਾਂ ਨੂੰ ਕੱਢ ਦੇਣ ਦੀ ਗੱਲ ਕਹੀ ਸੀ। ਮੁਈਜ਼ੂ ਦਾ ਝੁਕਾਅ ਚੀਨ ਪੱਖੀ ਹੈ। ਇਸ ਵੇਲੇ ਉਹ ਚੀਨ ਦੇ ਦੌਰੇ 'ਤੇ ਵੀ ਹਨ। ਉੱਥੋਂ ਦੇ ਜੂਨੀਅਰ ਮੰਤਰੀਆਂ ਦੀ ਬਿਆਨਬਾਜ਼ੀ ਨੂੰ ਦਿਲ 'ਤੇ ਲਾਉਣਾ ਠੀਕ ਨਹੀਂ ਹੋਵੇਗਾ। ਮਾਲਦੀਵ ਦੇ ਭਾਰਤ ਨਾਲ ਰਿਸ਼ਤੇ ਚੰਗੇ ਰਹੇ ਹਨ। ਪਿਛਲੇ ਰਾਸ਼ਟਰਪਤੀ ਦਾ ਭਾਰਤ ਪ੍ਰਤੀ ਝੁਕਾਅ ਰਿਹਾ ਹੈ। ਮੁਈਜ਼ੂ ਸਰਕਾਰ ਵਿਰੁੱਧ ਬਾਈਕਾਟ ਦੀ ਬਿਆਨਬਾਜ਼ੀ ਭਾਰਤ ਨੂੰ ਪੁੱਠੀ ਪੈ ਸਕਦੀ ਹੈ। ਇਸ ਤਰ੍ਹਾਂ ਉੱਥੋਂ ਦੇ ਲੋਕਾਂ ਵਿਚ ਭਾਰਤ ਪ੍ਰਤੀ ਨਾਰਾਜ਼ਗੀ ਵਧ ਸਕਦੀ ਹੈ। ਸਾਡੇ ਆਪਣੇ ਬਹੁਤੇ ਗੁਆਂਢੀਆਂ ਨਾਲ ਰਿਸ਼ਤੇ ਪਹਿਲਾਂ ਹੀ ਚੰਗੇ ਨਹੀਂ। ਇਸ ਦੇ ਨਾਲ ਹੀ ਭਾਰਤ ਦੇ ਸੈਰ-ਸਪਾਟੇ ਦੇ ਸ਼ੌਕੀਨ ਲੋਕਾਂ ਨੂੰ ਵੀ ਅਖੌਤੀ ਸਿਤਾਰਿਆਂ ਤੋਂ ਖਬਰਦਾਰ ਰਹਿਣਾ ਪੈਣਾ ਹੈ। ਮਾਲਦੀਵ ਦਾ ਵਿਰੋਧ ਕਰਨ ਵਾਲੇ ਅਕਸ਼ੈ ਕੁਮਾਰ ਨੇ ਨਵਾਂ ਸਾਲ ਮਾਲਦੀਵ ਵਿਚ ਹੀ ਬਿਤਾਇਆ ਸੀ। ਵਿਰਾਟ ਕੋਹਲੀ ਤੇ ਅਨੁਸ਼ਕਾ ਸ਼ਰਮਾ ਨੇ ਹਨੀਮੂਨ ਮਾਲਦੀਵ ਵਿਚ ਹੀ ਮਨਾਇਆ ਸੀ। ਹੁਣ ਪ੍ਰਧਾਨ ਮੰਤਰੀ ਮੋਦੀ ਦੇ ਮਗਰ ਲੱਗ ਕੇ ਲਕਸ਼ਦੀਪ ਦੀਆਂ ਗੱਲਾਂ ਕਰਨ ਵਾਲੇ ਇਹ ਸਿਤਾਰੇ ਉਦੋਂ ਕਿੱਥੇ ਸਨ, ਜਦੋਂ ਲਕਸ਼ਦੀਪ ਦੇ ਮੂਲ ਵਾਸੀਆਂ 'ਤੇ ਅੱਤਿਆਚਾਰ ਹੋ ਰਿਹਾ ਸੀ ਤੇ ਉਹ ਅੰਦੋਲਨ ਕਰ ਰਹੇ ਸਨ। ਲੋਕਾਂ ਨੂੰ ਲਕਸ਼ਦੀਪ ਦੇ ਨਾਲ-ਨਾਲ ਮਾਲਦੀਵ ਦੀ ਸੁੰਦਰਤਾ ਨੂੰ ਵੀ ਦੇਖਣਾ ਚਾਹੀਦਾ ਹੈ। ਦੋਹਾਂ ਮੁਲਕਾਂ ਵਿਚਾਲੇ ਕਿਸੇ ਵੀ ਤਰ੍ਹਾਂ ਦੀ ਤਲਖੀ ਠੀਕ ਨਹੀਂ ਹੋਵੇਗੀ।

# ਡਰਾਈਵਰ ਦੀ ਜ਼ਿੰਦਗੀ

**ਸੂਬੇਦਾਰ ਜਸਵਿੰਦਰ ਸਿੰਘ**

ਮੈਂ, ਡਰਾਈਵਰ ਵੀਰਾਂ ਦੀ ਗੱਲ ਕਰਨ ਲੱਗਾ ਹਾਂ। ਡਰਾਈਵਰ ਦੀ ਜ਼ਿੰਦਗੀ ਵੀ ਬਹੁਤ ਹੀ ਸੰਘਰਸ਼ਮਈ ਜ਼ਿੰਦਗੀ ਹੈ, ਜੋ ਕਿ ਸਵੇਰ ਤੋਂ ਲੈ ਕੇ ਸੌਣ ਤੱਕ ਗੱਡੀ ਚਲਾਉਂਦਾ ਹੈ। ਗਰਮੀ-ਸਰਦੀ ਮੀਂਹ-ਹਨੇਰੀ ਧੁੰਦ, ਜੰਗਲ ਰੋਹੀ ਬੀਆਬਾਨ ਵਿੱਚ ਕੱਲਿਆਂ ਹੀ ਮੁਸ਼ਕਲ ਦਾ ਸਾਹਮਣਾ ਕਰਦਾ ਹੈ।

ਡਰਾਈਵਰ ਨੂੰ ਤਾਂ ਏਨਾ ਪਤਾ ਹੁੰਦਾ ਹੈ ਕਿ ਮਹਾਰਾਸ਼ਟਰ ਤੋਂ ਟਰੱਕ ਪਿਆਜ਼ਾਂ ਦਾ ਲੱਦ ਕੇ ਲੁਧਿਆਣੇ ਤੱਕ ਲੈ ਕੇ ਜਾਣਾ ਹੈ।

ਅਗਲਾ ਗੇੜਾ ਫੇਰ ਕਲਕੱਤੇ ਦਾ ਭਰਨਾ ਹੈ। ਰਸਤੇ ਦੇ ਵਿੱਚ ਉਸ ਦੇ ਨਾਲ ਕੁਝ ਵੀ ਵਾਪਰ ਸਕਦਾ ਹੈ। ਉਸ ਦੇ ਘਰ ਵੀ ਉਸ ਦੀ ਪਤਨੀ, ਬੱਚੇ ਉਡੀਕ ਰਹੇ ਹਨ। ਜੋ ਇਨਸਾਨ ਦਿਨ-ਰਾਤ ਸੜਕਾਂ ਦੇ ਉੱਪਰ ਮਿਹਨਤ ਕਰਕੇ ਆਪਣੇ ਘਰ ਦਾ ਪਾਲਣ-ਪੋਸ਼ਣ ਕਰਦਾ ਹੈ।

ਮੌਤ ਦੇ ਮੂੰਹ ਵਿੱਚ ਰਹਿ ਕੇ ਦੇਸ਼ ਦੀ ਜਨਤਾ ਨੂੰ ਸਾਮਾਨ ਪਹੁੰਚਾਉਂਦਾ ਹੈ, ਉਸ ਨੂੰ ਪਤਾ ਨਹੀਂ ਹੁੰਦਾ ਕਿ ਘਰ ਵਾਪਸ ਬੱਚਿਆਂ ਦੇ ਵਿੱਚ ਆਉਣਾ ਵੀ ਹੈ ਜਾਂ ਨਹੀਂ।

ਸੋ ਸਮੇਂ ਦੀ ਸਰਕਾਰ ਨੇ ਜੋ ਡਰਾਈਵਰਾਂ ਬਾਰੇ ਕਿਹਾ ਹੈ ਕਿ ਜੇਕਰ ਡਰਾਈਵਰ ਐਕਸੀਡੈਂਟ ਕਰਦਾ ਹੈ ਤਾਂ ਉਸ ਨੂੰ ਸੱਤ ਲੱਖ ਰੁਪਏ ਜੁਰਮਾਨਾ ਅਤੇ ਦਸ ਸਾਲ ਦੀ ਸਜ਼ਾ, ਭਲਾ ਪੁੱਛਣ ਵਾਲਾ ਹੋਵੇ ਕਿ ਡਰਾਈਵਰ ਇੰਨੇ ਰੁਪਏ ਕਿੱਥੋਂ ਦੇਵੇਗਾ।

ਮਸ਼ੀਨਰੀ ਇੰਨੀ ਵਧ ਗਈ ਹੈ, ਹਰ ਪਾਸੇ ਕਾਰਾਂ, ਮੋਟਰਸਾਈਕਲ ਹੀ ਦਿਸਦੇ ਹਨ, ਜੇਕਰ ਸੜਕਾਂ ਦੀ ਹਾਲਤ ਵੇਖੀਏ ਸੜਕਾਂ ਟੁੱਟੀਆਂ ਪਈਆਂ ਹਨ, ਗੱਡੀਆਂ ਲੰਘਣ ਨੂੰ ਪੂਰੀ ਜਗ੍ਹਾ ਨਹੀਂ ਹੁੰਦੀ।

ਮੋਟਰਸਾਈਕਲ ਵਾਲੇ ਅਤੇ ਕਾਰਾਂ ਵਾਲੇ ਵੀਰ ਜੋ ਓਵਰ ਸਪੀਡ ਚੱਲਦੇ ਹਨ, ਉਹਨਾਂ ਨੂੰ ਵੀ ਸਪੀਡ ਲਿਮਟ ਦਾ ਧਿਆਨ ਰੱਖਣਾ ਚਾਹੀਦਾ ਹੈ। ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਟਰੈਫਿਕ ਨਿਯਮਾਂ ਦਾ ਪਾਲਣ ਕਰੀਏ।

ਸੋ ਸਮੇਂ ਦੀ ਸਰਕਾਰ ਨੂੰ ਬੇਨਤੀ ਹੈ ਕਿ ਡਰਾਈਵਰ ਵੀਰਾਂ ਵੱਲ ਧਿਆਨ ਦੇਵੇ। ਜੇਕਰ ਡਰਾਈਵਰ ਵੀਰ ਗੱਡੀਆਂ ਚਲਾਉਣਗੇ ਤਾਂ ਹੀ ਸਾਡੇ ਕੋਲ ਹਰ ਰੋਜ਼ ਦੀਆਂ ਘਰੇਲੂ ਖਾਣ ਵਾਲੀਆਂ ਵਸਤਾਂ ਗੈਸ ਸਿਲੰਡਰ, ਪੈਟਰੋਲ, ਡੀਜ਼ਲ ਆਦਿ ਪਹੁੰਚਣਗੀਆਂ।

ਕੋਰੋਨਾ ਕਾਲ ਵੇਲੇ ਵੀ ਸਾਰੇ ਲੋਕ ਆਪਣੇ ਘਰਾਂ ਵਿੱਚ ਬੈਠੇ ਸਨ, ਪਰ ਡਰਾਈਵਰ ਵੀਰ ਹੀ ਸਾਨੂੰ ਮੌਤ ਦੇ ਮੂੰਹ ਵਿੱਚ ਪੈ ਕੇ ਸਾਰੀਆਂ ਚੀਜ਼ਾਂ ਮੁਹੱਈਆ ਕਰਵਾਉਂਦੇ ਸਨ। ਅਸੀਂ ਸਾਰਿਆਂ ਨੇ ਵੇਖ ਹੀ ਲਿਆ ਹੈ ਕਿ ਇੱਕ ਦਿਨ ਪੈਟਰੋਲ, ਡੀਜ਼ਲ, ਗੈਸ ਸਿਲੰਡਰ ਨਹੀਂ ਮਿਲੇ, ਦੁਨੀਆ ਕਿਸ ਤਰ੍ਹਾਂ ਭੱਜੀ ਫਿਰਦੀ ਸੀ।

ਸੋ ਸਮੇਂ ਦੀ ਸਰਕਾਰ ਨੂੰ ਡਰਾਈਵਰ ਭਰਾਵਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਇਹੋ ਜਿਹੇ ਕਾਨੂੰਨ ਸੋਚ-ਸਮਝ ਕੇ ਬਣਾਉਣੇ ਚਾਹੀਦੇ ਹਨ। ਜੇਕਰ ਡਰਾਈਵਰ ਵੀਰ ਟਰੱਕ ਚਲਾਉਣਗੇ, ਫਿਰ ਹੀ ਦੇਸ਼ ਚੱਲੇਗਾ ਅਤੇ ਵਿਕਾਸ ਹੋਵੇਗਾ।

# ਸੰਪਰਕ : 8146195193

# ਭਾਰਤ 'ਚ ਚਾਰ ਪਿੱਛੇ ਤਿੰਨ ਵਿਅਕਤੀਆਂ ਨੂੰ ਪੇਟ ਭਰ ਕੇ ਖਾਣਾ ਨਸੀਬ ਨਹੀਂ ਹੁੰਦਾ !

**ਕਾਮਰੇਡ - ਤੁਹਿਨ ਦੇਵ**
**ਅਨੁਵਾਦ : ਲਾਭ ਸਿੰਘ ਅਕਲੀਆ**

ਸੰਯੁਕਤ ਰਾਸ਼ਟਰ ਸੰਘ ਦੀ ਇੱਕ ਤਾਜ਼ਾ ਰਿਪੋਰਟ ਅਨੁਸਾਰ ਵਿਸ਼ਵ ਖ਼ੁਰਾਕ ਸੁਰੱਖਿਆ ਅਤੇ ਪੋਸ਼ਣ ਦੀ ਸਥਿਤੀ ਵਿਸ਼ੇ ਦੇ ਅਧਾਰਤ ਇੱਕ ਵਿਸ਼ਵ-ਵਿਆਪੀ ਸਰਵੇਖਣ (ਐੱਸ ਓ ਐੱਫ਼ ਆਈ 2023 ) ਦੀ ਰਿਪੋਰਟ ਜਨਤਕ ਕੀਤੀ ਗਈ ਹੈ, ਜਿਸ ਵਿੱਚ ਜਨਤਕ ਵੰਡ ਪ੍ਰਣਾਲੀ ਬਾਰੇ ਇਹ ਖੁਲਾਸਾ ਕੀਤਾ ਗਿਆ ਹੈ ਕਿ ਦੁਨੀਆ ਭਰ ਵਿੱਚ ਪਾਲਣ-ਪੋਸ਼ਣ ਅਤੇ ਖ਼ੁਰਾਕ ਸੁਰੱਖਿਆ ਦੀ ਅਸਲੀ ਤਸਵੀਰ ਕੀ ਹੈ ? ਇਸ ਦੇ ਨਾਲ ਹੀ ਇਹ ਰਿਪੋਰਟ ਉਹਨਾਂ ਕਾਰਜਾਂ ਉਪਰ ਵੀ ਗੌਰ ਕਰਨ ਦੀ ਮੰਗ ਕਰਦੀ ਹੈ, ਜਿਸ ਅਨੁਸਾਰ ਸਰਕਾਰਾਂ ਮੌਜੂਦਾ ਸਾਧਨਾਂ ਦੀ ਵਰਤੋਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਰਿਆਂ ਲਈ ਲੋੜੀਂਦੀ ਖ਼ੁਰਾਕ ਮੁਹੱਈਆ ਕਰਵਾਉਂਦੀਆਂ ਹਨ। ਇਸ ਰਿਪੋਰਟ ਦੇ ਅਧਾਰ 'ਤੇ ਭਾਰਤ ਦੀ ਸਥਿਤੀ ਕਿਤੇ ਜ਼ਿਆਦਾ ਚਿੰਤਾਜਨਕ ਹੈ, ਜਿਸ ਦੇ ਮੁਤਾਬਿਕ ਦੇਸ਼ ਦੇ ਚਾਰ ਨਾਗਰਿਕਾਂ ਪਿੱਛੇ ਤਿੰਨ ਵਿਅਕਤੀ ਹਰ ਰੋਜ਼ ਭੁੱਖੇ ਪੇਟ ਸੌਂਦੇ ਹਨ। ਇਹ ਤਸਵੀਰ ਸਿਰਫ਼ ਦੇਸ਼ ਦੀ ਗ਼ਰੀਬੀ ਜਾਂ ਆਰਥਿਕ ਵਿਭਿੰਨਤਾ ਨੂੰ ਹੀ ਉਜਾਗਰ ਨਹੀਂ ਕਰਦੀ, ਬਲਕਿ ਵਿਸ਼ਵ ਭਰ ਵਿੱਚ ਭਾਰਤ ਦੀ ਸ਼ਰਮਨਾਕ ਸਥਿਤੀ ਦਾ ਵੀ ਖੁਲਾਸਾ ਕਰਦੀ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਖ਼ੁਰਾਕ ਸੁਰੱਖਿਆ ਦੇ ਮਾਮਲੇ ਵਿੱਚ ਭਾਰਤ ਸਹੀ-ਮਾਅਨਿਆਂ ਵਿੱਚ ਚੀਨ, ਜਪਾਨ ਅਤੇ ਬੰਗਲਾਦੇਸ਼ ਤੋਂ ਵੀ ਬਹੁਤ ਪਿੱਛੇ ਹੈ। ਅਮਰੀਕਾ ਜਾਂ ਬਰਤਾਨੀਆ ਵਿੱਚ ਜਿਨ੍ਹਾਂ ਲੋਕਾਂ ਨੂੰ ਪੇਟ ਭਰ ਕੇ ਖਾਣਾ ਨਹੀਂ ਮਿਲਦਾ, ਉਹਨਾਂ ਦੀ ਗਿਣਤੀ ਕੁੱਲ ਵਸੋਂ ਦਾ 1.2 ਫ਼ੀਸਦੀ ਹੈ। ਲੇਕਿਨ ਭਾਰਤ ਵਿੱਚ ਅੱਧ ਭੁੱਖੇ ਸੌਣ ਵਾਲੇ ਲੋਕਾਂ ਦੀ ਗਿਣਤੀ 74 ਫ਼ੀਸਦੀ ਤੋਂ ਵੱਧ ਹੈ। ਜਨਤਕ ਵੰਡ ਪ੍ਰਣਾਲੀ ਤਹਿਤ ਭੋਜਨ ਸੁਰੱਖਿਆ ਨੂੰ ਕੇਵਲ ਚਾਵਲ ਅਤੇ ਕਣਕ ਤੱਕ ਹੀ ਸੀਮਤ ਨਹੀਂ ਰੱਖਿਆ ਜਾਣਾ ਚਾਹੀਦਾ। ਉਪਰੋਕਤ ਰਿਪੋਰਟ ਹੁਕਮਰਾਨਾਂ ਨੂੰ ਸਪੱਸ਼ਟ ਤੌਰ 'ਤੇ ਇਹ ਗੱਲ ਦੀ ਯਾਦ ਦਿਵਾ ਰਹੀ ਹੈ ਕਿ ਖ਼ੁਰਾਕ ਸੁਰੱਖਿਆ ਭੋਜਨ ਵਿੱਚ ਅਨਾਜ ਤੋਂ ਇਲਾਵਾ ਫ਼ਲ, ਅੰਡੇ ਅਤੇ ਦੁੱਧ ਆਦਿ ਲੋੜੀਂਦੇ ਖ਼ੁਰਾਕੀ ਤੱਤ ਵੀ ਸ਼ਾਮਲ ਹੁੰਦੇ ਹਨ। ਪਰ ਇਹ ਸਾਰੇ ਤੱਤ ਲੋੜਵੰਦ ਲੋਕਾਂ ਤੱਕ ਜਨਤਕ ਵੰਡ ਪ੍ਰਣਾਲੀ ਤਹਿਤ ਨਹੀਂ ਪਹੁੰਚਦੇ। ਲਿਹਾਜ਼ਾ ਇਹਨਾਂ ਸਾਰੇ ਤੱਤਾਂ ਨੂੰ ਜ਼ਰੂਰੀ ਭੋਜਨ ਪਦਾਰਥਾਂ ਵਿੱਚ ਸ਼ਾਮਲ ਕਰਨਾ ਅਤੇ ਦੇਸ਼ ਦੇ ਹਰ ਨਾਗਰਿਕ ਦੀ ਖ਼ਰੀਦ ਸ਼ਕਤੀ ਦੇ ਅੰਦਰ ਲਿਆਉਣਾ, ਹਰ ਚੁਣੀ ਹੋਈ ਸਰਕਾਰ ਦੀ ਪ੍ਰਮੁੱਖ ਜ਼ਿੰਮੇਂਦਾਰੀ ਬਣਦੀ ਹੈ, ਜਦੋਂ ਕਿ ਆਜ਼ਾਦੀ ਦੇ 75 ਸਾਲਾਂ ਬਾਅਦ ਅਤੇ ਮੋਦੀ ਸਰਕਾਰ ਦੇ ਦਸ ਸਾਲਾਂ ਵਿੱਚ ਭਾਜਪਾ ਦੇ 'ਅੰਮ੍ਰਿਤ ਕਾਲ' ਵਿਚ ਇੱਕ ਪਾਸੇ ਤਾਂ ਬੇਰੁਜ਼ਗਾਰੀ ਛੜੱਪੇ ਮਾਰ ਕੇ ਵਧ ਰਹੀ ਹੈ ਅਤੇ ਮਿਹਨਤਕਸ਼ ਜਨਤਾ ਦੀ ਮਜ਼ਦੂਰੀ ਵਿੱਚ ਵੱਡੇ ਪੱਧਰ 'ਤੇ ਕਟੌਤੀ ਹੋ ਰਹੀ ਹੈ। ਦੂਜੇ ਪਾਸੇ ਆਮ ਵਰਤੋਂ ਵਾਲੀਆਂ ਚੀਜ਼ਾਂ ਦੇ ਭਾਅ ਅਤੇ ਮਹਿੰਗਾਈ ਨੇ ਸਭ ਰਿਕਾਰਡ ਤੋੜ ਦਿੱਤੇ ਹਨ। ਦੇਸ਼ ਦੇ ਵੱਡੇ ਹਿੱਸੇ ਲਈ ਫ਼ਲ, ਦੁੱਧ, ਆਂਡੇ ਅਤੇ ਦਾਲਾਂ ਵਰਗੇ ਲੋੜੀਂਦੇ ਜ਼ਰੂਰੀ ਪੌਸ਼ਟਿਕ ਤੱਤ ਦੁਰਲੱਭ ਹੋ ਗਏ ਹਨ। ਗ਼ਰੀਬੀ ਦੀ ਰੇਖਾ ਤੋਂ ਹੇਠਾਂ ਰਹਿਣ ਵਾਲੀ ਜਨਤਾ ਅਤੇ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਖ਼ਾਸ ਕਰਕੇ ਮਜ਼ਦੂਰਾਂ, ਔਰਤਾਂ ਅਤੇ ਬੱਚਿਆਂ ਨੂੰ ਵੀ ਲੋੜੀਂਦਾ ਖਾਣਾ ਨਹੀਂ ਮਿਲ ਰਿਹਾ। 'ਪੰਜਵੇਂ ਰਾਸ਼ਟਰੀ ਪਰਵਾਰ ਸੁਰੱਖਿਆ ਸਰਵੇਖਣ' ਵਿੱਚ ਇਸ ਗੱਲ ਦਾ ਖੁਲਾਸਾ ਕੀਤਾ ਗਿਆ ਹੈ ਕਿ 2023 ਦੇ 'ਵਿਸ਼ਵ ਭੁੱਖ ਸੂਚਿਕ ਅੰਕ' (789) ਦੇ ਅਧਾਰਿਤ ਦੁਨੀਆ ਦੇ ਕੁੱਲ 125 ਦੇਸ਼ਾਂ ਵਿੱਚੋਂ ਭਾਰਤ 111ਵੇਂ ਸਥਾਨ 'ਤੇ ਹੈ। ਭਾਰਤ ਵਰਗਾ ਦੇਸ਼ ਜਿਸ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਵਿਸ਼ਵ ਗੁਰੂ' ਕਹਿੰਦਾ ਨਹੀਂ ਥੱਕਦਾ, ਇਸ ਤੋਂ ਵੀ ਵਧ ਕੇ ਇਹ ਕਿਹਾ ਜਾਂਦਾ ਹੈ ਕਿ ਭਾਰਤ ਸਾਰੇ ਦੇਸ਼ਾਂ ਨੂੰ ਅੱਗੇ ਵਧਣ ਦਾ ਰਸਤਾ ਵਿਖਾ ਰਿਹਾ ਹੈ, ਮਨੁੱਖੀ ਵਿਕਾਸ ਅਤੇ ਗ਼ਰੀਬੀ ਨੂੰ ਖ਼ਤਮ ਕਰਨ ਦੇ ਖੋਖਲੇ ਦਾਅਵੇ ਸਵਾਲਾਂ ਦੇ ਘੇਰੇ ਵਿੱਚ ਆ ਗਏ ਹਨ। ਦੂਜੇ ਪਾਸੇ ਕੇਂਦਰ ਸਰਕਾਰ ਦੀ 'ਖ਼ੁਰਾਕ ਸੁਰੱਖਿਆ ਯੋਜਨਾ' ਨੂੰ ਲੈ ਕੇ ਵਿਸ਼ਵ ਵਿੱਚ ਭੁਲੇਖੇ ਖੜ੍ਹੇ ਹੋ ਰਹੇ ਹਨ।

ਮੋਦੀ ਸਰਕਾਰ ਅਨੁਸਾਰ ਅੱਜ ਦੇਸ਼ ਵਿੱਚ 81 ਕਰੋੜ ਲੋਕਾਂ ਨੂੰ ਕੇਂਦਰੀ ਯੋਜਨਾ ਤਹਿਤ ਮੁਫ਼ਤ ਅਨਾਜ ਦੀ ਵੰਡ ਕੀਤੀ ਜਾ ਰਹੀ ਹੈ ਅਤੇ ਅਗਲੇ ਸਾਲ ਹੋਣ ਵਾਲੀਆਂ ਆਮ ਚੋਣਾਂ ਦੇ ਮੱਦੇਨਜ਼ਰ ਇਸ ਨੂੰ ਬਰਕਰਾਰ ਰੱਖਿਆ ਜਾਵੇਗਾ, ਜਦੋਂ ਕਿ ਸੰਯੁਕਤ ਰਾਸ਼ਟਰ ਦੀ ਇੱਕ ਰਿਪੋਰਟ ਇਹ ਵੀ ਕਹਿੰਦੀ ਹੈ ਕਿ ਭਾਰਤ ਵਿੱਚ 100 ਕਰੋੜ ਤੋਂ ਵੱਧ ਲੋਕ ਆਪਣੇ ਜੀਵਨ ਨਿਰਬਾਹ ਲਈ ਜ਼ਰੂਰੀ ਲੋੜੀਂਦਾ ਭੋਜਨ ਖ਼ਰੀਦ ਹੀ ਨਹੀਂ ਸਕਦੇ, ਕਿਉਂਕਿ ਉਹਨਾਂ ਦੀ ਖ਼ਰੀਦ ਸ਼ਕਤੀ ਹੀ ਨਹੀਂ ਹੈ। ਇਸ ਦਾ ਮਤਲਬ ਇਹ ਹੈ ਕਿ ਦੇਸ਼ ਵਿੱਚ ਜਨਸੰਖਿਆ ਦੇ ਵੱਡੇ ਹਿੱਸੇ ਨੂੰ ਲੋੜੀਂਦਾ ਅਨਾਜ ਮੁਹੱਈਆ ਕਰਵਾਉਣ ਵਿੱਚ ਮੋਦੀ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋਈ ਹੈ। ਭੋਜਨ ਦੇ ਅਧਿਕਾਰ ਦੀ ਮੰਗ ਕਰਨ ਵਾਲੀਆ ਸਮਾਜ ਸੇਵੀ ਸੰਸਥਾਵਾਂ ਅਤੇ ਜਨਤਕ ਜਥੇਬੰਦੀਆਂ ਬਹੁਤ ਸਮੇਂ ਤੋਂ ਇਹ ਕਹਿ ਰਹੀਆਂ ਹਨ ਕਿ ਕੇਂਦਰ ਸਰਕਾਰ ਨੇ 2011 ਦੀ ਮਰਦਮਸ਼ੁਮਾਰੀ ਦੇ ਅੰਕੜਿਆਂ ਨੂੰ ਅਧਾਰ ਬਣਾ ਕੇ, ਕੇਂਦਰੀ ਯੋਜਨਾਵਾਂ ਦੇ ਰਾਹੀਂ ਲੋੜਵੰਦ ਲੋਕਾਂ ਦੀ ਸੰਖਿਆ ਤਹਿ ਕਰਨ ਨਾਲ ਦੇਸ਼ ਦੇ ਨਾਗਰਿਕਾਂ ਦਾ ਵੱਡਾ ਹਿੱਸਾ ਜਨਤਕ ਵੰਡ ਪ੍ਰਣਾਲੀ (PDS) ਦੇ ਦਾਇਰੇ 'ਚੋਂ ਹੀ ਬਾਹਰ ਕੱਢ ਦਿੱਤਾ ਗਿਆ ਹੈ। ਇਸ ਭੁਲੇਖੇ ਅਤੇ ਨਿਕਾਰਾਪਣ ਕਾਰਨ ਚੁਣੀ ਹੋਈ ਸਰਕਾਰ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਇਹ ਆਸ ਸੀ ਕਿ ਸੰਸਦ ਵਿੱਚ ਬਹਿਸ ਹੋਵੇਗੀ, ਜਦੋਂ ਕਿ ਦੇਸ਼ ਨੂੰ ਬਹੁਤ ਜਲਦੀ ਕਾਰਪੋਰੇਟ ਸ਼ਾਸਤ 'ਹਿੰਦੂ ਰਾਸ਼ਟਰ' ਬਣਾਉਣ ਦੇ ਚੱਕਰ ਵਿੱਚ ਅਤੇ ਮੁਕੰਮਲ ਫਾਸ਼ੀਵਾਦੀ ਤਾਨਾਸ਼ਾਹੀ ਕਾਇਮ ਕਰਨ ਲਈ 150 ਦੇ ਕਰੀਬ ਵਿਰੋਧੀ ਸੰਸਦ ਮੈਂਬਰਾਂ ਨੂੰ ਹੀ ਬਾਹਰ ਕੱਢ ਕੇ ਸੰਸਦ ਅੰਦਰ ਚੁੱਪ ਵਰਤਾ ਦਿੱਤੀ। ਇਸ ਸਾਰੇ ਕਾਸੇ ਉੱਪਰ ਮੋਦੀ ਸਰਕਾਰ ਅਤੇ ਭਾਜਪਾ ਨੇ ਬੇਸ਼ਰਮੀ ਭਰੀ ਚੁੱਪ ਧਾਰੀ ਹੋਈ ਹੈ। ਜਿਸ ਨੇ ਅਜੇ ਤੱਕ ਨਾ ਤਾਂ ਕਾਰਪੋਰੇਟ ਥੈਲੀ ਸ਼ਾਹਾਂ ਦੇ ਕਾਲ਼ੇ ਧਨ ਨੂੰ ਸਫ਼ੈਦ ਕੀਤਾ ਅਤੇ ਨਾ ਹੀ ਨੋਟਬੰਦੀ ਅਤੇ ਜੀ ਐੱਸ ਟੀ ਲਾਗੂ ਕਰਨ ਦੇ ਜ਼ਰੀਏ ਕਰੋੜਾਂ ਗ਼ਰੀਬ ਲੋਕਾਂ ਦੀ ਕਮਰ ਤੋੜਨ ਲਈ ਮੁਆਫ਼ੀ ਮੰਗੀ ਹੈ। ਨਾ ਹੀ 'ਕੋਰੋਨਾ' ਦੇ ਸਮੇਂ ਕੀੜੇ-ਮਕੌੜਿਆਂ ਦੀ ਤਰ੍ਹਾਂ ਗ਼ਰੀਬ ਲੋਕਾਂ ਨੂੰ ਮਰਨ ਦੇ ਲਈ ਖੁੱਲ੍ਹਾ ਛੱਡਣਾ ਅਤੇ ਨਾ ਹੀ ਮੁਸਲਮਾਨਾਂ, ਦਲਿਤਾਂ, ਔਰਤਾਂ, ਮਜ਼ਦੂਰਾਂ -ਕਿਸਾਨਾਂ ਸਮੇਤ ਆਮ ਜਨਤਾ ਉਪਰ ਹੋ ਰਹੇ ਭਿਆਨਕ ਅੱਤਿਆਚਾਰਾਂ ਲਈ ਕਦੇ ਆਤਮ ਅਲੋਚਨਾ ਕੀਤੀ ਹੈ।

ਵੱਖ-ਵੱਖ ਸਮੇਂ ਵਿਦੇਸ਼ਾਂ ਤੋਂ ਤਿਆਰ ਹੁੰਦਾ ਮਾਲ ਜੋ ਦੇਸ਼ ਨੂੰ ਸਪੌਂਸਰ ਕੀਤਾ ਜਾਂਦਾ ਰਿਹਾ ਹੈ, ਮੋਦੀ ਸਰਕਾਰ ਉਸ ਨੂੰ ਵੀ ਆਪਣੀਆਂ ਇਤਿਹਾਸਕ ਪ੍ਰਾਪਤੀਆਂ ਕਹਿ ਕੇ ਕੱਛਾਂ ਵਜਾ ਰਹੀ ਹੈ। ਜਦੋਂ ਅੰਤਰਰਾਸ਼ਟਰੀ ਪੱਧਰ 'ਤੇ ਕਿਸੇ ਵੱਲੋਂ ਇਸ ਦੀ ਅਲੋਚਨਾ ਕੀਤੀ ਜਾਂਦੀ ਹੈ, ਉਹ ਮੋਦੀ ਸਰਕਾਰ ਦੇ ਹਜ਼ਮ ਨਹੀਂ ਹੁੰਦੀ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵੱਖ-ਵੱਖ ਰਿਪੋਰਟਾਂ ਵਿੱਚ ਜਦੋਂ ਭਾਰਤ ਅੰਦਰਲੇ ਕੁਪੋਸ਼ਣ ਦੀ ਤਸਵੀਰ ਪੇਸ਼ ਕੀਤੀ ਜਾਂਦੀ ਹੈ, ਮੋਦੀ ਸਰਕਾਰ ਉਸ ਨੂੰ ਸਿਰੇ ਤੋਂ ਨਿਕਾਰਦੀ ਆ ਰਹੀ ਹੈ। ਅਜਿਹੇ ਮਾਮਲੇ ਵਿੱਚ ਭਾਰਤ ਸਰਕਾਰ ਜਦੋਂ ਕੋਈ ਬਿਆਨ ਜਾਰੀ ਕਰਦੀ ਹੈ, ਉਹ ਇਸ ਤਰ੍ਹਾਂ ਦਾ ਹੁੰਦਾ ਕਿ ਜੋ-ਜੋ ਜ਼ਰੂਰੀ ਹੈ, ਸਰਕਾਰ ਉਹ ਕਰ ਰਹੀ ਹੈ। ਉਪਰੋਕਤ ਸਰਵੇਖਣ ਜਿਸ ਪੈਮਾਨੇ ਵਿੱਚ ਤਿਆਰ ਕੀਤਾ ਗਿਆ ਹੈ, ਉਹ ਗ਼ਲਤ ਹੈ ਅਤੇ ਜੋ ਭਾਰਤ ਦੀ ਆਲੋਚਨਾ ਕਰਦੇ ਹਨ, ਉਹ ਬੀਤੇ ਵਿੱਚ ਗ੍ਰਸਤ ਹਨ। ਮੀਡੀਆ ਦੇ ਮਾਧਿਅਮ ਰਾਹੀਂ ਵੱਖ-ਵੱਖ ਜਨਤਕ ਸੰਗਠਨਾਂ ਵੱਲੋਂ ਦੇਸ਼ ਵਿੱਚ ਭੁੱਖ ਅਤੇ ਕੁਪੋਸ਼ਣ ਦੇ ਕਾਰਨਾਂ ਦੀ ਜਾਂਚ-ਪੜਤਾਲ ਕਰਨ ਅਤੇ ਉਸ ਦਾ ਹੱਲ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਜਦੋਂ ਕਿ ਉਹਨਾਂ ਦੀ ਮੰਗ ਨੂੰ ਦਰਕਿਨਾਰ ਕਰਕੇ ਦੁਨੀਆ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਪੁਰਾਣੇ ਫਾਸ਼ੀਵਾਦੀ ਸੰਗਠਨ ਆਰ. ਐੱਸ. ਐੱਸ. ਦੇ ਮਾਰਗ 'ਤੇ ਚੱਲਦਿਆਂ ਬਹੁ-ਸੰਖਿਅਕਵਾਦੀ ਭਾਜਪਾ ਵੱਲੋਂ ਪੂਰੀ ਤਰ੍ਹਾਂ ਮੌਨ ਧਾਰ ਰੱਖਿਆ ਹੈ। ਇਸ ਨੂੰ ਤੋੜਨਾ ਚੀਨ ਦੀ ਦੀਵਾਰ ਨੂੰ ਤੋੜਨ ਦੇ ਬਰਾਬਰ ਹੈ।

ਅਸਲ ਵਿੱਚ ਜੇਕਰ ਫਾਸ਼ੀਵਾਦੀ ਮੋਦੀ ਸਰਕਾਰ ਨੂੰ ਆਪਣੇ 'ਆਕਾ' ਅਤੇ ਮਹਾਂ ਭ੍ਰਿਸ਼ਟ ਕਾਰਪੋਰੇਟ ਘਰਾਣੇ ਅਡਾਨੀ ਤੇ ਅੰਬਾਨੀ ਦੀ ਸੇਵਾ ਤੋਂ ਵਿਹਲ ਮਿਲੇ, ਤਾਂ ਹੀ ਉਸ ਨੂੰ ਦੇਸ਼ ਦੀ ਜਨਤਾ ਦੀ ਭੁੱਖ ਅਤੇ ਕੁਪੋਸ਼ਣ ਦਾ ਪਤਾ ਲੱਗੇ। ਉਸ ਦੀ ਚੁੱਪ ਦਾ ਦੂਜਾ ਵੱਡਾ ਕਾਰਨ ਇਹ ਵੀ ਹੈ ਕਿ ਮੋਦੀ ਨੇ ਤਮਾਮ ਵਿਰੋਧੀ ਪਾਰਟੀਆਂ ਵੱਲੋਂ ਚੋਣਾਂ ਦੌਰਾਨ ਕੀਤੇ ਜਨ ਕਲਿਆਣਕਾਰੀ ਵਾਅਦਿਆਂ ਦਾ 'ਰੇਬੜੀ' ਕਹਿ ਕੇ ਪਹਿਲਾਂ ਮਜ਼ਾਕ ਉਡਾਇਆ ਸੀ, ਪਰ ਬਾਅਦ ਵਿੱਚ ਪੰਜ ਰਾਜਾਂ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਸਮੇਂ ਮੋਦੀ ਨੇ ਹੀ ਜਨਤਾ ਨੂੰ ਆਉਂਦੇ ਪੰਜ ਸਾਲ ਤੱਕ ਮੁਫ਼ਤ ਰਾਸ਼ਨ ਵੰਡਣ ਦਾ ਐਲਾਨ ਵੀ ਕਰ ਦਿੱਤਾ ਸੀ, ਜਿਸ ਨੂੰ ਭਾਜਪਾ 'ਮੋਦੀ ਦੀ ਗਰੰਟੀ' ਵਜੋਂ ਪ੍ਰਚਾਰ ਕਰਦੀ ਆ ਰਹੀ ਹੈ। ਭਾਜਪਾ ਅੱਜ ਜਿਸ ਨੂੰ 'ਮੋਦੀ ਦੀ ਗਰੰਟੀ' ਕਹਿ ਰਹੀ ਹੈ, ਉਸ ਦੇ ਪਿੱਛੇ ਸੱਚ ਕੀ ਹੈ ? 2013 ਵਿੱਚ ਸੰਪ੍ਰਗ ਸਰਕਾਰ ਵੱਲੋਂ ਦੇਸ਼ ਵਾਸੀਆਂ ਨੂੰ 'ਭੋਜਨ ਸੁਰੱਖਿਆ ਦੀ ਗਰੰਟੀ' ਕਰਨ ਵਾਲ਼ਾ ਇੱਕ ਕਾਨੂੰਨ ਪਾਸ ਕੀਤਾ ਗਿਆ ਸੀ। ਮੋਦੀ ਸਰਕਾਰ ਵੱਲੋਂ ਜਨਤਾ ਦੇ ਪ੍ਰਤੀ ਕੋਈ ਨਵੀਂ ਦਯਾ (ਤਰਸ) ਨਹੀਂ ਕੀਤਾ ਗਿਆ। ਲੋਕਾਂ ਵੱਲੋਂ ਚੁਣੀ ਗਈ ਕੋਈ ਵੀ ਸਰਕਾਰ ਹੋਵੇ, ਉਸ ਦਾ ਸੰਵਿਧਾਨਕ ਫਰਜ਼ ਹੈ ਕਿ ਉਹ ਲੋਕਾਂ ਲਈ ਜਵਾਬਦੇਹ ਹੋਵੇ। ਕੀ ਉਹ ਦੇਸ਼ ਦੀ ਬਹੁਗਿਣਤੀ ਜਨਤਾ ਲਈ ਉਚਿੱਤ ਪੌਸ਼ਟਿਕ ਖ਼ੁਰਾਕ ਮੁਹੱਈਆ ਕਰਵਾ ਰਹੀ ਹੈ ? ਅੱਜ 20 ਕਰੋੜ ਲੋੜਵੰਦ ਲੋਕਾਂ ਨੂੰ ਜਨਤਕ ਵੰਡ ਪ੍ਰਣਾਲੀ ਤੋਂ ਬਾਹਰ ਧੱਕ ਦੇਣਾ, ਇਸ ਦਾ ਮਤਲਬ ਇਹ ਹੈ ਕਿ 'ਵਿਕਾਸ ਪੁਰਸ਼' ਮੋਦੀ ਇਸ ਕਾਨੂੰਨ ਨੂੰ ਲਾਗੂ ਕਰਨ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਇਆ ਹੈ।

ਅੱਜ ਜਦੋਂ ਜਨਤਾ ਦੀ ਜ਼ਿੰਦਗੀ ਨਾਲ ਜੁੜੇ ਅਜਿਹੇ ਸਵਾਲ ਜਿਹੜੇ ਮੂੰਹ ਅੱਡੀ ਖੜ੍ਹੇ ਹਨ ਅਤੇ ਜਵਾਬ ਮੰਗਦੇ ਹਨ, ਤਾਂ ਮੋਦੀ ਸਰਕਾਰ ਬੜੇ ਦੰਭੀ ਢੰਗ ਨਾਲ ਨਫ਼ਰਤ ਪੈਦਾ ਕਰਨ ਅਤੇ ਫਿਰਕੂ ਵੰਡ ਦੀ ਜ਼ਹਿਰੀਲੀ ਖੇਡ ਖੇਡਣ ਵਿੱਚ ਜੁਟ ਜਾਂਦੀ ਹੈ। ਜਿਵੇਂ ਸਾਲ 2024 ਵਿੱਚ ਹੋਣ ਵਾਲੀਆਂ ਲੋਕ ਸਭਾ ਦੀਆਂ ਆਮ ਚੋਣਾਂ ਤੋਂ ਪਹਿਲਾਂ ਫਾਸ਼ੀਵਾਦੀ ਧਰੁਵੀਕਰਨ ਤੇਜ਼ ਕਰਨ ਅਤੇ ਫਿਰਕੂ ਪਾਗਲਪਣ ਦਾ ਫਾਇਦਾ ਉਠਾਉਣ ਲਈ 'ਰਾਮ ਮੰਦਰ' ਦਾ ਉਦਘਾਟਨ ਕਰਨ ਜਾਂ ਸਮੂਹਕ ਤੌਰ 'ਤੇ ਗੀਤਾ ਦਾ ਪਾਠ ਕਰਨ ਵਰਗੇ ਕਾਰਜਾਂ ਦੇ ਜ਼ਰੀਏ, ਪ੍ਰੇਸ਼ਾਨ ਕਰਨ ਵਾਲੇ ਸਵਾਲਾਂ ਤੋਂ ਆਪਣਾ ਚਿਹਰਾ ਛੁਪਾ ਲੈਂਦੀ ਹੈ। ਸੰਵਿਧਾਨ ਦੀਆਂ ਸੌਂਹਾਂ ਖਾਣ ਵਾਲੀ ਸਰਕਾਰ ਦੇਸ਼ ਦੀ ਬਹੁ-ਗਿਣਤੀ ਜਨਤਾ ਨੂੰ ਪੇਟ ਭਰ ਅਨਾਜ ਦੇਣ ਦੀ ਬਜਾਏ ਆਪਣੀ ਜ਼ਿਆਦਾ ਰੁਚੀ ਬਸਤੀਵਾਦੀ ਸਮੇਂ ਦੇ ਅਪਰਾਧਿਕ ਕਾਨੂੰਨਾਂ ਦਾ ਭਾਰਤੀਕਰਨ ਕਰਨ ਵਿੱਚ ਲੱਗੀ ਹੋਈ ਹੈ। ਇਹਨਾਂ ਕਾਨੂੰਨਾਂ ਦੇ ਜ਼ਰੀਏ ਵਿਰੋਧ ਕਰਨ ਵਾਲੀ ਹਰ ਆਵਾਜ਼ ਉੱਪਰ ਬੇਤਹਾਸ਼ਾ ਜਬਰ ਕਰਨ ਲਈ ਦੇਸ਼ ਨੂੰ ਇੱਕ ਕਰੂਰ ਫਾਸ਼ੀਵਾਦੀ ਪੁਲਸ ਰਾਜ ਵਿੱਚ ਬਦਲਣ ਲੱਗੀ ਹੋਈ ਹੈ। ਜਿਹੜੀ ਸਰਕਾਰ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਪੈਰਾਂ ਹੇਠ ਰੋਲਣ ਲਈ ਵਧੇਰੇ ਦਿਲਚਸਪੀ ਲੈ ਰਹੀ ਹੋਵੇ, ਉਸ ਨੂੰ ਇੱਕ ਦਿਨ ਲਈ ਵੀ ਸੱਤਾ ਦੀ ਕੁਰਸੀ 'ਤੇ ਬੈਠੇ ਰਹਿਣ ਦਾ ਅਧਿਕਾਰ ਨਹੀਂ ਹੈ। ਮੋਦੀ ਸਰਕਾਰ ਦੇ ਇਸ ਸ਼ੈਤਾਨੀ ਭਰੇ ਮੌਨ ਉੱਪਰ ਨਿਰਨਾਇਕ ਸੱਟ ਮਾਰਨੀ ਜਾਗਰੂਕ ਜਨਤਾ ਅਤੇ ਕ੍ਰਾਂਤੀਕਾਰੀ ਜਨਤਕ ਸੰਗਠਨਾਂ ਦਾ ਮੁੱਖ ਕਾਰਜ ਹੈ।

**ਪੋਲਿਟ ਬਿਊਰੋ ਮੈਂਬਰ ਸੀ ਪੀ ਆਈ (ਐੱਮ ਐੱਲ) ਰੈੱਡ ਸਟਾਰ**
# ਸੰਪਰਕ : 94636-10661

# ਥਰਮਲ ਪਲਾਂਟ ਖਰੀਦ ਕੇ ਪੰਜਾਬ ਸਰਕਾਰ ਨੇ ਇਤਿਹਾਸ ਸਿਰਜਿਆ



ਡਾ. ਤੇਜਿੰਦਰ ਵਿਰਲੀ

ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਗੋਇੰਦਵਾਲ ਸਾਹਿਬ ਵਾਲੇ ਨਿੱਜੀ ਥਰਮਲ ਪਾਵਰ ਪਲਾਂਟ ਨੂੰ 1,080 ਕਰੋੜ ਰੁਪਏ ਵਿੱਚ ਦੇਸ਼ ਅੰਦਰ ਸਭ ਤੋਂ ਸਸਤੇ ਭਾਅ 'ਚ ਖਰੀਦ ਕੇ ਇਤਿਹਾਸ ਰਚ ਦਿੱਤਾ ਹੈ।

540 ਮੈਗਾਵਾਟ ਦਾ ਥਰਮਲ ਖਰੀਦਣ ਲਈ ਮੁਕਾਬਲੇ ਵਿਚ 11 ਨਾਮੀ ਕੰਪਨੀਆਂ ਸਨ, ਜਿਨ੍ਹਾਂ ਵਿੱਚ ਜਿੰਦਲ ਪਾਵਰ, ਅਡਾਨੀ ਪਾਵਰ, ਵੇਦਾਂਤਾ ਗਰੁੱਪ, ਰਸ਼ਮੀ ਮੇਟਾਲਿਕਸ, ਸ਼ੇਰੀਸ਼ਾ ਟੈਕਨਾਲੋਜੀਜ਼, ਸਾਈ ਵਰਧਾ ਪਾਵਰ ਆਦਿ ਸਨ।

ਭਗਵੰਤ ਮਾਨ ਸਰਕਾਰ ਦੀ ਤਰੀਫ ਇਸ ਗੱਲ ਵਿੱਚ ਵੀ ਕਰਨੀ ਬਣਦੀ ਹੈ ਕਿ ਇਸ ਸਰਕਾਰ ਨੇ ਆਪਣੇ ਸਮਿਆਂ ਦੀਆਂ ਸਰਕਾਰਾਂ ਦੇ ਵਿਰੋਧ ਵਿੱਚ ਜਾ ਕੇ ਪ੍ਰਾਈਵੇਟ ਪ੍ਰਾਪਰਟੀ ਨੂੰ ਸਰਕਾਰੀ ਪ੍ਰਾਪਰਟੀ ਵਿੱਚ ਤਬਦੀਲ ਕਰਨ ਦਾ ਸ਼ਲਾਘਾਯੋਗ ਕਾਰਜ ਕੀਤਾ ਹੈ, ਜਦਕਿ ਅੱਜ ਦੇ ਸਮਿਆਂ ਦੀ ਅਸਲੀਅਤ ਇਹ ਹੈ ਕਿ ਸਾਡੀਆਂ ਸਰਕਾਰਾਂ ਸਰਕਾਰੀ ਪ੍ਰਾਪਰਟੀਆਂ ਨੂੰ ਕੌਡੀਆਂ ਦੇ ਭਾਅ ਬਹੁ-ਰਾਸ਼ਟਰੀ ਕੰਪਨੀਆਂ ਨੂੰ ਵੇਚ ਰਹੀਆਂ ਹਨ। ਜੇ ਪੰਜਾਬ ਦੀਆਂ ਪੂਰਬਲੀਆਂ ਸਰਕਾਰਾਂ ਦੀ ਹੀ ਗੱਲ ਕੀਤੀ ਜਾਵੇ ਤਾਂ ਪਹਿਲੀ ਜਨਵਰੀ 2018 ਨੂੰ ਪੰਜਾਬ ਦੀ ਕਾਂਗਰਸ ਸਰਕਾਰ ਨੇ ਬਠਿੰਡਾ ਤੇ ਰੋਪੜ ਦੇ ਸਰਕਾਰੀ ਪਾਵਰ ਪਲਾਂਟ ਪੱਕੇ ਤੌਰ 'ਤੇ ਬੰਦ ਕਰ ਦਿੱਤੇ ਸਨ, ਜਿਸ ਫੈਸਲੇ ਨਾਲ ਨਿੱਜੀ ਕੰਪਨੀਆਂ ਲਈ ਦਰਵਾਜ਼ੇ ਖੁੱਲ੍ਹ ਗਏ ਸਨ, ਪਰ ਇਸ ਦੇ ਉਲਟ ਭਗਵੰਤ ਮਾਨ ਸਰਕਾਰ ਨੇ ਸੂਬੇ ਵਿੱਚ ਬਿਜਲੀ ਸਪਲਾਈ ਵਧਾਉਣ ਲਈ ਪ੍ਰਾਈਵੇਟ ਪਾਵਰ ਪਲਾਂਟ ਖ਼ਰੀਦਿਆ ਹੈ। ਇਸ ਸੰਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਹੁਰਾਂ ਨੇ ਪ੍ਰੈੱਸ ਕਾਨਫਰੰਸ ਵਿੱਚ ਪੂਰਬਲੀਆਂ ਸਰਕਾਰਾਂ ਦੀ ਕਾਰ ਸ਼ੈਲੀ ਨੂੰ ਬਿਆਨ ਕਰਦਿਆਂ ਕਿਹਾ ਕਿ ਸਾਲ 2016-2023 ਦਰਮਿਆਨ ਸੂਬਾ ਸਰਕਾਰ ਨੇ ਇਸ ਪਲਾਂਟ ਤੋਂ 7902 ਕਰੋੜ ਰੁਪਏ ਅਦਾ ਕਰਕੇ 11,165 ਮਿਲੀਅਨ ਯੂਨਿਟ ਬਿਜਲੀ ਖਰੀਦੀ ਸੀ। ਉਨ੍ਹਾਂ ਕਿਹਾ ਕਿ ਦੁੱਖ ਇਸ ਗੱਲ ਦਾ ਹੈ ਕਿ ਬਿਨਾਂ ਬਿਜਲੀ ਖਰੀਦੇ ਜੀ.ਵੀ.ਕੇ. ਥਰਮਲ ਪਲਾਂਟ ਨੂੰ 1718 ਕਰੋੜ ਅਦਾ ਕਰਨੇ ਪਏ। ਪਾਵਰ ਪਲਾਂਟ ਨੂੰ 7.08 ਰੁਪਏ ਪ੍ਰਤੀ ਔਸਤਨ ਯੂਨਿਟ ਮੁਤਾਬਕ ਅਦਾਇਗੀ ਕੀਤੀ ਗਈ। ਪੰਜਾਬ ਸਰਕਾਰ ਦੇ ਇਸ ਫੈਸਲੇ ਦੇ ਨਾਲ ਹੁਣ ਇਸ ਥਰਮਲ ਤੋਂ ਬਿਜਲੀ ਦੀ ਕੀਮਤ 4.50 ਰੁਪਏ ਪ੍ਰਤੀ ਯੂਨਿਟ ਤੋਂ ਵੀ ਘੱਟ ਪਵੇਗੀ।

ਥਰਮਲ ਪਲਾਂਟ ਨੂੰ ਚਲਾਉਣ ਵਾਲੀ ਕੰਪਨੀ 'ਜੀ ਵੀ ਕੇ ਗਰੁੱਪ' ਦਾ ਦੀਵਾਲਾ ਨਿਕਲ ਚੁੱਕਾ ਸੀ। ਇਸ ਗਰੁੱਪ ਨੇ ਕਰੀਬ ਦਰਜਨ ਬੈਂਕਾਂ ਤੋਂ ਕਰਜ਼ਾ ਚੁੱਕਿਆ ਹੋਇਆ ਸੀ, ਜੋ ਕਿ ਇਸ ਵੇਲੇ ਵਧ ਕੇ ਕਰੀਬ 6600 ਕਰੋੜ ਹੋ ਗਿਆ ਸੀ। ਜੀ ਵੀ ਕੇ ਗਰੁੱਪ ਦੀ ਵਿੱਤੀ ਮੰਦਹਾਲੀ ਵਜੋਂ ਬੈਂਕਾਂ ਨੇ ਅਕਤੂਬਰ 2022 ਵਿਚ ਨੈਸ਼ਨਲ ਕੰਪਨੀ ਲਾਅ ਟ੍ਰਿਬਿਊਨਲ ਦੇ ਹੈਦਰਾਬਾਦ ਬੈਂਚ ਕੋਲ ਪਟੀਸ਼ਨ ਦਾਇਰ ਕੀਤੀ ਸੀ। ਇਸ ਪ੍ਰਾਈਵੇਟ ਥਰਮਲ ਕੰਪਨੀ ਨੂੰ 'ਕਾਰਪੋਰੇਟ ਦੀਵਾਲੀਆ' ਐਲਾਨਿਆ ਜਾ ਚੁੱਕਾ ਹੈ। ਕੌਮੀ ਲਾਅ ਟ੍ਰਿਬਿਊਨਲ 'ਰੈਜ਼ੋਲਿਊਸ਼ਨ ਪ੍ਰੋਫੈਸ਼ਨਲ' ਇਸ ਥਰਮਲ ਪਲਾਂਟ ਨੂੰ ਵੇਚਣ ਦੀ ਪ੍ਰਕਿਰਿਆ ਨੂੰ ਅੱਗੇ ਵਧਾ ਰਿਹਾ ਸੀ।

'ਆਪ' ਸਰਕਾਰ ਨੇ ਕਰੀਬ ਛੇ ਮਹੀਨੇ ਦੀ ਗੁਪਤ ਮੁਹਿੰਮ ਚਲਾ ਕੇ ਇਸ ਪ੍ਰਾਈਵੇਟ ਥਰਮਲ ਪਲਾਂਟ ਦੀ ਖਰੀਦ ਪ੍ਰਕਿਰਿਆ ਨੇਪਰੇ ਚੜ੍ਹਾਈ ਹੈ। ਪੰਜਾਬ ਮੰਤਰੀ ਮੰਡਲ ਨੇ ਜੂਨ ਦੀ ਕੈਬਨਿਟ ਮੀਟਿੰਗ ਵਿੱਚ ਇਸ ਨੂੰ ਖਰੀਦਣ ਲਈ ਹਰੀ ਝੰਡੀ ਦੇ ਦਿੱਤੀ ਸੀ। ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਤਿੰਨ ਮੈਂਬਰੀ ਕਮੇਟੀ ਇਸ ਸੌਦੇ ਲਈ ਪੀ ਐਸ ਪੀ ਸੀ ਐੱਲ ਦੇ ਬੋਰਡ ਆਫ਼ ਡਾਇਰੈਕਟਰਜ਼ ਨਾਲ ਤਾਲਮੇਲ ਵਿੱਚ ਸੀ।

ਪੰਜਾਬ ਸਰਕਾਰ ਦਾ ਨਿੱਜੀ ਖੇਤਰ ਦੇ ਥਰਮਲ ਪਲਾਂਟ ਨੂੰ ਖਰੀਦਣ ਦਾ ਫ਼ੈਸਲਾ ਅਤਿਅੰਤ ਸਵਾਗਤਯੋਗ ਹੈ। ਭਾਰਤ ਦੇ ਇਤਿਹਾਸ ਵਿਚ ਇਹ ਪਹਿਲਾ ਮਾਮਲਾ ਹੈ ਕਿ ਕਿਸੇ ਰਾਜ ਸਰਕਾਰ ਨੇ ਨਿੱਜੀ ਖੇਤਰ ਦਾ ਥਰਮਲ ਪਲਾਂਟ ਖਰੀਦਿਆ ਹੋਵੇ। ਇਹ ਫ਼ੈਸਲਾ ਨਾ ਸਿਰਫ਼ ਪੰਜਾਬ ਦੇ ਲੋਕਾਂ ਦੇ ਹਿੱਤ ਵਿਚ ਹੈ, ਸਗੋਂ ਹੋਰ ਸੂਬਿਆਂ ਦੀ ਵੀ ਅਗਵਾਈ ਕਰਨ ਵਾਲਾ ਹੈ ਕਿ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਨਿੱਜੀ ਖੇਤਰ ਦੇ ਹੱਥਾਂ ਵਿਚ ਸੌਂਪਣ ਦੀ ਥਾਂ ਸਰਕਾਰ ਨੂੰ ਆਪ ਚਲਾਉਣੇ ਚਾਹੀਦੇ ਹਨ।

ਇਸ ਖਰੀਦ ਨਾਲ ਪੰਜਾਬ ਨੂੰ ਸਾਲਾਨਾ 300-350 ਕਰੋੜ ਦੀ ਸਾਲਾਨਾ ਬੱਚਤ ਹੋਵੇਗੀ। ਇਕ ਅਨੁਮਾਨ ਅਨੁਸਾਰ ਨਵੇਂ ਥਰਮਲ ਪਲਾਂਟ ਲਗਾਉਣ ਦੀ ਲਾਗਤ 8.50 ਕਰੋੜ ਰੁਪਏ ਪ੍ਰਤੀ ਮੈਗਾਵਾਟ ਪੈਂਦੀ ਹੈ ਅਤੇ ਨਿੱਜੀ ਖੇਤਰ ਦੇ ਕੁਝ ਪੁਰਾਣੇ ਪਾਵਰ ਪਲਾਂਟ ਆਪਸ ਵਿਚ ਹੋਈ ਖਰੀਦੋ-ਫ਼ਰੋਖਤ ਤੇ ਕੇਂਦਰ ਸਰਕਾਰ ਨੂੰ 3 ਕਰੋੜ ਰੁਪਏ ਪ੍ਰਤੀ ਮੈਗਾਵਾਟ ਦੇ ਹਿਸਾਬ ਨਾਲ ਵੇਚੇ ਗਏ ਸਨ। ਪੰਜਾਬ ਸਰਕਾਰ ਨੇ ਇਹ ਥਰਮਲ ਪਲਾਂਟ 2 ਕਰੋੜ ਰੁਪਏ ਪ੍ਰਤੀ ਮੈਗਾਵਾਟ ਦੀ ਲਾਗਤ ਨਾਲ ਖਰੀਦਿਆ ਹੈ ਅਤੇ ਇਸ ਤਰ੍ਹਾਂ ਇਹ ਖਰੀਦ ਪੰਜਾਬ ਸਰਕਾਰ ਵੱਲੋਂ ਕਾਫ਼ੀ ਸੂਝ-ਬੂਝ ਨਾਲ ਕੀਤੀ ਗਈ ਹੈ।

ਇਹ ਵੀ ਧਿਆਨ ਦੇਣਯੋਗ ਹੈ ਕਿ ਜੀ ਵੀ ਕੇ ਨੂੰ ਕਰਜ਼ਾ ਦੇਣ ਵਾਲੇ ਸਾਰੇ ਬੈਂਕਾਂ ਤੇ ਹੋਰ ਰਿਣਦਾਤਿਆਂ ਨੇ ਇਸ ਪਲਾਂਟ ਬਾਰੇ ਪੀ ਐੱਸ ਪੀ ਸੀ ਐਲ (Punjab State Power Corporation Limited) ਦੀ ਤਜਵੀਜ਼ ਨਾਲ ਸਹਿਮਤੀ ਜਤਾਈ।

ਪੰਜਾਬ ਸਰਕਾਰ ਆਪਣੀ ਕੋਲਾ ਖਾਣ ਦਾ ਵੱਧ ਤੋਂ ਵੱਧ ਕੋਲਾ ਇਸ ਪਲਾਂਟ ਵਾਸਤੇ ਵਰਤ ਸਕੇਗੀ। ਕੰਪਨੀ ਕੋਲ ਸਾਧਨਾਂ ਦੀ ਘਾਟ ਹੋਣ ਕਰਕੇ ਹੁਣ ਤੱਕ ਪਲਾਂਟ ਦੀ ਵਰਤੋਂ ਸਮਰੱਥਾ ਦੇ ਮੁਕਾਬਲਤਨ ਔਸਤਨ 34 ਫ਼ੀਸਦੀ ਹੀ ਹੋ ਰਹੀ ਸੀ। ਪੰਜਾਬ ਸਰਕਾਰ ਇਸ ਦੀ ਸਮਰੱਥਾ ਨੂੰ 75 ਤੋਂ 80 ਫ਼ੀਸਦੀ ਤਕ ਵਧਾ ਸਕਦੀ ਹੈ।

ਇਹ ਸਮਝੌਤਾ ਹੋਣ ਨਾਲ ਪਾਵਰਕਾਮ ਨਾਲ ਸੰਬੰਧਤ ਸਾਰੇ ਅਦਾਲਤੀ ਕੇਸ ਖ਼ਤਮ ਹੋ ਜਾਣਗੇ ਤੇ ਭਵਿੱਖ ਵਿਚ ਕੋਈ ਹੋਰ ਮੁਕੱਦਮੇਬਾਜ਼ੀ ਨਹੀਂ ਹੋਵੇਗੀ। ਬਿਜਲੀ ਖ਼ਰੀਦ ਸਮਝੌਤਿਆਂ ਵਿੱਚੋਂ ਵੀ ਹੁਣ 3 ਫੀਸਦੀ ਦੀ ਕਟੌਤੀ ਹੋ ਜਾਵੇਗੀ।

ਇਸ ਪਲਾਂਟ ਕੋਲ ਲੱਗਭੱਗ 1100 ਏਕੜ ਜ਼ਮੀਨ ਹੈ, ਜਿਸ ਵਿਚੋਂ 700 ਏਕੜ ਪਲਾਂਟ ਲਈ ਵਰਤੀ ਗਈ ਹੈ ਅਤੇ ਲੱਗਭੱਗ 400 ਏਕੜ ਭਵਿੱਖ ਵਿਚ ਵਰਤੀ ਜਾ ਸਕਦੀ ਹੈ। ਸਰਕਾਰ ਦੁਆਰਾ ਪਲਾਂਟ ਖਰੀਦਣ ਨਾਲ ਨਾ ਸਿਰਫ਼ ਸੂਬੇ ਨੂੰ ਫ਼ਾਇਦਾ ਹੋਵੇਗਾ, ਸਗੋਂ ਗੋਇੰਦਵਾਲ ਸਾਹਿਬ ਤੇ ਨਜ਼ਦੀਕੀ ਇਲਾਕਿਆਂ ਦੀ ਆਰਥਿਕਤਾ ਨੂੰ ਵੀ ਹੁਲਾਰਾ ਮਿਲੇਗਾ ਅਤੇ ਸਰਕਾਰੀ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਇੱਥੇ ਇਹ ਯਾਦ ਕਰਨਾ ਬਣਦਾ ਹੈ ਕਿ ਪੰਜਾਬ ਦੇ ਬਿਜਲੀ ਖੇਤਰ ਦੇ ਇੰਜੀਨੀਅਰਾਂ ਨੇ ਜਨਤਕ ਖੇਤਰ ਵਿਚ ਥਰਮਲ ਪਲਾਂਟ ਲਗਾ ਕੇ ਅਤੇ ਉਨ੍ਹਾਂ ਨੂੰ ਸਫ਼ਲਤਾ ਨਾਲ ਚਲਾ ਕੇ ਪੰਜਾਬ ਨੂੰ ਬਿਜਲੀ ਖੇਤਰ ਵਿਚ ਦੇਸ਼ ਦਾ ਮੋਹਰੀ ਸੂਬਾ ਬਣਾਇਆ ਸੀ। ਜਦੋਂ ਤਤਕਾਲੀ ਸਰਕਾਰ ਨੇ ਦੋ ਥਰਮਲ ਪਲਾਂਟ ਨਿੱਜੀ ਖੇਤਰ ਵਿਚ ਲਾਉਣ ਦਾ ਫ਼ੈਸਲਾ ਕੀਤਾ ਸੀ ਤਾਂ ਪੰਜਾਬ ਦੇ ਬਿਜਲੀ ਇੰਜੀਨੀਅਰਾਂ ਦੀ ਰਾਏ ਇਹ ਸੀ ਕਿ ਸਰਕਾਰ ਘੱਟੋ-ਘੱਟ ਇਕ ਥਰਮਲ ਪਲਾਂਟ ਜਨਤਕ ਖੇਤਰ ਵਿਚ ਲਗਾਏ। ਕਾਰਪੋਰੇਟ ਅਦਾਰਿਆਂ ਦੇ ਦਬਾਅ ਹੇਠ ਭਾਵੇਂ ਸਾਰੀ ਦੁਨੀਆ ਵਿਚ ਰੁਝਾਨ ਨਿੱਜੀਕਰਨ ਵੱਲ ਹੈ, ਪਰ ਨਿੱਜੀਕਰਨ ਤੋਂ ਹੋਏ ਤਲਖ਼ ਤਜਰਬੇ ਦੱਸਦੇ ਹਨ ਕਿ ਸਿਹਤ, ਸਿੱਖਿਆ, ਰੇਲ, ਬਿਜਲੀ ਅਤੇ ਬੁਨਿਆਦੀ ਢਾਂਚੇ ਦੇ ਹੋਰ ਖੇਤਰਾਂ ਵਿਚ ਹੋਏ ਨਿੱਜੀਕਰਨ ਨੇ ਇਨ੍ਹਾਂ ਖੇਤਰਾਂ ਵਿਚ ਸੁਧਾਰ ਕਰਨ ਦੀ ਥਾਂ ਲੋਕਾਂ ਦੀਆਂ ਤਕਲੀਫ਼ਾਂ ਨੂੰ ਵਧਾਇਆ ਹੈ। ਭਾਰਤ ਵਰਗੇ ਦੇਸ਼ਾਂ ਨੂੰ ਪੱਛਮ ਵਿਚ ਪ੍ਰਚੱਲਿਤ ਨਿੱਜੀਕਰਨ ਦੇ ਰੁਝਾਨ ਦੀ ਅੰਨ੍ਹੇਵਾਹ ਨਕਲ ਕਰਨ ਦੀ ਬਜਾਇ ਜਨਤਕ ਖੇਤਰ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।

ਪ੍ਰਾਈਵੇਟ ਥਰਮਲ ਦੀ ਖਰੀਦ ਮਗਰੋਂ ਇਸ ਨੂੰ 'ਗੁਰੂ ਅਮਰਦਾਸ ਥਰਮਲ ਪਾਵਰ ਲਿਮਟਿਡ' ਦਾ ਨਾਂਅ ਦਿੱਤਾ ਗਿਆ ਹੈ। ਪੰਜਾਬ ਵਿਚ ਪਹਿਲਾਂ ਬਠਿੰਡਾ ਵਿਚ ਗੁਰੂ ਨਾਨਕ ਦੇਵ ਜੀ ਦੇ ਨਾਂਅ 'ਤੇ, ਲਹਿਰਾ ਮੁਹੱਬਤ ਵਿਚ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਨਾਂਅ 'ਤੇ ਅਤੇ ਰੋਪੜ ਵਿਚ ਗੁਰੂ ਗੋਬਿੰਦ ਸਿੰਘ ਜੀ ਦੇ ਨਾਂਅ 'ਤੇ ਥਰਮਲ ਪਲਾਂਟ ਬਣਿਆ ਹੈ।


ਬਿਜਲੀ ਵਿਭਾਗ ਦੇ ਪ੍ਰਮੁੱਖ ਸਕੱਤਰ ਤੇਜਵੀਰ ਸਿੰਘ ਅਤੇ ਪਾਵਰਕੌਮ ਦੇ ਅਧਿਕਾਰੀ ਬਲਦੇਵ ਸਿੰਘ ਸਰਾ ਨੇ ਸਮੁੱਚੀ ਖਰੀਦ ਪ੍ਰਕਿਰਿਆ ਵਿਚ ਮੋਹਰੀ ਭੂਮਿਕਾ ਨਿਭਾਈ।

**ਗੋਇੰਦਵਾਲ ਥਰਮਲ ਪਲਾਂਟ : ਪਿਛੋਕੜ 'ਤੇ ਝਾਤ** : ਗੋਇੰਦਵਾਲ ਥਰਮਲ ਪਲਾਂਟ ਅਪਰੈਲ 2016 ਵਿਚ ਚਾਲੂ ਹੋਇਆ ਸੀ। ਇਸ ਥਰਮਲ ਦੀ ਸਮਰੱਥਾ 540 ਮੈਗਾਵਾਟ ਦੀ ਹੈ ਅਤੇ 1075 ਏਕੜ ਵਿਚ ਸਥਾਪਤ ਹੈ। ਪਿੱਛੇ ਦੇਖੀਏ ਤਾਂ ਬੇਅੰਤ ਸਿੰਘ ਸਰਕਾਰ ਨੇ 1992 ਵਿਚ 500 ਮੈਗਾਵਾਟ ਦਾ ਗੋਇੰਦਵਾਲ ਥਰਮਲ ਲਾਉਣ ਦਾ ਐਲਾਨ ਕੀਤਾ ਸੀ ਅਤੇ ਉਸ ਮਗਰੋਂ ਅਕਾਲੀ ਸਰਕਾਰ ਨੇ 17 ਅਪਰੈਲ 2000 ਨੂੰ 500 ਮੈਗਾਵਾਟ ਦੇ ਇਸ ਥਰਮਲ ਦਾ ਐੱਮ ਓ ਯੂ ਸਾਈਨ ਕੀਤਾ ਸੀ ਅਤੇ ਇਹ ਥਰਮਲ ਲਾਉਣ ਲਈ ਟੈਂਡਰ ਨਹੀਂ ਹੋਏ ਸਨ। ਕਾਂਗਰਸ ਸਰਕਾਰ ਨੇ ਮਗਰੋਂ 2006 ਵਿਚ ਇਸ ਦੀ ਸਮਰੱਥਾ ਵਧਾ ਕੇ 540 ਮੈਗਾਵਾਟ ਕਰ ਦਿੱਤੀ। ਜੀ ਵੀ ਕੇ ਥਰਮਲ ਪਲਾਂਟ ਦਾ ਨੀਂਹ ਪੱਥਰ ਅਕਤੂਬਰ 2008 ਵਿੱਚ ਤਤਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਰੱਖਿਆ ਸੀ। ਇਸ ਦੇ ਦੋ ਯੂਨਿਟ ਹਨ, ਹਰ ਇੱਕ ਯੂਨਿਟ 270 ਮੈਗਾਵਾਟ ਥਰਮਲ ਪਾਵਰ ਪੈਦਾ ਕਰਦਾ ਹੈ।

ਅਕਾਲੀ ਸਰਕਾਰ ਨੇ ਮਈ 2009 ਵਿਚ 540 ਮੈਗਾਵਾਟ ਦਾ ਬਿਜਲੀ ਖਰੀਦ ਸਮਝੌਤਾ ਇਸ ਕੰਪਨੀ ਨਾਲ ਕੀਤਾ। 2014 ਵਿਚ ਇਸ ਥਰਮਲ ਨੂੰ ਅਲਾਟ ਹੋਈ ਕੋਲਾ ਖਾਣ ਸੁਪਰੀਮ ਕੋਰਟ ਨੇ ਰੱਦ ਕਰ ਦਿੱਤੀ। ਸਾਲ 2016 ਵਿਚ ਚਾਲੂ ਹੋਣ ਦੇ ਕੁੱਝ ਸਮੇਂ ਮਗਰੋਂ ਲਿਟੀਗੇਸ਼ਨ ਦਾ ਦੌਰ ਸ਼ੁਰੂ ਹੋ ਗਿਆ। 270 ਮੈਗਾਵਾਟ ਦੀ ਪਹਿਲੀ ਯੂਨਿਟ ਅਕਾਲੀ-ਭਾਜਪਾ ਸਰਕਾਰ ਦੌਰਾਨ 1 ਅਪ੍ਰੈਲ, 2016 ਨੂੰ ਚਾਲੂ ਹੋਈ, ਜਦੋਂ ਕਿ 270 ਮੈਗਾਵਾਟ ਦੀ ਦੂਜੀ ਯੂਨਿਟ 14 ਅਪ੍ਰੈਲ, 2016 ਨੂੰ ਚਾਲੂ ਹੋਈ। ਪਾਵਰਕੌਮ ਨੇ ਇਸ ਕੰਪਨੀ ਨੂੰ 2019 ਵਿਚ ਡਿਫਾਲਟਿੰਗ ਨੋਟਿਸ ਦੇ ਦਿੱਤਾ। ਪੰਜਾਬ ਸਰਕਾਰ ਨੇ 30 ਅਕਤੂਬਰ 2021 ਨੂੰ ਜੀ ਵੀ ਕੇ ਨਾਲ ਹੋਏ ਬਿਜਲੀ ਖਰੀਦ ਸਮਝੌਤੇ ਨੂੰ ਰੱਦ ਕਰਨ ਵਾਸਤੇ ਕਾਨੂੰਨੀ ਨੋਟਿਸ ਦਿੱਤਾ ਗਿਆ, ਪਰ ਇਸ 'ਤੇ ਬਿਜਲੀ ਰੈਗੂਲੇਟਰੀ ਕਮਿਸ਼ਨ ਨੇ ਰੋਕ ਲਗਾ ਦਿੱਤੀ। ਅੰਤ ਅਕਤੂਬਰ 2022 ਵਿਚ ਜੀ ਵੀ ਕੇ ਗਰੁੱਪ ਨੂੰ ਦੀਵਾਲੀਆ ਐਲਾਨ ਦਿੱਤਾ ਗਿਆ। ਵਰਤਮਾਨ ਵਿੱਚ, ਜੀ ਵੀ ਕੇ ਅਤੇ ਪੀ ਐੱਸ ਪੀ ਸੀ ਐੱਲ ਵਿਚਕਾਰ 17 ਮੁਕੱਦਮੇ ਚੱਲ ਰਹੇ ਸਨ, ਜਿਨ੍ਹਾਂ ਵਿੱਚੋਂ ਨੌਂ ਜੀ ਵੀ ਕੇ ਦੁਆਰਾ ਪੀ ਐੱਸ ਪੀ ਸੀ ਐੱਲ ਦੇ ਵਿਰੁੱਧ ਦਾਇਰ ਕੀਤੇ ਗਏ ਸਨ, ਜਿਸ ਵਿੱਚ 3,000 ਕਰੋੜ ਰੁਪਏ ਦਾ ਦਾਅਵਾ ਕੀਤਾ ਗਿਆ ਸੀ। PSPCL ਦੁਆਰਾ 7੭™ ਤੋਂ 1,700 ਕਰੋੜ ਰੁਪਏ ਦਾ ਦਾਅਵਾ ਕਰਦੇ ਹੋਏ ਸਨ ।PSPCL ਅਧਿਕਾਰੀਆਂ ਨੇ ਖੁਲਾਸਾ ਕੀਤਾ ਕਿ ਇਹ ਸਾਰੇ ਕੇਸ ਇਸ ਕੰਪਨੀ ਨੂੰ ਐਕਵਾਇਰ ਕਰਨ ਦੇ ਨਾਲ ਹੀ ਖਤਮ ਹੋ ਜਾਣਗੇ। ਇਸ ਦੇ ਨਾਲ ਹੀ 'ਆਪ' ਸਰਕਾਰ ਨੇ ਇਸ ਥਰਮਲ ਨੂੰ ਹੁਣ ਖਰੀਦ ਕੇ ਅਕਾਲੀ-ਭਾਜਪਾ ਸਰਕਾਰ ਵੱਲੋਂ ਪੰਜਾਬ ਨੂੰ ਢਾਅ ਲਾਉਣ ਵਾਲੇ ਵਿਵਾਦਤ 'ਬਿਜਲੀ ਖਰੀਦ' ਸਮਝੌਤੇ ਦਾ ਵੀ ਭੋਗ ਪਾ ਦਿੱਤਾ ਹੈ।

ਬਠਿੰਡਾ ਵਿੱਚ 440 ਮੈਗਾਵਾਟ ਬਿਜਲੀ ਪੈਦਾ ਕਰਨ ਵਾਲੇ ਸਰਕਾਰੀ ਮਾਲਕੀ ਵਾਲੇ ਗੁਰੂ ਨਾਨਕ ਦੇਵ ਥਰਮਲ ਪਲਾਂਟ ਨੂੰ ਪਿਛਲੀ ਕਾਂਗਰਸ ਸਰਕਾਰ ਨੇ 1 ਜਨਵਰੀ 2018 ਨੂੰ ਬੰਦ ਕਰ ਦਿੱਤਾ ਸੀ। ਇੱਥੋਂ ਤੱਕ ਕਿ 420 ਮੈਗਾਵਾਟ ਦੀ ਉਤਪਾਦਨ ਸਮਰੱਥਾ ਵਾਲੇ ਜੀ.ਜੀ.ਐੱਸ.ਐੱਸ.ਟੀ.ਪੀ., ਰੋਪੜ ਦੇ ਦੋ ਯੂਨਿਟ ਵੀ ਬੰਦ ਕਰ ਦਿੱਤੇ ਗਏ ਸਨ। ਹਾਲਾਂਕਿ ਇਸ ਦੇ ਨਾਲ ਹੀ ਇਸ ਗੱਲ ਦੀ ਵੀ ਡੂੰਘਾਈ ਨਾਲ ਜਾਂਚ ਕੀਤੇ ਜਾਣ ਦੀ ਲੋੜ ਹੈ ਕਿ ਬਠਿੰਡਾ ਅਤੇ ਰੋਪੜ ਦੇ ਥਰਮਲ ਯੂਨਿਟਾਂ ਨੂੰ 2018 ਵਿੱਚ ਕਾਂਗਰਸ ਸਰਕਾਰ ਨੇ ਕਿਉਂ ਬੰਦ ਕਰ ਦਿੱਤਾ ਸੀ। ਅੱਜ ਅਸੀਂ ਇੱਕ ਪ੍ਰਾਈਵੇਟ ਥਰਮਲ ਪਲਾਂਟ ਖਰੀਦਿਆ ਹੈ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਰਾਜ ਨੇ ਥਰਮਲ ਪਲਾਂਟ ਖਰੀਦਿਆ ਹੈ। ਇਹ ਸਭ ਇਰਾਦੇ ਬਾਰੇ ਹੈ, ਮਾਨ ਨੇ ਕਿਹਾ।

**ਅਸੀਂ ਇਤਿਹਾਸ ਰਚਿਆ ਹੈ:** ਉਨ੍ਹਾਂ ਕਿਹਾ ਕਿ ਪ੍ਰਾਈਵੇਟ ਥਰਮਲ ਪਲਾਂਟ ਦੀ ਉਮਰ 18-19 ਸਾਲ ਹੁੰਦੀ ਹੈ, ਪਰ ਜੇਕਰ ਚੰਗੀ ਤਰ੍ਹਾਂ ਸੰਭਾਲਿਆ ਜਾਵੇ ਤਾਂ ਇਹ ਜ਼ਿਆਦਾ ਸਮਾਂ ਚੱਲ ਸਕਦਾ ਹੈ।



# ਸੰਪਰਕ : 94647-97400

## ਨਵੇਂ ਸਾਲ ਦੀ ਆਮਦ 'ਤੇ ਕਰਵਾਇਆ ਭਗਵਾਨ ਵਾਲਮੀਕਿ ਸਤਸੰਗ



**ਆਦਮਪੁਰ (ਪਰਮਜੀਤ ਸਿੰਘ)**-ਸਥਾਨਕ ਸੱਗਰਾ ਮੁਹੱਲੇ ਵਾਰਡ ਨੰਬਰ 2 ਵਿਖੇ ਸਮੂਹ ਮੁਹੱਲਾ ਨਿਵਾਸੀਆਂ ਨੇ ਨਵੇਂ ਸਾਲ 2024 ਦੀ ਆਮਦ 'ਤੇ ਸਰਬੱਤ ਦੇ ਭਲੇ ਲਈ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦਾ ਸਤਸੰਗ ਕਰਵਾਇਆ। ਇਸ ਮੌਕੇ ਵੱਖ ਵੱਖ ਕੀਰਤਨੀ ਜੱਥਿਆ ਵੱਲੋਂ ਮਹਾਂਰਿਸ਼ੀ ਭਗਵਾਨ ਵਾਲਮੀਕਿ ਜੀ ਦੀ ਮਹਿਮਾ ਦਾ ਗੁਣਗਾਨ ਕਰ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਨੇ ਕਿਹਾ ਕਿ ਭਗਵਾਨ ਵਾਲਮੀਕਿ ਮਹਾਰਾਜ ਜੀ ਦੀ ਕ੍ਰਿਪਾ ਨਾਲ ਨਵਾਂ ਸਾਲ 2024 ਸਭ ਲਈ ਖੁਸ਼ੀਆਂ ਭਰਿਆ ਹੋਵੇ ਤੇ ਮੁਹੱਲੇ 'ਚ ਸੁਖ਼ਸ਼ਾਂਤੀ ਬਣੀ ਰਹੇ। ਸਤਸੰਗ 'ਚ ਸਹਿਯੋਗ ਕਰਨ ਵਾਲਿਆਂ ਤੇ ਪਤਵੰਤਿਆ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਅਟੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਸ਼ੰਮੀ ਕੁਮਾਰ, ਗਿਆਨ ਚੰਦ,ਰਮਨ ਕੁਮਾਰ,ਸੁੱਖਵਿੰਦਰ ਕੁਮਾਰ, ਬਲਵਿੰਦਰ ਕੁਮਾਰ,ਰਕੇਸ਼ ਕੁਮਾਰ , ਰਿੰਕੂ ਸਹੋਤਾ,ਰਾਜ ਕੁਮਾਰ ਆਦੀਆ, ਅਮਰਦੀਪ ਦੀਪਾ, ਅਸ਼ੋਕ ਕੁਮਾਰ ਸਹੋਤਾ ਤੇ ਹੋਰ ਪਤਵੰਤੇ ਹਾਜਿਰ ਸਨ

## ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਦੇ ਸੰਬੰਧ 'ਚ ਨਗਰ ਕੀਰਤਨ 15 ਨੂੰ

**ਮੁਹਾਲੀ (ਗੁਰਜੀਤ ਬਿੱਲਾ)**-ਧੰਨ ਧੰਨ ਸ੍ਰੀ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਪ੍ਰਕਾਸ਼ ਦਿਹਾੜੇ ਨੂੰ ਬੜੀ ਸ਼ਰਧਾ ਪ੍ਰੇਮ ਸਤਿਕਾਰ ਨਾਲ ਮਨਾਉਂਦੇ ਹੋਏ, ਨਗਰ ਕੀਰਤਨ 15 ਜਨਵਰੀ ਨੂੰ ਸਜਾਇਆ ਜਾਵੇਗਾ, ਜਿਸ ਦੇ ਸੰਬੰਧ 'ਚ ਗੁਰਦੁਆਰਾ ਤਾਲਮੇਲ ਕਮੇਟੀ ਦੀ ਮੀਟਿੰਗ ਪ੍ਰਧਾਨ ਜੋਗਿੰਦਰ ਸਿੰਘ ਸੋਂਧੀ ਦੀ ਅਗਵਾਈ 'ਚ ਹੋਈ ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੀ ਅਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਪੰਜ ਪਿਆਰਿਆਂ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸਿੰਘ ਸਭਾ ਫੇਜ਼ 01 ਹੋਵੇਗੀ। ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਮਾਨ, ਕਰਮ ਸਿੰਘ ਬਬਰਾ, ਰਣਜੀਤ ਸਿੰਘ ਗਿੱਲ, ਹਰਪਾਲ ਸਿੰਘ, ਹਰਜੋਤ ਸਿੰਘ, ਹਰਜੀਤ ਸਿੰਘ, ਜਗਦੀਸ਼ ਸਿੰਘ, ਗੁਰਨਾਮ ਸਿੰਘ, ਬਲਬੀਰ ਸਿੰਘ, ਹਰਦੀਪ ਸਿੰਘ, ਕਰਮ ਸਿੰਘ, ਬਲਜਿੰਦਰ ਸਿੰਘ, ਅਮਰਜੀਤ ਸਿੰਘ ਪਾਹਵਾ, ਮਨਜੀਤ ਸਿੰਘ ਭਲਾ, ਮਨਜੀਤ ਸਿੰਘ, ਨੱਥਾ ਸਿੰਘ, ਜਸਵੰਤ ਸਿੰਘ, ਸੁਰਜੀਤ ਸਿੰਘ ਮਨਦੀਪ ਸਿੰਘ ਵੀ ਮੌਜੂਦ ਸਨ। ਗੁਰਦੁਆਰਾ ਤਾਲਮੇਲ ਕਮੇਟੀ ਦੇ ਪ੍ਰਧਾਨ ਜੋਗਿੰਦਰ ਸਿੰਘ ਸੋਂਧੀ ਅਤੇ ਗੁਰਦੁਆਰਾ ਸਿੰਘ ਸਭਾ ਫੇਜ਼ 1 ਦੇ ਪ੍ਰਧਾਨ ਵੱਲੋਂ ਗੁਰਦੁਆਰਾ ਸਾਹਿਬਾਨ ਅਤੇ ਧਾਰਮਿਕ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸੰਗਤਾਂ ਫੇਜ਼ 01 ਸ੍ਰੀ ਸਿੰਘ ਸਭਾ ਗੁਰਦੁਆਰਾ ਸਾਹਿਬ ਪਹੁੰਚਣ ਦੀ ਕਿਰਪਾਲਤਾ ਕਰਨ, ਮਾਰਕੀਟ ਦੇ ਪ੍ਰਧਾਨਾਂ, ਐਸੋਸੀਏਸ਼ਨਾ ਅਤੇ ਹੋਰ ਸੰਸਥਾਵਾਂ ਨੂੰ ਬੇਨਤੀ ਕੀਤੀ ਕਿ ਵੱਧ ਵੱਧ ਮਾਰਕੀਟਾਂ ਨੂੰ ਸਜਾਇਆ ਜਾਵੇ ।ਸਰਦੀ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਚਾਹ ਕਾਫੀ ਪਾਣੀ ਲੰਗਰ ਆਦਿ ਦਾ ਵੀ ਪ੍ਰਬੰਧ ਸੰਗਤਾਂ ਲਈ ਕੀਤਾ ਜਾਵੇ।

## ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਮੈਸ. ਗੋਕੁਲ ਇੰਟਰਨੈਸ਼ਨਲ ਦਾ ਕੀਤਾ ਲਾਇਸੰਸ ਰੱਦ



**ਨਵਾਂਸ਼ਹਿਰ, (ਮਨੋਜ ਲਾਡੀ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਸ਼ਹੀਦ ਭਗਤ ਸਿੰਘ ਨਗਰ ਰਾਜੀਵ ਵਰਮਾ ਨੇ ਦੱਸਿਆ ਹੈ ਕਿ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਦੇ ਸੈਕਸ਼ਨ 6 (1) (ਜੀ) ਤਹਿਤ ਪ੍ਰਾਰਥੀ ਜਰਨੈਲ ਸਿੰਘ ਪੁੱਤਰ ਬਲਵੀਰ ਸਿੰਘ, ਵਾਸੀ ਬਲਾਕ ਨੰ: 05, ਮਕਾਨ ਨੰ: 247, ਲਾਜਪਤ ਨਗਰ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਜਾਰੀ ਕੀਤਾ ਗਿਆ ਲਾਇਸੰਸ ਨੰਬਰ 70/ਐਮ.ਏ./ਐਮ.ਸੀ.2 ਮਿਤੀ 07-02-2018 ਫਰਮ ਮੈਸ. ਗੋਕੂਲ ਇੰਟਰਨੈਸ਼ਨਲ ਬੰਗਾ ਰੋਡ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕੀਤਾ ਜਾਂਦਾ ਹੈ।ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਬਣੇ ਰੂਲਜ਼ ਅਨੁਸਾਰ ਲਾਇਸੰਸ ਦੀ ਮਿਆਦ ਖਤਮ ਹੋਣ ਦੀ ਮਿਤੀ ਤੋਂ ਦੋ ਮਹੀਨੇ ਪਹਿਲਾਂ ਸਮੇਤ ਸਬੰਧਤ ਦਸਤਾਵੇਜ਼ ਅਪਲਾਈ ਕੀਤਾ ਜਾਂਦਾ ਹੈ ਪ੍ਰੰਤੂ ਲਾਇਸੰਸ ਧਾਰਕ ਵੱਲੋਂ ਲਾਇਸੰਸ ਰੀਨਿਊ ਕਰਨ ਸਬੰਧੀ ਦਰਖਾਸਤ ਦਫ਼ਤਰ ਵਿੱਚ ਪੇਸ਼ ਨਹੀਂ ਕੀਤੀ ਗਈ। ਇਸ ਸਬੰਧੀ ਲਾਇਸੰਸ ਧਾਰਕ ਜਰਨੈਲ ਸਿੰਘ ਨੂੰ ਕਾਰਨ ਦਸੋਂ ਨੋਟਿਸ ਜਾਰੀ ਕੀਤਾ ਗਿਆ। ਜਿਸ ਸਬੰਧੀ ਬਲਵੀਰ ਸਿੰਘ ਪੁੱਤਰ ਮਿਲਖਾ ਸਿੰਘ ਵਾਸੀ ਲਾਜਪਤ ਰਾਏ ਨਗਰ, ਨਵਾਂਸ਼ਹਿਰ ਵੱਲੋਂ ਦੱਸਿਆ ਕਿ ਉਸਦੇ ਪੁੱਤਰ ਜਰਨੈਲ ਸਿੰਘ ਦੀ ਮੌਤ ਹੋ ਗਈ ਸੀ ਅਤੇ ਉਸ ਦੀ ਮੌਤ ਦੇ ਬਾਅਦ ਇਹ ਸੈਂਟਰ ਬੰਦ ਕਰ ਦਿੱਤਾ ਸੀ ਅਤੇ ਇਸ ਲਾਇਸੰਸ ਨੂੰ ਕੈਂਸਲ ਕਰ ਦਿੱਤਾ ਜਾਵੇ।ਜਿਸ ਸਬੰਧੀ ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਉਕਤ ਲਾਇਸੰਸ ਨੂੰ ਰੱਦ ਕੀਤਾ ਗਿਆ ਹੈ।

## ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਸੱਭਰਵਾਲ)**-ਨਵੇਂ ਸਾਲ ਵਿੱਚ ਪ੍ਰਮਾਤਮਾ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਸੋਮਵਾਰ ਨੂੰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਕਰਵਾਏ ਗਏ।ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਅਧਿਕਾਰੀਆਂ/ਕਰਮਚਾਰੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਪਾਠ ਦੇ ਭੋਗ ਉਪਰੰਤ ਅਧਿਕਾਰੀਆਂ/ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਸਾਰੰਗਲ ਨੇ ਕਿਹਾ ਕਿ ਕਰਮਚਾਰੀ ਸੇਵਾ ਭਾਵਨਾ ਨਾਲ ਕੰਮ ਕਰਨ ਤਾਂ ਜੋ ਲੋਕਾਂ ਦੇ ਰੋਜਮੱਰਾ ਦੇ ਕੰਮ ਆਸਾਨੀ ਨਾਲ ਹੋ ਸਕਣ ।ਉਨ੍ਹਾਂ ਆਸ ਪ੍ਰਗਟ ਕੀਤੀ ਕਿ ਸਮੂਹ ਅਧਿਕਾਰੀ/ਕਰਮਚਾਰੀ ਇਸ ਸਾਲ ਦੌਰਾਨ ਆਪਣੇ ਕੰਮ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨਗੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਡਾ. ਅਮਿਤ ਮਹਾਜਨ, ਐਸ.ਡੀ.ਐਮ. ਡਾ. ਜੈ ਇੰਦਰ ਸਿੰਘ ਆਦਿ ਵੀ ਮੌਜੂਦ ਸਨ।

# ਆਦਮਪੁਰ ਹਵਾਈ ਅੱਡੇ ਤੋਂ ਘਰੇਲੂ ਉਡਾਣਾਂ ਜਲਦ ਹੋਣਗੀਆਂ ਸ਼ੁਰੂ : ਰਿੰਕੂ



**ਜਲੰਧਰ, ਆਦਮਪੁਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਪਰਮਜੀਤ ਸਿੰਘ)**-ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਸੋਮਵਾਰ ਨੂੰ ਕਿਹਾ ਕਿ ਆਦਮਪੁਰ ਸਿਵਲ ਹਵਾਈ ਅੱਡੇ ਤੋਂ ਘਰੇਲੂ ਉਡਾਣਾਂ ਜਲਦ ਸ਼ੁਰੂ ਹੋਣਗੀਆਂ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦੇ ਨਾਲ ਆਦਮਪੁਰ ਸਿਵਲ ਹਵਾਈ ਅੱਡੇ ਦੇ ਨਵੇਂ ਬਣੇ ਟਰਮੀਨਲ ਦਾ ਜਾਇਜ਼ਾ ਲੈਂਦਿਆਂ ਸੰਸਦ ਮੈਂਬਰ ਨੇ ਕਿਹਾ ਕਿ ਟਰਮੀਨਲ ਤਿਆਰ ਹੈ ਅਤੇ ਆਉਣ ਵਾਲੇ ਮਹੀਨੇ ਵਿੱਚ ਘਰੇਲੂ ਉਡਾਣਾਂ ਮੁੜ ਸ਼ੁਰੂ ਹੋ ਜਾਣਗੀਆਂ, ਜਿਸ ਦੇ ਲਈ ਉਨ੍ਹਾਂ ਵੱਲੋਂ ਹਾਲ ਹੀ ਵਿੱਚ ਇਹ ਮਾਮਲਾ ਸਿਵਲ ਏਵੀਏਸ਼ਨ ਮੰਤਰਾਲੇ ਪਾਸ ਵੀ ਉਠਾਇਆ ਗਿਆ ਸੀ। ਸੁਸ਼ੀਲ ਰਿੰਕੂ ਨੇ ਕਿਹਾ ਕਿ ਆਦਮਪੁਰ ਸਿਵਲ ਹਵਾਈ ਅੱਡੇ ਤੋਂ ਉਡਾਣਾਂ ਸ਼ੁਰੂ ਹੋਣ ਨਾਲ ਦੋਆਬਾ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਇਹ ਵੀ ਕਿਹਾ ਕਿ ਇਸ ਨਾਲ ਪ੍ਰਵਾਸੀ ਭਾਰਤੀਆਂ ਨੂੰ ਇੱਥੇ ਆਪਣੇ ਪਰਵਾਰਾਂ ਨਾਲ ਜੁੜੇ ਰਹਿਣ ਦੀ ਸੁਵਿਧਾ ਮਿਲਣ ਦੇ ਨਾਲ-ਨਾਲ ਉਨ੍ਹਾਂ ਦੇ ਸਮੇਂ, ਪੈਸੇ ਅਤੇ ਊਰਜਾ ਦੀ ਵੀ ਬੱਚਤ ਹੋਵੇਗੀ। ਉਨ੍ਹਾਂ ਨੇ ਨਵੇਂ ਟਰਮੀਨਲ ਅਤੇ ਫਲਾਈਟ ਸੰਚਾਲਨ ਬਾਰੇ ਏਅਰਪੋਰਟ ਅਥਾਰਟੀ ਆਫ ਇੰਡੀਆ ਦੇ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ-ਚਰਚਾ ਵੀ ਕੀਤੀ।ਇਸ ਤੋਂ ਪਹਿਲਾਂ ਸੰਸਦ ਮੈਂਬਰ ਨੇ 'ਅਪਰੋਚ ਰੋਡ' ਨੂੰ ਚਹੁੰ-ਮਾਰਗੀ ਕਰਨ ਦੇ ਚੱਲ ਰਹੇ ਕੰਮ ਦਾ ਵੀ ਨਿਰੀਖਣ ਕੀਤਾ, ਜੋ ਕਿ ਹਵਾਈ ਅੱਡੇ ਨੂੰ ਸਿੱਧਾ ਜਲੰਧਰ-ਹੁਸ਼ਿਆਰਪੁਰ ਨੈਸ਼ਨਲ ਹਾਈਵੇ ਨਾਲ ਜੋੜੇਗੀ। ਉਨ੍ਹਾਂ ਕਿਹਾ ਕਿ ਪਹਿਲੇ ਫੇਜ਼ ਅਧੀਨ 4.30 ਕਿਲੋਮੀਟਰ ਸੜਕ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਅਤੇ ਇਹ ਅਗਲੇ ਮਹੀਨੇ ਤੱਕ ਇਹ ਬਣ ਕੇ ਤਿਆਰ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਪ੍ਰਾਜੈਕਟ ਲਈ 41 ਕਰੋੜ ਵਿੱਚੋਂ 21 ਕਰੋੜ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਉਹ ਇਸ ਮਾਰਗ 'ਤੇ ਪੈਂਦੇ ਰੇਲਵੇ ਕਰਾਸਿੰਗ 'ਤੇ ਆਰ.ਓ.ਬੀ. ਬਣਾਉਣ ਲਈ ਰੇਲ ਮੰਤਰੀ ਨੂੰ ਵੀ ਮਿਲਣਗੇ। ਪ੍ਰਾਜੈਕਟ ਦੇ ਦੂਜੇ ਫੇਜ਼ ਅਧੀਨ ਪਿੰਡ ਡਮੁੰਡਾ ਅਤੇ ਕੰਦੋਲਾ ਵਿੱਚ 1.25 ਕਿਲੋਮੀਟਰ ਜਮੀਨ ਦੀ ਪੈਂਡਿੰਗ ਐਕੁਜ਼ੀਸ਼ਨ ਬਾਰੇ ਡਿਪਟੀ ਕਮਿਸ਼ਨਰ ਵਿਸ਼ੇਸ ਸਾਰੰਗਲ ਨੇ ਦੱਸਿਆ ਕਿ ਇਹ ਕੰਮ ਅੰਤਿਮ ਪੜਾਅ 'ਤੇ ਹੈ। ਉਨ੍ਹਾਂ ਕਿਹਾ ਕਿ ਉਹ ਜਲਦ ਹੀ ਇਸ ਸਬੰਧੀ ਉੱਚ ਅਥਾਰਟੀ ਕੋਲ ਮਾਮਲਾ ਉਠਾਉਣਗੇ। ਇਕ ਵਾਰ ਜਮੀਨ ਐਕਵਾਇਰ ਹੋ ਜਾਣ ਤੋਂ ਬਾਅਦ ਦੂਜੇ ਪੜਾਅ ਲਈ ਟੈਂਡਰ ਜਲਦ ਜਾਰੀ ਕਰ ਦਿੱਤੇ ਜਾਣਗੇ। ਇਸ ਮੌਕੇ ਐਸ.ਡੀ.ਐਮ ਡਾ.ਜੈ ਇੰਦਰ ਸਿੰਘ, ਕਾਰਜਕਾਰੀ ਇੰਜਨੀਅਰ ਬੀ.ਐਸ ਤੁਲੀ ਆਦਿ ਵੀ ਮੌਜੂਦ ਸਨ।

## ਜਿੰਪਾ ਨੇ ਤਲਵਾੜਾ 'ਚ ਨਿਰਮਾਣ ਅਧੀਨ ਸਰਫੇਸ ਵਾਟਰ ਪ੍ਰਾਜੈਕਟ ਦਾ ਕੀਤਾ ਦੌਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਦਾ 8 ਹਜ਼ਾਰ ਕਰੋੜ ਰੁਪਇਆ ਰੋਕਿਆ ਹੋਇਆ ਹੈ, ਜਿਸ ਕਾਰਨ ਪੇਂਡੂ ਸੜਕਾਂ ਦੇ ਨਿਰਮਾਣ ਦਾ ਕੰਮ ਰੁਕਿਆ ਹੋਇਆ ਹੈ।ਇਹ ਵਿਚਾਰ ਮੀਡੀਆ ਨਾਲ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਸਾਂਝੇ ਕੀਤੇ।ਸ੍ਰੀ ਜਿੰਪਾ ਇੱਥੇ ਇੱਕ ਨਿੱਜੀ ਸਕੂਲ ਦੇ ਸਾਲਾਨਾ ਇਨਾਮ ਵੰਡ ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣ ਪਹੁੰਚੇ ਸਨ।ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਸ੍ਰੀ ਜਿੰਪਾ ਨੇ ਕਿਹਾ ਕਿ 1998 ਤੋਂ ਬਾਅਦ ਮਾਲ ਮਹਿਕਮੇ 'ਚ ਕੋਈ ਭਰਤੀ ਨਹੀਂ ਹੋਈ, 46 ਸੌ ਪਟਵਾਰ ਸਰਕਲਾਂ ਦਾ ਕੰਮ ਮਹਿਜ਼ ਇੱਕ ਹਜ਼ਾਰ ਤੋਂ ਘੱਟ ਪਟਵਾਰੀ ਕਰ ਰਹੇ ਸਨ, 'ਆਪ' ਸਰਕਾਰ ਨੇ ਆਪਣੇ ਪੌਣੇ ਕੁ ਦੋ ਸਾਲ ਦੇ ਕਾਰਜਕਾਲ 'ਚ ਪਟਵਾਰੀਆਂ ਸਮੇਤ ਹੋਰ ਵਿਭਾਗਾਂ ਵਿਚ 42 ਹਜ਼ਾਰ ਦੇ ਕਰੀਬ ਸਰਕਾਰੀ ਨੌਕਰੀਆਂ ਭਰੀਆਂ ਹਨ।ਉਨ੍ਹਾਂ ਭਰੋਸਾ ਦਿੱਤਾ ਕਿ ਪਟਵਾਰੀਆਂ ਦੀ ਘਾਟ ਪੂਰੀ ਹੋਣ ਉਪਰੰਤ ਮਾਲ ਮਹਿਕਮੇ ਦੇ ਰਹਿੰਦੇ ਕੰਮ ਜ਼ਲਦ ਹੀ ਪੂਰੇ ਕੀਤੇ ਜਾਣਗੇ।ਪੇਂਡੂ ਸੜਕਾਂ ਦੀ ਖਸਤਾ ਹਾਲਤ 'ਤੇ ਸ੍ਰੀ ਜਿੰਪਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਪੰਜਾਬ ਦਾ ਦਿਹਾਤੀ ਵਿਕਾਸ ਫੰਡ (ਆਰ ਡੀ ਐਫ) ਕਰੀਬ 8 ਹਜ਼ਾਰ ਕਰੋੜ ਰੁਪਇਆ ਰੋਕਿਆ ਹੋਇਆ ਹੈ।ਇਹ ਮੁੱਦਾ ਪੰਜਾਬ ਵਿਧਾਨ ਸਭਾ ਅਤੇ ਰਾਜ ਸਭਾ 'ਚ ਵੀ ਜ਼ੋਰ ਸ਼ੋਰ ਨਾਲ ਉਠਾਇਆ ਗਿਆ ਸੀ। ਉਨ੍ਹਾਂ ਉਮੀਦ ਜ਼ਾਹਿਰ ਕੀਤੀ ਕਿ ਕੇਂਦਰ ਵੱਲੋਂ ਆਰ ਡੀ ਐਫ ਜ਼ਾਰੀ ਹੋਣ ਉਪਰੰਤ ਪੇਂਡੂ ਸੜਕਾਂ ਦੇ ਨਵੀਨੀਕਰਨ ਦੇ ਕੰਮ 'ਚ ਤੇਜ਼ੀ ਲਿਆਂਦੀ ਜਾਵੇਗੀ।ਇਸ ਮੌਕੇ ਮੰਤਰੀ ਜਿੰਪਾ ਨੇ ਫਤਹਿਪੁਰ ਤੋਂ ਬਾਬਾ ਦਿਆਲੂ ਮਹਾਰਾਜ ਤੱਕ ਖਸਤਾ ਹਾਲ ਲਿੰਕ ਸੜਕ ਮਾਰਗ ਨੂੰ ਜ਼ਲਦ ਹੀ ਬਣਾਉਣ ਦਾ ਭਰੋਸਾ ਦਿੱਤਾ।ਇਸ ਉਪਰੰਤ ਸ੍ਰੀ ਜਿੰਪਾ ਨੇ ਸ਼ਾਹ ਨਹਿਰ ਬੈਰਾਜ ਕੋਲ ਉਸਾਰੀ ਅਧੀਨ ਸਰਫੇਸ ਵਾਟਰ ਪ੍ਰਾਜੈਕਟ ਦਾ ਦੌਰਾ ਕੀਤਾ ਅਤੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ।ਉਨ੍ਹਾਂ ਅਧਿਕਾਰੀਆਂ ਨੂੰ ਗੁਣਵੱਤਾ ਨਾਲ ਕੋਈ ਵੀ ਸਮਝੌਤਾ ਨਾ ਕਰਨ ਦੀ ਹਦਾਇਤ ਦਿੱਤੀ। ਸ੍ਰੀ ਜਿੰਪਾ ਨੇ ਦੱਸਿਆ ਕਿ 202.03 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੇ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਚਾਰ ਬਲਾਕ ਤਲਵਾੜ, ਹਾਜੀਪੁਰ, ਦਸੂਹਾ ਤੇ ਭੂੰਗਾ ਦੇ ਕਰੀਬ 197 ਨੀਮ ਪਹਾੜੀ ਪਿੰਡਾਂ 'ਚ ਪੀਣ ਵਾਲੇ ਪਾਣੀ ਦੀ ਘਾਟ ਪੂਰੀ ਹੋਵੇਗੀ।ਇਸ ਮੌਕੇ ਉਨ੍ਹਾਂ ਨਾਲ ਹਲ਼ਕਾ ਵਿਧਾਇਕ ਐਡ ਕਰਮਬੀਰ ਘੁੰਮਣ, ਐਸਡੀਐਮ ਮੁਕੇਰੀਆਂ ਅਸ਼ੋਕ ਕੁਮਾਰ, ਨਾਇਬ ਤਹਿਸੀਲਦਾਰ ਉਂਕਾਰ ਸਿੰਘ, ਥਾਣਾ ਮੁਖੀ ਹਰਗੁਰਦੇਵ ਸਿੰਘ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਸੁਪਰਡੈਂਟ ਇੰਜਨੀਅਰ ਵਿਜੈ ਕੁਮਾਰ, ਐਕਸਿਅਨ ਅਨੁਜ ਸ਼ਰਮਾ, ਪ੍ਰਾਜੈਕ ਮੈਨੇਜ਼ਰ ਜੇ ਐਸ ਵਾਲੀਅ, ਐਸਡੀਓ ਸਤਪਾਲ, ਏ ਡੀ ਐਸ ਓ ਨਵਨੀਤ ਕੁਮਾਰ ਜਿੰਦਲ, ਕੁਆਲਿਟੀ ਕੰਟਰੋਲ ਵਿਭਾਗ ਤੋਂ ਤਰਲੋਚਨ ਜੋਸ਼ੀ ਅਤੇ ਮਿਨਾਕਸ਼ੀ ਆਦਿ ਹਾਜ਼ਰ ਸਨ।

# ਕਿਸਾਨ ਭਵਨ ਤੇ ਕਿਸਾਨ ਹਵੇਲੀ ਦੀ ਆਨਲਾਈਨ ਬੁਕਿੰਗ ਸ਼ੁਰੂ : ਬਰਸਟ




**ਸ਼ਾਹਕੋਟ, ਚੰਡੀਗੜ੍ਹ (ਗਿਆਨ ਸੈਦਪੁਰੀ, ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਚੰਡੀਗੜ੍ਹ ਸਥਿਤ ਕਿਸਾਨ ਭਵਨ ਅਤੇ ਸ੍ਰੀ ਆਨੰਦਪੁਰ ਸਾਹਿਬ (ਰੋਪੜ) ਸਥਿਤ ਕਿਸਾਨ ਹਵੇਲੀ ਵਿਖੇ ਆਨਲਾਈਨ ਬੁਕਿੰਗ ਲਈ ਵੈੱਬ ਪੋਰਟਲ ਲਾਂਚ ਕੀਤਾ ਗਿਆ। ਇਸ ਮੌਕੇ ਹਰਚੰਦ ਸਿੰਘ ਬਰਸਟ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਹੁਣ ਲੋਕ ਮੌਕੇ 'ਤੇ ਕਮਰੇ ਬੁੱਕ ਕਰਵਾਉਣ ਦੇ ਨਾਲ-ਨਾਲ ਇਸ ਵੈੱਬ ਪੋਰਟਲ ਰਾਹੀਂ ਕਿਸੇ ਵੀ ਥਾਂ ਤੋਂ ਕਿਸਾਨ ਭਵਨ ਵਿਖੇ ਕਮਰੇ ਲਈ ਆਨਲਾਈਨ ਬੁਕਿੰਗ ਕਰਵਾ ਸਕਦੇ ਹਨ ਅਤੇ ਇਸ ਨਾਲ ਲੋਕ ਵਾਜਬ ਕੀਮਤ 'ਤੇ ਵੱਧ ਸਹੂਲਤਾਂ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ kisanbhawan.emandikaran-pb.in ਵੈਬਸਾਇਟ ਰਾਹੀਂ ਕਿਸਾਨ ਭਵਨ ਅਤੇ ਕਿਸਾਨ ਹਵੇਲੀ ਵਿੱਚ ਬੁਕਿੰਗ ਕਰਵਾਉਣ ਦੇ ਨਾਲ-ਨਾਲ ਵਧੇਰੀ ਜਾਣਕਾਰੀ ਵੀ ਹਾਸਲ ਕੀਤੀ ਜਾ ਸਕਦੀ ਹੈ।ਉਨ੍ਹਾਂ ਅੱਗੇ ਜਾਣਕਾਰੀ ਦਿੰਦੀਆਂ ਦੱਸਿਆ ਕਿ ਕਿਸਾਨ ਭਵਨ, ਚੰਡੀਗੜ੍ਹ 3 ਏਕੜ ਜ਼ਮੀਨ ਵਿੱਚ ਫੈਲਿਆ ਹੋਇਆ ਹੈ। ਇਸ ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰਖਦਿਆਂ ਹਰ ਪੁਖਤਾ ਇੰਤਜਾਮ ਕੀਤੇ ਗਏ ਹਨ। ਸਭ ਤੋਂ ਖਾਸ ਗੱਲ ਇਹ ਹੈ ਕਿ ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਇੱਥੇ 100 ਤੋਂ ਵੱਧ ਗੱਡੀਆਂ ਦੀ ਪਾਰਕਿੰਗ ਲਈ ਜਗ੍ਹਾਂ ਮੁਹੱਇਆ ਕਰਵਾਈ ਗਈ ਹੈ। ਆਧੁਨਿਕ ਸਹੂਲਤਾਂ ਤੋਂ ਭਰਪੂਰ ਤੇ ਪੂਰੀ ਤਰ੍ਹਾਂ ਏਅਰ ਕੰਡੀਸ਼ਨਡ 40 ਬੈਂਡਰੂਮ ਅਤੇ 115 ਡੋਰਮੈਟਰੀ ਬੈੱਡ ਹਨ, ਜਿਨ੍ਹਾਂ ਵਿੱਚ ਟੈਲੀਵਿਜ਼ਨ ਤੋਂ ਲੈ ਕੇ ਸਟੱਡੀ ਟੇਬਲ ਤੱਕ ਦੀ ਸੁਵਿਧਾ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਰਾਵੀ ਤੇ ਚਿਨਾਬ ਨਾਂਅ ਦੇ ਦੋ ਕਾਨਫਰੰਸ ਹਾਲ, ਜਿਨ੍ਹਾਂ ਵਿੱਚ 40 ਤੋਂ ਲੈ ਕੇ 100 ਲੋਕਾਂ ਤੱਕ ਭਾਗ ਲੈਣ ਦੀ ਵਿਵਸਥਾ ਹੈ ਅਤੇ ਸਤੱਲੁਜ ਤੇ ਬਿਆਸ ਨਾਂਅ ਦੇ ਵੱਡੇ ਪਾਰਟੀ ਹਾਲ ਵੀ ਇੱਥੇ ਮੌਜੂਦ ਹਨ, ਜਿਨ੍ਹਾਂ ਵਿੱਚ 150 ਤੋਂ ਲੈ ਕੇ 1000 ਤੱਕ ਦੀ ਗਿਣਤੀ ਤੱਕ ਲੋਕ ਸ਼ਾਮਲ ਹੋ ਸਕਦੇ ਹਨ। ਇਸ ਦੇ ਨਾਲ ਹੀ ਖਾਣਾ ਖਾਣ ਦੇ ਲਈ ਇਕ ਵੱਡਾ ਏਅਰ-ਕੰਡੀਸ਼ਨਡ ਡਾਇਨਿੰਗ ਹਾਲ ਵੀ ਹੈ। ਲੋਕਾਂ ਦੀ ਸਹੂਲਤ ਲਈ ਏ.ਟੀ.ਐਮ. ਵੀ ਲੱਗਾ ਹੋਇਆ ਹੈ। ਉਨ੍ਹਾਂ ਕਿਹਾ ਕਿ ਹਵਾ ਪ੍ਰਦੂਸ਼ਣ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਹੀ ਘਟਾਇਆ ਜਾ ਸਕਦਾ ਹੈ, ਜਿਸਨੂੰ ਧਿਆਨ ਵਿੱਚ ਰੱਖਦੇ ਹੋਏ ਜਿੱਥੇ ਕਿਸਾਨ ਭਵਨ ਦੇ 7880 ਵਰਗ ਫੁੱਟ ਖੇਤਰ ਵਿੱਚ 36 ਵੱਖ-ਵੱਖ ਕਿਸਮਾਂ ਦੇ 700 ਰੁੱਖਾਂ ਦਾ ਜੰਗਲ ਲਗਾਇਆ ਗਿਆ ਹੈ, ਉੱਥੇ ਹੀ ਹਰੇ ਭਰੇ ਲਾਅਨ ਅਤੇ ਲੈਂਡਸਕੇਪਿੰਗ ਖੇਤਰ ਵੀ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਹਵੇਲੀ, ਸ੍ਰੀ ਆਨੰਦਪੁਰ ਸਾਹਿਬ (ਰੋਪੜ) ਵਿਖੇ ਆਧੁਨਿਕ ਸੁਵਿਧਾਵਾਂ ਤੋਂ ਭਰਪੂਰ ਕੁੱਲ 14 ਕਮਰੇ ਹਨ। ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਕਿਸਾਨ ਭਵਨ ਵਿੱਚ ਬੁਕਿੰਗ ਲਗਾਤਾਰ ਜਾਰੀ ਹੈ। ਜਿੱਥੇ ਅਪ੍ਰੈਲ 'ਚ ਆਮਦਨ 7,08,350 ਰੁਪਏ ਸੀ, ਉੱਥੇ ਦਸੰਬਰ ਮਹੀਨੇ ਤੱਕ ਇਹ ਵਧ ਕੇ 43,02,154 ਰੁਪਏ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2023-24 (ਦਸੰਬਰ ਤੱਕ) ਵਿੱਚ ਮੰਡੀ ਬੋਰਡ ਨੇ ਕਿਸਾਨ ਭਵਨ ਰਾਹੀਂ 2,63,34,730 ਰੁਪਏ ਦੀ ਆਮਦਨ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਕਿਸਾਨ ਭਵਨ ਅਤੇ ਕਿਸਾਨ ਹਵੇਲੀ ਵਿੱਚ ਬੁਕਿੰਗ ਅਤੇ ਹੋਰ ਕਾਰਜਾਂ ਲਈ ਆਪਣਾ ਸਾਫਟਵੇਅਰ ਤਿਆਰ ਕੀਤਾ ਗਿਆ ਹੈ, ਤਾਕਿ ਜਿੱਥੇ ਲੋਕਾਂ ਨੂੰ ਘੱਟੋਂ-ਘੱਟ ਕੀਮਤ ਤੇ ਵੱਧ ਤੋਂ ਵੱਧ ਸਹੂਲਤ ਦਿੱਤੀ ਜਾ ਸਕੇ, ਉੱਥੇ ਹੀ ਮੰਡੀ ਬੋਰਡ ਨੂੰ ਵੀ ਆਰਥਿਕ ਤੌਰ 'ਤੇ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਲੋਕਾਂ ਦੀ ਭਲਾਈ ਲਈ ਹਮੇਸ਼ਾ ਯਤਨਸ਼ੀਲ ਹੈ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਦੀ ਬਿਹਤਰੀ ਵਾਸਤੇ ਕਾਰਜ ਕਰਦੀ ਰਹੇਗੀ। ਇਸ ਮੌਕੇ ਪਰਮਜੀਤ ਸਿੰਘ, ਚੀਫ਼ ਓਪਰੇਟਿੰਗ ਅਫ਼ਸਰ ਸਹਿਤ ਸਮੂਹ ਅਧਿਕਾਰੀ ਮੌਜੂਦ ਰਹੇ।

# ਮੀਰੀ-ਪੀਰੀ ਸਪੋਰਟਸ ਕਲੱਬ ਵੱਲੋਂ ਚਲਾਏ ਜਾ ਰਹੇ ਕੰਮ ਦਾ ਲਿਆ ਜਾਇਜ਼ਾ



**ਮਾਹਿਲਪੁਰ (ਸਫਰੀ)** - ਪੱਦੀ ਸੂਰਾ ਸਿੰਘ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਟ ਸਕੂਲ ਦੀ ਗਰਾਉਂਡ ਅਤੇ ਸਕੂਲ ਵਿੱਚ ਪਿੰਡ ਦੇ ਐਨ ਆਰ ਆਈ ਵੀਰਾਂ ਅਤੇ ਮੀਰੀ ਪੀਰੀ ਸਪੋਰਟਸ ਕਲੱਬ ਵਲੋਂ ਚਲਾਏ ਜਾਂ ਰਹੇ ਕੰਮ ਦਾ ਜਾਇਜ਼ਾ ਲੈਣ ਅਤੇ ਹੋਰ ਸੁਧਾਰ ਕਰਨ ਲਈ ਰਾਮਸਰ ਸਾਹਿਬ ਸਟੇਡੀਅਮ 'ਚ ਵਿਸੇਸ਼ ਤੌਰ 'ਤੇ ਹਰਜਿੰਦਰ ਸਿੰਘ ਜੱਗਾ ਸੈਕਟਰੀ ਪੀ ਐਫ ਏ, ਝਿਰਮਲ ਸਿੰਘ ਰਿਟਾ ਡੀ ਐਸ ਓ,ਹਰਦੀਪ ਸਿੰਘ ਇੰਟਰਨੈਸ਼ਨਲ ਖਿਡਾਰੀ, ਗੁਰਮਿੰਦਰ ਸਿੰਘ ਕੋਚ ਆਰ ਸੀ ਐਫ ਪਹੁੰਚੇ। ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕੇ ਸਕੂਲ ਪ੍ਰਿੰ ਕਿਰਪਾਲ ਸਿੰਘ ਦੀ ਪ੍ਰੇਰਨਾ ਸਦਕਾ ਸਾਡੇ ਐਨ ਆਰ ਆਈ ਭਰਾਵਾਂ ਵਲੋਂ ਅੱਠ ਮਹੀਨੇ ਤੋਂ ਇਹ ਵੱਡਾ ਪ੍ਰਾਜੈਕਟ ਸ਼ੁਰੂ ਕੀਤਾ ਹੋਇਆ ਜਿਸਦਾ ਪਹਿਲਾਂ ਕਰੀਬ 50 ਲੱਖ ਦਾ ਬਜਟ ਸੀ ਜੋ ਅੱਜ ਆਏ ਹੋਏ ਪਤਵੰਤਿਆਂ ਦੇ ਸੁਝਾਅ ਮੁਤਾਬਿਕ ਹੁਣ ਕਰੀਬ 80 ਲੱਖ ਦੇ ਕਰੀਬ ਖਰਚ ਹੋਣ ਦਾ ਅਨੁਮਾਨ ਹੈ। ਇਸ ਮੌਕੇ ਪਰਮਜੀਤ ਸਿੰਘ ਬਾਂਟਾ ਕਨੇਡਾ ਅਤੇ ਰਛਪਾਲ ਸਿੰਘ ਬੈਂਸ ਅਮਰੀਕਾ ਇਸ ਸਾਰੇ ਸਲਾਹ ਮਸ਼ਵਰੇ ਵਿੱਚ ਨਾਲ ਹਾਜਰ ਸਨ। ਸਕੂਲ ਦੇ ਪ੍ਰਿੰਸੀਪਲ ਕ੍ਰਿਪਾਲ ਸਿੰਘ ਨੇ ਸਮਾਜ ਸੇਵੀਆਂ,ਐਨ ਆਰ ਆਈ ਵੀਰਾਂ ਅਤੇ ਸੰਸਥਾ ਦੇ ਆਗੂਆਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਪ੍ਰਿੰ ਸੁਖਇੰਦਰ ਸਿੰਘ ਖਾਲਸਾ ਸਕੂਲ ਬੱਡੋਂ, ਮੇਜਰ ਸਿੰਘ ਸਹੋਤਾ,ਇੰਦਰਜੀਤ ਸਿੰਘ ਗੋਂਦਪੁਰ,ਸਰਪੰਚ ਬਲਜਿੰਦਰ ਕੁਮਾਰ,ਬੱਬੂ ਸੈਲਾ,ਕਰਨੈਲ ਸਿੰਘ ਸੈਲਾ,ਸਰਬਜੀਤ ਸਿੰਘ ਸਹੋਤਾ,ਸੁਖਵਿੰਦਰ ਸਿੰਘ ਗਿੱਲ,ਬਿੰਦਾ ਪੂਨੀਆਂ,ਬਲਕਾਰ ਸਿੰਘ ਬਾਰਾ,ਕੇਵਲ ਸਿੰਘ ਖਾਲਸਾ,ਸੁਖਰਣਦੀਪ ਸਹੋਤਾ,ਗੁਰਦੀਪ ਸਿੰਘ ਸਹੋਤਾ,ਕੋਚ ਸੰਦੀਪ ਮਜਾਰਾ ਡੀਂਗਰੀਆ,ਬਹਾਦਰ ਸਿੰਘ ਪੂਨੀਆਂ,ਰਮਨ ਮੁਗੋਵਾਲ,ਨਰਿੰਦਰ ਸਿੰਘ ਪੀਟੀਆਈ,ਮਾ. ਦਿਨੇਸ਼ ਕੁਮਾਰ ਵੀ ਹਾਜਰ ਸਨ

# ਸਰਕਾਰਾਂ 'ਤੇ ਟੇਕ ਰੱਖਣੀ ਸਹੀ ਨਹੀਂ : ਰਾਣਾ



ਫੋਟੋ : ਸੁਖਜੀਤ ਭਾਟੀਆ

**ਕਾਠਗੜ੍ਹ (ਸੁਭਾਸ਼ ਭਾਟੀਆ)** ਸਾਂਝਾ ਕਿਸਾਨ -ਮਜ਼ਦੂਰ ਮੋਰਚਾ ਵੱਲੋਂ ਸ਼ੁਰੂ ਕੀਤੀ ਗਈਪਿੰਡ ਬਚਾ ਮੁਹਿੰਮ ਤਹਿਤ ਮੀਟਿੰਗ ਪਿੰਡ ਟੌਂਸਾ ਵਿਖੇ ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ । ਆਪਣੇ ਸੰਬੋਧਨ ਵਿੱਚ ਸਾਥੀ ਕਰਨ ਸਿੰਘ ਰਾਣਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਕਹਿਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਕੁੱਝ ਹਫਤੇ ਪਹਿਲਾਂ 41 ਲੱਖ ਨਸ਼ੀਲੀਆਂ ਗੋਲੀਆਂ ਜਿਹੜੀਆਂ ਕਿ ਗੁਜਰਾਤ ਤੋਂ ਪੰਜਾਬ ਆਉਂਦੀਆਂ ਸਨ ਨੂੰ ਪਕੜਿਆ ਗਿਆ ਤੇ ਇਹ ਸਾਰਾ ਕਾਰਾ ਪੰਜਾਬ ਦੀਆਂ ਜੇਲ੍ਹਾਂ ਵਿੱਚ ਬੈਠੇ ਸਮਗਲਰ ਕਰ ਰਹੇ ਹਨ । ਇਸੇ ਤਰ੍ਹਾਂ ਚਿੱਟੇ ਅਤੇ ਹੋਰ ਨਸ਼ਿਆਂ ਦਾ ਕਹਿਰ ਲਗਾਤਾਰ ਵੱਧਦਾ ਜਾ ਰਿਹਾ । ਅਜਿਹੇ ਹਾਲਾਤਾਂ ਨੂੰ ਮੁੱਖ ਰੱਖਦੇ ਹੋਏ ਸਰਕਾਰਾਂ 'ਤੇ ਟੇਕ ਰੱਖਣੀ ਸਹੀ ਨਹੀਂ ਹੋਵੇਗਾ ਬਲਕਿ ਸਾਰੇ ਲੋਕਾਂ ਨੂੰ ਇੱਕਮੁੱਠ ਹੋ ਕੇ ਨਸ਼ੇ ਦੇ ਕਹਿਰ 'ਤੇ ਵੱਡਾ ਹਮਲਾ ਬੋਲਣਾ ਪਵੇਗਾ।ਇਸ ਲਈ ਸਮੂਹ ਲੋਕ ਆਪਣੇ- ਆਪਣੇ ਪਿੰਡਾਂ ਨੂੰ ਬਚਾਉਣ ਲਈ ਯਤਨਸ਼ੀਲ ਹੋਣ, ਜੇ ਪਿੰਡ ਬਚਣਗੇ ਤਾਂ ਹੀ ਪੰਜਾਬ ਬਚੇਗਾ।ਉਹਨਾਂ ਦੱਸਿਆ ਕਿ ਉਹਨਾਂ ਦੀ ਜਥੇਬੰਦੀ ਵੱਲੋਂ ਸਮੁੱਚੇ ਪੰਜਾਬ ਵਿੱਚ ਪਿੰਡ ਬਚਾਓ, ਪੰਜਾਬ ਬਚਾਓ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਜਿਸ ਵਿੱਚ ਲੋਕਾਂ ਵੱਲੋਂ ਵੱਡਾ ਹੁੰਗਾਰਾ ਮਿਲ ਰਿਹਾ ਹੈ ।ਉਹਨਾਂ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਨਸਲਾਂ, ਫਸਲਾਂ ਤੇ ਜਮੀਨਾਂ ਨੂੰ ਬਚਾਉਣ ਲਈ ਅੱਗੇ ਆਉਣ।ਇਸ ਮੌਕੇ ਸਾਥੀ ਮੋਹਨ ਲਾਲ ਵਰਮਾ, ਦੇਵਰਾਜ, ਪ੍ਰਤਾਪ ਰਾਣਾ, ਮਹਿੰਦਰ ਪਾਲ, ਕਰਨੈਲ ਸਿੰਘ, ਰਜਨੀ ਦੇਵੀ, ਬਬੀਤਾ ਰਾਣੀ, ਅਤੇ ਕੁਕਾ ਵਰਮਾ ਆਦਿ ਹਾਜ਼ਰ ਸਨ।

# ਬੁੱਢੀਪਿੰਡ ਵਿਖੇ ਖਾਲਸਾਈ ਸ਼ਾਨ ਨਾਲ ਸਜਾਇਆ ਨਗਰ ਕੀਰਤਨ



**ਅੱਡਾ ਸਰਾਂ (ਕਾਜਲ)**- ਸਾਹਿਬੇ -ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧ ਵਿਚ ਪਿੰਡ ਬੁੱਢੀਪਿੰਡ ਦੀਆਂ ਸੰਗਤਾਂ ਵੱਲੋਂ ਖਾਲਸਾਈ ਸ਼ਾਨ ਦੇ ਨਗਰ ਕੀਰਤਨ ਸਜਾਇਆ, ਜੋ ਗੁਰਦੁਆਰਾ ਸਾਹਿਬ ਤੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਵਿਚ ਸ਼ੁਰੂ ਹੋਇਆ।

ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਵਿਚ ਸਜਾਏ ਗਏ ਇਸ ਨਗਰ ਕੀਰਤਨ ਦੌਰਾਨ ਕੜਾਕੇ ਦੀ ਠੰਡ ਦੇ ਬਾਵਜੂਦ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਲੁਆਈ। ਗੁਰੂ ਘਰ ਦੇ ਗ੍ਰੰਥੀ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸ਼ੁਰੂ ਹੋਏ ਨਗਰ ਕੀਰਤਨ ਦਾ ਵੱਖ ਵੱਖ ਥਾਂਵਾਂ 'ਤੇ ਸੰਗਤਾਂ ਨੇ ਸਵਾਗਤ ਕੀਤਾ। ਇਸ ਦੌਰਾਨ ਢਾਡੀ ਸੁਖਵੀਰ ਸਿੰਘ ਚੌਹਾਨ,ਗ੍ਰੰਥੀ ਸਿੰਘ ਕਮਲਪ੍ਰੀਤ ਸਿੰਘ ਅਤੇ ਬੀਬੀ ਜਸਵਿੰਦਰ ਕੌਰ ਅਤੇ ਸੰਗਤ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਢਾਡੀ ਸੁਖਵੀਰ ਸਿੰਘ ਨੇ ਗੁਰ ਇਤਿਹਾਸ ਨਾਲ ਜੋੜਦੇ ਹੋਏ ਆਖਿਆ ਕਿ ਸਰਬੰਸ ਦਾਨੀ ਬਾਦਸ਼ਾਹ ਦਰਵੇਸ਼ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂਰਾਨੀ, ਅਗੰਮੀ, ਅਦੁੱਤੀ ਅਤੇ ਅਜੀਮ ਸ਼ਖਸੀਅਤ ਦੁਨੀਆਂ ਦੇ ਇਤਿਹਾਸ ਵਿਚ ਸਭ ਤੋਂ ਨਿਰਾਲੀ ਤੇ ਲਾਸਾਨੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬਰ, ਸਹਿਜ, ਸਿਦਕ, ਦ੍ਰਿੜਤਾ, ਸਾਹਸ ਅਤੇ ਚੜ੍ਹਦੀ ਕਲਾ ਦੇ ਅਨੂਠੇ ਮੁਜੱਸਮੇ ਸਨ। ਨਗਰ ਦੀ ਪਰਿਕਰਮਾ ਤੋਂ ਬਾਅਦ ਦੇਰ ਸ਼ਾਮ ਪਿੰਡ ਪਹੁੰਚ ਕੇ ਨਗਰ ਕੀਰਤਨ ਸੰਪੰਨ ਹੋਇਆ।

## ਵਰ੍ਹੇਗੰਢ ਮੁਬਾਰਕ



ਗੁਰਮੀਤ ਸਿੰਘ ਤੇ ਰਣਜੀਤ ਕੌਰ ਵਾਸੀ ਪਿੰਡ ਕਰ੍ਹਾ (ਲੋਹੀਆਂ ਖਾਸ) ਨੇ ਆਪਣੇ ਵਿਆਹ ਦੀ 12ਵੀਂ ਵਰ੍ਹੇਗੰਢ ਮਨਾਈ



ਗੁਲਸ਼ਨ ਬੱਤਰਾ ਤੇ ਸੁਨੀਤਾ ਬੱਤਰਾ ਵਾਸੀ ਫਗਵਾੜਾ ਨੂੰ ਵਿਆਹ ਦੀ 25ਵੀਂ ਵਰ੍ਹੇਗੰਢ (ਸਿਲਵਰ ਜੁਬਲੀ) ਦੀਆਂ ਮੁਬਾਰਕਾਂ

## 67ਵੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ

# ਤੀਸਰੇ ਦਿਨ ਵੀ ਰਹੀ ਪੰਜਾਬ ਦੀ ਝੰਡੀ





**ਜਲੰਧਰ (ਸ਼ੈਲੀ ਐਲਬਰਟ, ਕੇਸਰ)**- 67ਵੀਆਂ ਨੈਸ਼ਨਲ ਸਕੂਲ ਖੇਡਾਂ (ਅੰਡਰ-19) ਦੇ ਤੀਸਰੇ ਦਿਨਡਾ: ਕੁਲਤਰਨਜੀਤ ਸਿੰਘ ,ਜਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅਤੇ ਸਟੇਟ ਅਵਾਰਡੀ ਰਾਜੀਵ ਜੋਸ਼ੀ ਉੱਪ ਜਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਮੈਦਾਨਾਂ ਵਿੱਚ ਕੁੱਲ 16 ਮੈਚ ਹੋਏ। ਉਹਨਾਂ ਵੱਲੋਂ ਮੈਦਾਨਾਂ ਵਿੱਚ ਜਾ ਕੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਗਈ ਅਤੇ ਖਿਡਾਰੀਆਂ ਨੂੰ ਬਿਹਤਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਤੋਂ ਪਹਿਲਾਂ ਉਨ੍ਹਾਂ, ਰਾਜੀਵ ਜੋਸ਼ੀ ( ਉੱਪ ਜਿਲ੍ਹਾ ਸਿੱਖਿਆ ਅਫ਼ਸਰ), ਮਨੀਸ਼ ਸ਼ਰਮਾ ( ਉੱਪ ਜਿਲ੍ਹਾ ਸਿੱਖਿਆ ਅਫ਼ਸਰ, ਐਲੀਮੈਂਟਰੀ) ਅਤੇ ਇਕਬਾਲ ਸਿੰਘ ਰੰਧਾਵਾ ਡੀ.ਐਮ ਸਪੋਰਟਸ ਦੇ ਨਾਲ ਵਿੱਦਿਆਰਥੀਆਂ ਦੀ ਰਿਹਾਇਸ਼, ਸਕੂਲਾਂ ਅਤੇ ਮੈੱਸ ਦੇ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਗਿਆ ਲੜਕੀਆਂ ਦੇ ਮੁਕਾਬਲਿਆਂ ਵਿੱਚ ਪੰਜਾਬ ਨੇ ਤਮਿਲਨਾਡੂ ਨੂੰ 4-0, ਝਾਰਖੰਡ ਨੇ ਸੀ.ਬੀ.ਐਸ.ਈ.ਡਬਲਿਊ.ਐਸ.ਓ ਨੂੰ 18-0, ਮਹਾਰਾਸ਼ਟਰ ਨੇ ਦਿੱਲੀ ਨੂੰ 2-1, ਛੱਤੀਸਗੜ੍ਹ ਨੇ ਵਿੱਦਿਆ ਭਾਰਤੀ ਨੂੰ 10-0, ਹਰਿਆਣਾ ਨੇ ਗੁਜਰਾਤ ਨੂੰ 4-0 ਨਾਲ ਹਰਾਇਆ। ਕੇਰਲ ਤੇ ਜੰਮੂ-ਕਸ਼ਮੀਰ ਦਾ ਮੁਕਾਬਲਾ 0-0 ਅਤੇ ਮੱਧ-ਪ੍ਰਦੇਸ਼ ਤੇ ਹਿਮਾਚਲ ਦੇ ਮੁਕਾਬਲਾ 2-2 ਨਾਲ ਬਰਾਬਰੀ 'ਤੇ ਰਿਹਾ। ਲੜਕਿਆਂ ਦੇ ਲੀਗ ਮੁਕਾਬਲਿਆਂ ਵਿੱਚ ਪੰਜਾਬ ਨੇ ਉੱਤਰ ਪ੍ਰਦੇਸ਼ ਨੂੰ 2-0, ਵਿੱਦਿਆ ਭਾਰਤੀ ਨੇ ਸੀ.ਬੀ.ਐਸ.ਈ.ਡਬਲਊ.ਓ ਨੂੰ 3-1, ਮੱਧ-ਪ੍ਰਦੇਸ਼ ਨੇ ਚੰਡੀਗੜ੍ਹ ਨੂੰ 8-0, ਓਡੀਸ਼ਾ ਨੇ ਜੰਮੂ-ਕਸ਼ਮੀਰ ਨੂੰ 5-0, ਪੱਛਮੀ ਬੰਗਾਲ ਨੇ ਤ੍ਰਿਪੁਰਾ ਨੂੰ 8-0 ਅਤੇ ਕੇਰਲ ਨੇ ਮਹਾਰਾਸ਼ਟਰ ਨੂੰ 1-0 ਨਾਲ ਹਰਾਇਆ। ਦਿੱਲੀ ਤੇ ਹਿਮਾਚਲ ਪ੍ਰਦੇਸ਼ ਦਾ ਮੁਕਾਬਲਾ 2-2, ਆਂਧਰਾਪ੍ਰਦੇਸ਼ ਤੇ ਬਿਹਾਰ ਦਾ ਮੁਕਾਬਲਾ 1-1 ਅਤੇ ਕਰਨਾਟਕਾ ਤੇ ਉੱਤਰਾਖੰਡ ਦਾ ਮੁਕਾਬਲਾ 1-1 ਨਾਲ ਬਰਾਬਰੀ 'ਤੇ ਰਿਹਾ। ਇਸ ਮੌਕੇ ਸੁਰਜੀਤ ਹਾਕੀ ਸਟੇਡੀਅਮ ਦੇ ਕਨਵੀਨਰ ਪ੍ਰਿੰਸੀਪਲ ਰਜਿੰਦਰ ਪਾਲ ਸਿੰਘ ਭਾਟੀਆ, ਕੋ-ਕਨਵੀਨਰ ਹਰਿੰਦਰ ਸਿੰਘ ਸੰਘਾ, ਪੀ.ਏ.ਪੀ ਗਰਾਊਂਡ ਦੇ ਕਨਵੀਨਰ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ, ਕੋ-ਕਨਵੀਨਰ ਕੁਲਜਿੰਦਰ ਸਿੰਘ ਮੱਲੀ , ਬੀ.ਐਸ.ਐਫ ਹਾਕੀ ਗਰਾਊਂਡ ਦੇ ਕਨਵੀਨਰ ਪ੍ਰਿੰਸੀਪਲ ਚੰਦਰ ਸ਼ੇਖਰ , ਕੋ-ਕਨਵੀਨਰ ਮਨਪ੍ਰੀਤ ਸਿੰਘ ਅਤੇ ਲਾਇਲਪੁਰ ਖਾਲਸਾ ਕਾਲਜ ਦੇ ਕਨਵੀਨਰ ਪ੍ਰਿੰਸੀਪਲ ਤਜਿੰਦਰ ਸਿੰਘ ਅਤੇ ਕੋ-ਕਨਵੀਨਰ ਲਸ਼ਕਰੀ ਰਾਮ ਮੌਜੂਦ ਸਨ।

# ਦਿਹਾਣਾ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ ਸਜਾਏ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਵਿਖੇ ਗੁਰਦੁਆਰਾ ਸ਼੍ਰੀ ਸਿੰਘ ਸਭਾ ਸਹਿਬ ਜੀ ਦੇ ਅਸਥਾਨ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤ ਦੇ ਦਾਤੇ, ਕਲਗੀਧਰ ਦਸਮੇਸ਼ ਪਿਤਾ, ਸਰਬੰਸ ਦਾਨੀ ਪਾਤਸ਼ਾਹੀ ਦੱਸਵੀਂ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਕ੍ਰਿਪਾਲ ਸਿੰਘ ਨੇ ਦੱਸਿਆ ਕਿ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਹ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਪੰਜ ਪਿਆਰੇ, ਪੰਜ ਨਿਸ਼ਾਨਚੀ, ਨਗਾਰਾ, ਫੌਜੀ ਬੈਂਡ, ਸਕੂਲੀ ਵਿਦਿਆਰਥੀ, ਗਤਕਾ ਪਾਰਟੀ, ਸ਼ਬਦ ਕੀਰਤਨੀਏ ਜਥੇ ਪਾਲਕੀ ਸਾਹਿਬ ਜੀ ਨਾਲ ਨਾਲ ਚੱਲ ਰਹੇ ਸਨ।ਨਗਰ ਕੀਰਤਨ ਦੀ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਵੱਖ ਵੱਖ ਪੜਾਵਾਂ ਤੋਂ ਹੁੰਦੇ ਹੋਇਆ ਸ਼ਾਮ ਨੂੰ ਸਮਾਪਤੀ ਹੋਈ।ਵੱਖ ਵੱਖ ਮੁਹੱਲਿਆਂ ਵਿਚ ਸਵਾਗਤੀ ਗੇਟ ਲਗਾ ਕੇ, ਸੰਗਤਾਂ ਦੀ ਫੁੱਲਾਂ ਦੀ ਵਰਖਾ ਕਰਦੇ ਸ਼ਾਨਦਾਰ ਸਵਾਗਤ ਕੀਤਾ ਅਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ।ਭਾਈ ਕ੍ਰਿਪਾਲ ਸਿੰਘ ਹੈੱਡ ਗ੍ਰੰਥੀ, ਭਾਈ ਪਰਮਜੀਤ ਸਿੰਘ ਬੰਗਾ ਇੰਟਰਨੈਸ਼ਨਲ ਢਾਡੀ ਜੱਥਾ, ਪ੍ਰਭਾਤ ਫੇਰੀ ਜਥੇ ਗੁਰਬਾਣੀ, ਗੁਰਇਤਿਹਾਸ, ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ।07 ਜਨਵਰੀ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਜਸਪ੍ਰੀਤ ਸਿੰਘ ਨਾਨਕਸਰ ਵਾਲੇ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ।ਨਗਰ ਕੀਰਤਨ ਦੌਰਾਨ ਪਰਮਦੀਪ ਸਿੰਘ ਪੰਮਾ ਪੰਚ, ਜ਼ੋਰਾਵਰ ਸਿੰਘ, ਜਸਵਿੰਦਰ ਸਿੰਘ, ਬਰਿੰਦਰ ਸਿੰਘ ਜਸਵਾਲ ਦਿਹਾਣਾ, ਦਿਲਪ੍ਰੀਤ ਸਿੰਘ, ਅਕਾਸ਼ਦੀਪ ਸਿੰਘ, ਹਰਮਨ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ, ਮਨਪ੍ਰੀਤ ਸਿੰਘ, ਗੁਰਦੀਪ ਸਿੰਘ, ਲਵਨੀਲ ਸਿੰਘ, ਜਸਵੀਰ ਸਿੰਘ ਸ਼ਿੰਦਾ, ਪਰਮਜੀਤ ਸਿੰਘ ਸੈਣੀ, ਕਰਨੈਲ ਸਿੰਘ, ਚਰਨਜੀਤ ਸਿੰਘ, ਸੁੱਚਾ ਸਿੰਘ, ਹਰਬੰਸ ਸਿੰਘ ਜਸਵਿੰਦਰ ਸਿੰਘ ਲੱਕੀ, ਹਰਜੀਤ ਸਿੰਘ, ਗੁਰਵਿੰਦਰ ਸਿੰਘ ਬਾਵਾ, ਜਗਦੀਸ਼ ਸਿੰਘ ਸੋਨਾ ਆਦਿ ਹਾਜ਼ਰ ਸਨ।

## ਰਾਜਾ ਨੇ ਟਾਂਡਾ ਬਾਸਕਿਟਬਾਲ ਕਲੱਬ ਦੀ ਚੈਂਪੀਅਨ ਟੀਮ ਨੂੰ ਕੀਤਾ ਸਨਮਾਨਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ , ਉਂਕਾਰ ਸਿੰਘ)**-ਹੁਸ਼ਿਆਰਪੁਰ ਵਿਖੇ ਆਯੋਜਿਤ ਆਲ ਇੰਡੀਆ ਇਨਵੀਟੇਸ਼ਨ ਬਾਸਕਿਟਬਾਲ ਟੂਰਨਾਮੈਂਟ ਤੇ ਰਹੀ ਅੰਡਰ 18 ਜ਼ਿਲਾ ਪੱਧਰੀ ਬਾਸਕਿਟਬਾਲ ਚੈਂਪੀਅਨਸ਼ਿਪ ਵਿੱਚ ਜੇਤੂ ਰਹੀ ਟਾਂਡਾ ਬਾਸਕਿਟਬਾਲ ਦੇ ਚੈਂਪੀਅਨ ਖਿਡਾਰੀਆਂ ਨੂੰ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਆਪਣੇ ਗ੍ਰਹਿ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਕਲੱਬ ਦੇ ਸੀਨੀਅਰ ਮੈਂਬਰ ਸੁਖਬੀਰ ਸਿੰਘ ਨੇ ਦੱਸਿਆ ਕਿ ਟਾਂਡਾ ਬਾਸਕਿਟਬਾਲ ਕਲੱਬ ਦੇ ਪ੍ਰਧਾਨ ਪ੍ਰਵਾਸੀ ਭਾਰਤੀ ਭਗਤ ਸਿੰਘ ਯੂ.ਐਸ.ਏ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਕੋਚ ਬ੍ਰਿਜ ਸ਼ਰਮਾ ਦੀ ਅਗਵਾਈ ਵਿੱਚ ਭਾਗ ਲੈਣ ਵਾਲੀ ਟੀਮ ਨੇ ਆਲ ਇੰਡੀਆ ਬਾਸਕਿਟਬਾਲ ਚੈਂਪੀਅਨਸ਼ਿਪ ਅਤੇ ਅੰਡਰ 18 ਜ਼ਿਲ੍ਹਾ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਹਾਸਲ ਕਰਦਿਆਂ ਜੇਤੂ ਟਰਾਫੀਆਂ 'ਤੇ ਕਬਜ਼ਾ ਕੀਤਾ। ਵਿਧਾਇਕ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਟਾਂਡਾ ਬਾਸਕਿਟਬਾਲ ਕਲੱਬ ਦੀ ਸ਼ਾਨਦਾਰ ਉਪਲਬਧੀ ਟਾਂਡਾ ਨਿਵਾਸੀਆਂ ਲਈ ਮਾਣ ਵਾਲੀ ਗੱਲ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਸਰਕਾਰ ਦੇ ਖੇਡ ਵਿਭਾਗ ਵੱਲੋਂ ਖੇਡ ਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਹਰ ਸੰਭਵ ਉਪਰਾਲੇ ਕੀਤੇ ਗਏ ਹਨ, ਜਿਸ ਦੀ ਮਿਸਾਲ ਪਿਛਲੇ ਸਮੇਂ ਵਿੱਚ ਹੋਈਆਂ ਖੇਡਾਂ ਵਤਨ ਪੰਜਾਬ ਦੀਆਂ ਤੋਂ ਮਿਲਦੀ ਹੈ। ਕੋਚ ਬ੍ਰਿਜ ਮੋਹਨ ਸ਼ਰਮਾ ਨੇ ਵਿਧਾਇਕ ਰਾਜਾ ਤੇ ਹੋਰਨਾਂ ਸ਼ਖਸ਼ੀਅਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਆਲ ਇੰਡੀਆ ਚੈਂਪੀਅਨਸ਼ਿਪ ਵਿੱਚ ਜੀਵਨਜੋਤ ਅਤੇ ਅੰਡਰ 18 ਚੈਂਪੀਅਨਸ਼ਿਪ ਵਿੱਚ ਅਰੁਣ ਵੀਰ ਨੇ ਬੈਸਟ ਪਲੇਅਰ ਵਜੋਂ ਚੁਣੇ ਗਏ।ਇਹ ਸਮੁੱਚਾ ਉਪਰਾਲਾ ਪ੍ਰਧਾਨ ਭਗਤ ਸਿੰਘ ਯੂ.ਐਸ.ਏ ਦੀ ਵਿਸ਼ੇਸ਼ ਪ੍ਰੇਰਨਾ ਅਤੇ ਨੰਬਰਦਾਰ ਜਗਜੀਵਨ ਜੱਗੀ , ਯੂਥ ਆਗੂ ਪ੍ਰੇਮ ਪਡਵਾਲ ,ਸੁਖਬੀਰ ਸਿੰਘ, ਮਨਪ੍ਰੀਤ ਸਿੰਘ ਤੇ ਹੋਰਨਾਂ ਵੱਲੋਂ ਦਿੱਤੇ ਜਾ ਰਹੇ ਵਿਸ਼ੇਸ਼ ਸਹਿਯੋਗ ਸਦਕਾ ਹੀ ਸੰਭਵ ਹੋ ਰਿਹਾ ਹੈ ।ਇਸ ਮੌਕੇ ਸੁਖਬੀਰ ਸਿੰਘ, ਹਰਜਾਪ ਸਿੰਘ, ਜਸਕੀਰਤ ਸਿੰਘ, ਕੀਰਤ ਸਿੰਘ, ਹਰਸ਼ ਜੀਵਨ, ਜੋਤ ਸਿੰਘ ,ਰਾਹੁਲ, ਬਲਜੀਤ ਜਸਵਿੰਦਰ ਸਿੰਘ ਵੀ ਹਾਜ਼ਰ ਸਨ।

# ਬੱਛੋਵਾਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਫਿਲੌਰ ( ਨਿਰਮਲ)** ਪਿੰਡ ਬੱਛੋਵਾਲ ਵਿੱਖੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ, ਐਨ ਆਰ ਆਈ ਵੀਰਾਂ ਅਤੇ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਜਿਸ ਦੌਰਾਨ ਢਾਡੀ ਜੱਥਿਆਂ ਅਤੇ ਪਿੰਡ ਬੱਛੋਵਾਲ ਦੀਆਂ ਬੀਬੀਆਂ ਨੇ ਗੁਰਬਾਣੀ ਨਾਲ ਜੋੜਿਆਂ ਤੇ ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਸ੍ਰੀ ਆਖੰਡ ਸਾਹਿਬ ਜੀ ਦੇ ਭੋਗ ਉਪਰੰਤ ਢਾਡੀ ਤੇ ਕਰੀਤਨੀ ਜੱਥੇ ਨੇ ਰਸਭਿੰਨੀ ਗੁਰਬਾਣੀ ਨਾਲ ਨਿਹਾਲ ਕੀਤਾ । ਇਸ ਮੌਕੇ ਵਿਸ਼ੇਸ਼ ਸ਼ਖਸੀਅਤਾਂ ਤੇ ਦਾਨੀ ਸੱਜਣਾਂ ਦਾ ਸਿਰੋਪਾਉ ਪਾ ਕੇ ਸਨਮਾਨ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੁ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਸੁਰਿੰਦਰਪਾਲ ਸਿੰਘ ਢੇਸੀ ਪ੍ਰਧਾਨ, ਬਾਬਾ ਜਗਜੀਤ ਸਿੰਘ ਬੇਗਮਪੁਰ, ਹਰਜੀਤ ਸਿੰਘ ਢੇਸੀ ਜ਼ਿਲ੍ਹਾ ਪ੍ਰਧਾਨ ਬੀ ਕੇ ਯੂ ਦੋਆਬਾ, ਸਤਪਿੰਦਰ ਸਿੰਘ ਲੰਬੜਦਾਰ, ਬਾਬਾ ਸਰੂਪ ਸਿੰਘ ਬੱਛੋਵਾਲ, ਮਹਿੰਦਰ ਸਿੰਘ ਢੇਸੀ, ਸਤਵਿੰਦਰ ਸਿੰਘ ਦੁਸਾਂਝ, ਹਰਬੰਸ ਸਿੰਘ, ਦਲਜੀਤ ਸਿੰਘ ਬੱਛੋਵਾਲ,ਮਲਕੀਤ ਸਿੰਘ,ਲਾਭ ਸਿੰਘ, ਤਰਨਦੀਪ ਸਿੰਘ, ਪ੍ਰਭਜੋਤ ਸਿੰਘ ਢੇਸੀ, ਰਮਨਦੀਪ ਸਿੰਘ ਹਾਜ਼ਰ ਸਨ।



# ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਗਣਤੰਤਰ ਪਰੇਡ ਦਾ ਨਿਰੀਖਣ



**ਬਹਿਰਾਮ (ਅਵਤਾਰ ਕਲੇਰ)** ਗਣਤੰਤਰ ਦਿਵਸ ਦੀ ਤਿਆਰੀਆਂ ਦੇ ਮੱਦੇਨਜ਼ਰ ਜ਼ਿਲ੍ਹਾ ਸਿੱਖਿਆ ਅਫਸਰ ਸ਼ਹੀਦ ਭਗਤ ਸਿੰਘ ਨਗਰ ਜਰਨੈਲ ਸਿੰਘ ਵੱਲੋਂ ਦੋਆਬਾ ਸਿੱਖ ਨੈਸ਼ਨਲ ਸਕੂਲ ਨਵਾਂਸ਼ਹਿਰ ਵਿਖੇ ਕਰਵਾਈ ਜਾ ਰਹੀ ਪਰੇਡ ਦਾ ਅਚਨਚੇਤ ਨਿਰੀਖਣ ਕੀਤਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਨੇ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਬੇਸ਼ੱਕ ਪੰਜਾਬ ਸਰਕਾਰ ਵੱਲੋਂ ਦਸਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਛੁੱਟੀਆਂ ਕਰ ਦਿੱਤੀਆਂ ਗਈਆਂ ਹਨ ਪਰੰਤੂ ਫਿਰ ਵੀ ਸਾਡੇ ਅਧਿਆਪਕ ਇਹਨਾਂ ਛੁੱਟੀਆਂ ਦੌਰਾਨ ਵੀ ਗਣਤੰਤਰ ਦਿਵਸ ਦੀ ਪਰੇਡ ਨੂੰ ਮੁੱਖ ਰੱਖਦਿਆਂ ਹੋਇਆਂ ਆਪਣਾ ਸਮਾਂ ਲਗਾ ਕੇ ਗਿਆਰ੍ਹਵੀਂ ਤੇ ਬਾਰ੍ਹਵੀਂ ਜਮਾਤ ਦੇ ਬੱਚਿਆਂ ਨੂੰ ਪਰੇਡ ਲਈ ਤਿਆਰ ਕਰ ਰਹੇ ਹਨ ਜੋ ਕਿ ਵਧਾਈ ਦੇ ਪਾਤਰ ਹਨ।ਉਹਨਾਂ ਕਿਹਾ ਕਿ ਜ਼ਿਲ੍ਹਾ ਕੋਆਰਡੀਨੇਟਰ ਸਪੋਰਟਸ ਮੈਡਮ ਦਵਿੰਦਰ ਕੌਰ ਦੀ ਅਗਵਾਈ 'ਚ ਇਹ ਪਰੇਡ ਤਿਆਰ ਕਰਵਾਈ ਜਾ ਰਹੀ ਹੈ ਜੋ ਗਣਤੰਤਰ ਦਿਵਸ ਦਾ ਹਿੱਸਾ ਬਣੇਗੀ।ਇਸ ਮੌਕੇ ਜਰਨੈਲ ਸਿੰਘ ਜ਼ਿਲ੍ਹਾ ਸਿੱਖਿਆ ਅਫ਼ਸਰ, ਮੈਡਮ ਦਵਿੰਦਰ ਕੌਰ ਜ਼ਿਲ੍ਹਾ ਕੋਆਰਡੀਨੇਟਰ ਸਪੋਰਟਸ, ਪ੍ਰਿੰਸੀਪਲ ਪਰਵਿੰਦਰ ਸਿੰਘ, ਰਮੇਸ਼ ਕੁਮਾਰ ਪੀ ਟੀ ਆਈ, ਦੇਸ ਰਾਜ ਪੀ ਟੀ ਆਈ, ਮਹਿੰਦਰ ਪਾਲ ਸਿੰਘ, ਰਜਿੰਦਰ ਕੁਮਾਰ ਪੀ ਟੀ ਆਈ ਅਤੇ ਸਮੂਹ ਸਟਾਫ ਹਾਜ਼ਰ ਸੀ।